ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995824531/

You Tube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 16 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੩ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਸ੍ਰੀ ਫਤਿਹਗੜ੍ਹ ਸਾਹਿਬ ’ਚ ਸ਼ਰਧਾਲੂਆਂ ਨਾਲ ਭਰੀ ਬੱਸ ਪਲਟੀ

# 8 ਦੀ ਮੌਤ, ਕਈ ਗੰਭੀਰ ਜ਼ਖਮੀ

**ਸ੍ਰੀ ਫ਼ਤਹਿਗੜ੍ਹ ਸਾਹਿਬ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬੀਤੀ ਰਾਤ ਵਿਸਾਖੀ ਮੇਲੇ ਤੋਂ ਵਾਪਸ ਆ ਰਹੇ ਸ਼ਰਧਾਲੂਆਂ ਨੂੰ ਲੈ ਕੇ ਜਾ ਰਹੀ ਇੱਕ ਬੱਸ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਦੇ ਪਿੰਡ ਮੇਨ ਮਾਜਰੀ ਨੇੜੇ ਇੱਕ ਗੰਭੀਰ ਹਾਦਸੇ ਦਾ ਸ਼ਿਕਾਰ ਹੋ ਗਈ। ਹਾਦਸਾ ਇੰਨ੍ਹਾਂ ਜਿਆਦਾ ਭਿਆਨਕ ਸੀ ਕਿ ਇਸ ਹਾਦਸੇ ’ਚ 8 ਲੋਕਾਂ ਦੀ ਮੌਤ ਹੋ ਗਈ।



ਮਿਲੀ ਜਾਣਕਾਰੀ ਮੁਤਾਬਿਕ ਸ਼ਰਧਾਲੂ ਸ੍ਰੀ ਆਨੰਦਪੁਰ ਸਾਹਿਬ ਵਿਖੇ ਮੱਥਾ ਟੇਕਣ ਤੋਂ ਬਾਅਦ ਵਾਪਸ ਜਾ ਰਹੇ ਸੀ ਜਦੋਂ ਚੁੰਨੀ-ਮੋਰਿੰਡਾ ਸੜਕ ’ਤੇ ਮੇਨ ਮਾਜਰੀ ਨੇੜੇ ਬੱਸ ਪਲਟ ਗਈ। ਦੱਸ ਦਈਏ ਕਿ ਹਾਦਸੇ ਸਮੇਂ ਬੱਸ ਵਿੱਚ ਲਗਭਗ 35 ਤੋਂ 40 ਯਾਤਰੀ ਸਵਾਰ ਸਨ। ਜ਼ਖਮੀਆਂ ਵਿੱਚੋਂ ਜ਼ਿਆਦਾਤਰ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਘਟਨਾ ਤੋਂ ਤੁਰੰਤ ਬਾਅਦ ਸਥਾਨਕ ਨਿਵਾਸੀ ਮੌਕੇ ’ਤੇ ਪਹੁੰਚੇ ਅਤੇ ਯਾਤਰੀਆਂ ਨੂੰ ਬਚਾਉਣ ਵਿੱਚ ਮਦਦ ਕੀਤੀ। ਜ਼ਖਮੀਆਂ ਨੂੰ ਇਲਾਜ ਲਈ ਨੇੜਲੇ ਹਸਪਤਾਲਾਂ ਵਿੱਚ ਭੇਜ ਦਿੱਤਾ ਗਿਆ। ਗੰਭੀਰ ਸੱਟਾਂ ਵਾਲੇ ਲੋਕਾਂ ਨੂੰ ਉੱਨਤ ਡਾਕਟਰੀ ਦੇਖਭਾਲ ਲਈ ਪੀਜੀਆਈ ਚੰਡੀਗੜ੍ਹ ਰੈਫਰ ਕਰ ਦਿੱਤਾ ਗਿਆ ਹੈ। ਅਧਿਕਾਰੀ ਮੌਕੇ ’ਤੇ ਪਹੁੰਚ ਗਏ ਹਨ ਅਤੇ ਹਾਦਸੇ ਦੇ ਕਾਰਨਾਂ ਦੀ ਹੋਰ ਜਾਂਚ ਕੀਤੀ ਜਾ ਰਹੀ ਹੈ। ਦੂਜੇ ਪਾਸੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਬੀਤੀ ਰਾਤ ਸ੍ਰੀ ਫ਼ਤਿਹਗੜ੍ਹ ਸਾਹਿਬ ਦੇ ਬੱਸੀ ਪਠਾਣਾ ਇਲਾਕੇ ਵਿੱਚ ਸ੍ਰੀ ਅਨੰਦਪੁਰ ਸਾਹਿਬ ਤੋਂ ਖ਼ਾਲਸਾ ਸਾਜਨਾ ਦਿਵਸ ਵਿਸਾਖੀ ਮੌਕੇ ਨਤਮਸਤਕ ਹੋ ਕੇ ਵਾਪਸ ਪਰਤ ਰਹੀ ਸੰਗਤ ਦੀ ਬੱਸ ਪਲਟਣ ਕਾਰਨ ਚਲਾਣਾ ਕਰ ਗਏ ਅਤੇ ਜ਼ਖਮੀ ਹੋਏ ਸ਼ਰਧਾਲੂਆਂ ਲਈ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਚਲਾਣਾ ਕਰ ਗਏ ਸ਼ਰਧਾਲੂਆਂ ਲਈ ਅਰਦਾਸ ਕੀਤੀ ਕਿ ਅਕਾਲ ਪੁਰਖ ਉਨ੍ਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਅਤੇ ਪਿੱਛੇ ਪਰਿਵਾਰਾਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ। ਉਨ੍ਹਾਂ ਜ਼ਖਮੀ ਹੋਏ ਸ਼ਰਧਾਲੂਆਂ ਦੀ ਸਿਹਤਯਾਬੀ ਲਈ ਵੀ ਅਰਦਾਸ ਕੀਤੀ। ਸਿਨੇਮਾ ਟ੍ਰੇਲਰ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਹਾਦਸੇ ਵਿੱਚ ਪੀੜਤ ਪਰਿਵਾਰਾਂ ਤੱਕ ਪਹੁੰਚ ਕਰਕੇ ਸੰਭਵ ਮਦਦ ਪਹੁੰਚਾਉਣ ਲਈ ਆਖਿਆ।




## ਬਿਹਾਰ ’ਚ ਸਮਰਾਟ ਚੌਧਰੀ ਨੇ ਮੁੱਖ ਮੰਤਰੀ ਅਹੁਦੇ ਦਾ ਲਿਆ ਹਲਫ਼



**ਪਟਨਾ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬਿਹਾਰ ਵਿੱਚ ਅੱਜ ਤੋਂ ‘ਸਮਰਾਟ ਯੁੱਗ’ ਸ਼ੁਰੂ ਹੋ ਗਿਆ ਹੈ। ਸੂਬੇ ਵਿੱਚ ਲਗਭਗ 20 ਸਾਲਾਂ ਬਾਅਦ ਸੱਤਾ ਤਬਦੀਲੀ ਹੋਈ ਹੈ। ਭਾਰਤੀ ਜਨਤਾ ਪਾਰਟੀ ਦੇ ਮਜ਼ਬੂਤ ਨੇਤਾ ਸਮਰਾਟ ਚੌਧਰੀ ਸੂਬੇ ਦੇ ਨਵੇਂ ਮੁੱਖ ਮੰਤਰੀ ਬਣ ਗਏ ਹਨ। ਦੱਸ ਦਈਏ ਕਿ ਸਮਰਾਟ ਚੌਧਰੀ ਨੇ ਅੱਜ ਮੁੱਖ ਮੰਤਰੀ ਦੇ ਅਹੁਦੇ ਲਈ ਹਲਫ਼ ਲਿਆ ਹੈ। ਦੱਸ ਦਈਏ ਕਿ ਮੰਗਲਵਾਰ ਨੂੰ ਭਾਜਪਾ ਵਿਧਾਇਕ ਦਲ ਦੀ ਮੀਟਿੰਗ ਵਿੱਚ ਸਰਬਸੰਮਤੀ ਨਾਲ ਨੇਤਾ ਚੁਣੇ ਜਾਣ ਤੋਂ ਬਾਅਦ, ਸਮਰਾਟ ਚੌਧਰੀ ਨੇ ਸਰਕਾਰ ਬਣਾਉਣ ਦਾ ਦਾਅਵਾ ਪੇਸ਼ ਕੀਤਾ ਸੀ। ਫਿਲਹਾਲ, ਸਹੁੰ ਚੁੱਕ ਸਮਾਗਮ ਨੂੰ ਸੰਖੇਪ ਰੱਖਿਆ ਗਿਆ ਸੀ। ਮੁੱਖ ਮੰਤਰੀ ਦੇ ਨਾਲ, ਸਿਰਫ਼ ਦੋ ਸੀਨੀਅਰ ਆਗੂਆਂ ਨੂੰ ਕੈਬਨਿਟ ਵਿੱਚ ਜਗ੍ਹਾ ਦਿੱਤੀ ਗਈ ਸੀ। ਜੇਡੀਯੂ ਕੋਟੇ ਤੋਂ ਉਪ ਮੁੱਖ ਮੰਤਰੀ ਵਿਜੇ ਕੁਮਾਰ ਚੌਧਰੀ ਅਤੇ ਬਿਜੇਂਦਰ ਪ੍ਰਸਾਦ ਯਾਦਵ ਹਨ।

## ਪੱਕੇ ਤੌਰ ’ਤੇ ਖੁੱਲ੍ਹ ਗਿਆ ਹੋਰਮੁਜ਼! ਟਰੰਪ ਦਾ ਵੱਡਾ ਐਲਾਨ, ਚੀਨ ਨਾਲ ਹੋਈ ਡੀਲ



**ਵਾਸ਼ਿੰਗਟਨ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇੱਕ ਇਤਿਹਾਸਕ ਫੈਸਲੇ ਦਾ ਐਲਾਨ ਕਰਦਿਆਂ ਕਿਹਾ ਹੈ ਕਿ ਉਹ ਹੋਰਮੁਜ਼ ਨੂੰ ਸਥਾਈ ਤੌਰ ’ਤੇ ਖੋਲ੍ਹ ਰਹੇ ਹਨ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਇਹ ਕਦਮ ਨਾ ਸਿਰਫ਼ ਚੀਨ ਲਈ, ਸਗੋਂ ਪੂਰੀ ਦੁਨੀਆ ਦੇ ਹਿੱਤ ਵਿੱਚ ਚੁੱਕਿਆ ਜਾ ਰਿਹਾ ਹੈ ਅਤੇ ਭਵਿੱਖ ਵਿੱਚ ਅਜਿਹੀ ਸਥਿਤੀ ਦੁਬਾਰਾ ਕਦੇ ਪੈਦਾ ਨਹੀਂ ਹੋਣ ਦਿੱਤੀ ਜਾਵੇਗੀ। ਸਰੋਤਾਂ ਅਨੁਸਾਰ, ਇਸ ਕੂਟਨੀਤਕ ਸਫਲਤਾ ਦੇ ਤਹਿਤ ਚੀਨ ਨੇ ਈਰਾਨ ਨੂੰ ਹਥਿਆਰ ਨਾ ਭੇਜਣ ’ਤੇ ਸਹਿਮਤੀ ਜਤਾਈ ਹੈ। ਰਾਸ਼ਟਰਪਤੀ ਨੇ ਭਰੋਸਾ ਜਤਾਇਆ ਕਿ ਜਦੋਂ ਉਹ ਕੁਝ ਹਫ਼ਤਿਆਂ ਵਿੱਚ ਚੀਨ ਦਾ ਦੌਰਾ ਕਰਨਗੇ, ਤਾਂ ਰਾਸ਼ਟਰਪਤੀ ਸ਼ੀ ਜਿਨਪਿੰਗ ਉਨ੍ਹਾਂ ਦਾ ਬਹੁਤ ਨਿੱਘਾ ਸਵਾਗਤ ਕਰਨਗੇ। ਉਨ੍ਹਾਂ ਕਿਹਾ ਕਿ ਦੋਵੇਂ ਦੇਸ਼ ਬਹੁਤ ਸਮਝਦਾਰੀ ਨਾਲ ਮਿਲ ਕੇ ਕੰਮ ਕਰ ਰਹੇ ਹਨ। ਰਾਸ਼ਟਰਪਤੀ ਨੇ ਆਪਣੇ ਬਿਆਨ ਵਿੱਚ ਲੜਾਈ ਦੀ ਬਜਾਏ ਮਿਲ ਕੇ ਕੰਮ ਕਰਨ ਨੂੰ ਤਰਜੀਹ ਦਿੱਤੀ। ਹਾਲਾਂਕਿ, ਉਨ੍ਹਾਂ ਨੇ ਸਖ਼ਤ ਸ਼ਬਦਾਂ ਵਿੱਚ ਚਿਤਾਵਨੀ ਵੀ ਦਿੱਤੀ ਕਿ ਜੇਕਰ ਕਦੇ ਲੜਨ ਦੀ ਨੌਬਤ ਆਈ, ਤਾਂ ਅਮਰੀਕਾ ਕਿਸੇ ਵੀ ਹੋਰ ਦੇਸ਼ ਨਾਲੋਂ ਕਿਤੇ ਜ਼ਿਆਦਾ ਸ਼ਕਤੀਸ਼ਾਲੀ ਅਤੇ ਲੜਾਈ ਵਿੱਚ ਮਾਹਿਰ ਹੈ।

## ਕਣਕ ਦੀ ਖਰੀਦ ਸ਼ੁਰੂ ਕਰਵਾਉਣ ਲਈ ਕਿਸਾਨ ਜਥੇਬੰਦੀਆਂ ਵੱਲੋਂ 17 ਅਪ੍ਰੈਲ ਨੂੰ ਰੇਲਾਂ ਰੋਕਣ ਦਾ ਐਲਾਨ

**ਚੰਡੀਗੜ੍ਹ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬੇਮੌਸਮੀ ਬਾਰਿਸ਼ ਅਤੇ ਗੜੇਮਾਰੀ ਨਾਲ ਕਣਕ ਅਤੇ ਹੋਰ ਫਸਲਾਂ ਦੇ ਹੋਏ ਭਾਰੀ ਨੁਕਸਾਨ ਤੋਂ ਬਾਅਦ ਕਣਕ ਦੀ ਖਰੀਦ ਸ਼ੁਰੂ ਨਾ ਹੋਣ ਦਾ ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਨੇ ਸਖਤ ਨੋਟਿਸ ਲਿਆ ਹੈ। ਜਥੇਬੰਦੀਆਂ ਕਣਕ ਦੀ ਬੇਕਦਰੀ ਅਤੇ ਲੁੱਟ ਤੋਂ ਸਖਤ ਨਰਾਜ਼ ਹਨ। ਸੰਯੁਕਤ ਕਿਸਾਨ ਮੋਰਚੇ ਦੀਆਂ ਬਹੁਤ ਸਾਰੀਆਂ ਜਥੇਬੰਦੀਆਂ ਅਤੇ ਕਿਸਾਨ ਮਜ਼ਦੂਰ ਮੋਰਚੇ ਦੀਆਂ ਜਥੇਬੰਦੀਆਂ ਵੱਲੋਂ ਇਸ ਰੇਲ ਰੋਕੋ ਪ੍ਰੋਗਰਾਮ ਨੂੰ ਸਾਂਝੇ ਤੌਰ ਤੇ ਕਰਨ ਦਾ ਫੈਸਲਾ ਕੀਤਾ ਗਿਆ ਹੈ। ਆਜ਼ਾਦ ਕਿਸਾਨ ਮੋਰਚੇ ਦੀਆਂ ਜਥੇਬੰਦੀਆਂ ਨੇ ਵੀ ਇਸ ਫੈਸਲੇ ਦੀ ਹਮਾਇਤ ਕੀਤੀ ਹੈ। ਸੋ ਜੇਕਰ ਕਣਕ ਦੇ ਖਰੀਦ ਨਿਯਮਾਂ ਵਿੱਚ ਢਿੱਲ ਦੇ ਕੇ ਕਣਕ ਦੀ ਖਰੀਦ ਸ਼ੁਰੂ ਨਾ ਕੀਤੀ ਗਈ ਤਾਂ 17 ਅਪ੍ਰੈਲ ਨੂੰ 12 ਵਜੇ ਤੋਂ 03 ਵਜੇ ਤੱਕ ਸਾਰੇ ਪੰਜਾਬ ਵਿੱਚ ਰੇਲਾਂ ਦਾ ਚੱਕਾ ਜਾਮ ਕੀਤਾ ਜਾਵੇਗਾ। ਇਸ ਰੇਲ ਜਾਮ ਵਿੱਚ ਕਿਸਾਨ ਮਜ਼ਦੂਰ ਮੋਰਚਾ ਨਾਲ ਸਬੰਧਤ ਜਥੇਬੰਦੀਆਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ (ਸੁਖਵਿੰਦਰ ਸਿੰਘ ਸਭਰਾ), ਬੀਕੇਯੂ ਏਕਤਾ ਆਜ਼ਾਦ (ਜਸਵਿੰਦਰ ਸਿੰਘ ਲੌਂਗੋਵਾਲ), ਬੀਕੇਯੂ ਕ੍ਰਾਂਤੀਕਾਰੀ (ਬਲਦੇਵ ਸਿੰਘ ਜੀਰਾ), ਬੀਕੇਯੂ ਬਹਿਰਾਮਕੇ (ਬਲਵੰਤ ਸਿੰਘ ਬਹਿਰਾਮਕੇ), ਬੀਕੇਯੂ ਦੋਆਬਾ (ਮਨਜੀਤ ਸਿੰਘ ਰਾਏ), ਕਿਸਾਨ ਮਜ਼ਦੂਰ ਹਿੱਤਕਾਰੀ ਸਭਾ (ਓਂਕਾਰ ਸਿੰਘ ਭੰਗਾਲਾ), ਭਾਰਤੀ ਕਿਸਾਨ ਮਜ਼ਦੂਰ ਯੂਨੀਅਨ (ਦਿਲਬਾਗ ਸਿੰਘ ਗਿੱਲ), ਬੀਕੇਯੂ ਭਟੇੜੀ (ਜੰਗ ਸਿੰਘ ਭਟੇੜੀ), ਕਿਸਾਨ ਮਜ਼ਦੂਰ ਮੋਰਚਾ ਪੰਜਾਬ (ਮਲਕੀਤ ਸਿੰਘ ਗੁਲਾਮੀ ਵਾਲਾ) ਅਤੇ ਸੰਯੁਕਤ ਕਿਸਾਨ ਮੋਰਚਾ ਨਾਲ ਸੰਬੰਧਿਤ ਜਥੇਬੰਦੀਆਂ ਵਿੱਚੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ (ਮਨਜੀਤ ਸਿੰਘ ਧਨੇਰ), ਕ੍ਰਾਂਤੀਕਾਰੀ ਕਿਸਾਨ ਯੂਨੀਅਨ (ਡਾਕਟਰ ਦਰਸ਼ਨ ਪਾਲ), ਕ੍ਰਾਂਤੀਕਾਰੀ ਕਿਸਾਨ ਯੂਨੀਅਨ (ਹਰਭਜਨ ਸਿੰਘ ਬੁੱਟਰ), ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ (ਬੂਟਾ ਸਿੰਘ ਸ਼ਾਦੀਪੁਰ), ਕਿਸਾਨ ਸੰਘਰਸ਼ ਕਮੇਟੀ ਪੰਜਾਬ (ਸੁਖਦੇਵ ਸਿੰਘ ਅਰਾਈਆਂਵਾਲਾ) ਅਤੇ ਕੌਮੀ ਕਿਸਾਨ ਯੂਨੀਅਨ (ਬਿੰਦਰ ਸਿੰਘ ਗੋਲੇਵਾਲਾ) ਸ਼ਾਮਿਲ ਹਨ। ਆਉਣ ਵਾਲੇ ਦਿਨਾਂ ਵਿੱਚ ਹੋਰ ਜਥੇਬੰਦੀਆਂ ਵੀ ਇਸ ਸੱਦੇ ਦੀ ਹਮਾਇਤ ਵਿੱਚ ਨਿੱਤਰ ਸਕਦੀਆਂ ਹਨ। ਆਗੂਆਂ ਦੱਸਿਆ ਕਿ ਆਜ਼ਾਦ ਕਿਸਾਨ ਮੋਰਚਾ ਵਿੱਚ ਸ਼ਾਮਿਲ ਜਥੇਬੰਦੀਆਂ ਨੇ ਵੀ ਇਸ ਸੱਦੇ ਦੀ ਹਮਾਇਤ ਕੀਤੀ ਹੈ। ਕਿਸਾਨ ਆਗੂਆਂ ਨੇ ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸਖਤ ਨਰਾਜ਼ਗੀ ਦਾ ਪ੍ਰਗਟਾਵਾ ਕੀਤਾ ਕਿ ਪਹਿਲਾਂ ਪੰਜਾਬ ਦੇ ਕਿਸਾਨਾਂ ਨੂੰ ਹੜ੍ਹਾਂ ਦੀ ਮਾਰ ਪਈ, ਉਸ ਲਈ ਵੀ ਸਰਕਾਰਾਂ ਵੱਲੋਂ ਸਿਰਫ ਗੋਂਗਲੂਆਂ ਤੋਂ ਮਿੱਟੀ ਝਾੜੀ ਗਈ ਹੈ, ਹੁਣ ਫੇਰ ਕਣਕਾਂ ਦਾ ਭਾਰੀ ਨੁਕਸਾਨ ਹੋਇਆ ਹੈ ਅਤੇ ਪੰਜਾਬ ਵਿੱਚ ਕਣਕ ਦੀ ਗੁਣਵੱਤਾ ਉੱਤੇ ਅਸਰ ਪਿਆ ਹੈ ਪਰੰਤੂ ਨਾ ਤਾਂ ਕੇਂਦਰ ਸਰਕਾਰ ਅਤੇ ਨਾਂ ਪੰਜਾਬ ਸਰਕਾਰ ਇਸ ਵਾਸਤੇ ਗੰਭੀਰ ਹਨ।



## ‘ਆਪ’ ਦੇ ਰਾਜਸਭਾ ਸਾਂਸਦ ਅਸ਼ੋਕ ਮਿੱਤਲ ਦੇ ਘਰ ਈ. ਡੀ. ਦੀ ਰੇਡ

### ਕੁਝ ਸਮਾਂ ਪਹਿਲਾਂ ਹੀ ਰਾਜਸਭਾ ਦਾ ਰਾਘਵ ਚੱਢਾ ਦੀ ਥਾਂ ਬਣਾਇਆ ਗਿਆ ਹੈ ਡਿਪਟੀ ਲੀਡਰ

**ਜਲੰਧਰ/ਦਿੱਲੀ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ ਬੁੱਧਵਾਰ ਸਵੇਰੇ ਆਮ ਆਦਮੀ ਪਾਰਟੀ (ਆਪ) ਦੇ ਰਾਜ ਸਭਾ ਮੈਂਬਰ ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਸੰਸਥਾਪਕ-ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਅਤੇ ਉਨ੍ਹਾਂ ਦੇ ਪੁੱਤਰ ਦੇ 8 ਤੋਂ 9 ਟਿਕਾਣਿਆਂ ’ਤੇ ਛਾਪੇਮਾਰੀ ਕੀਤੀ। ਸੂਤਰਾਂ ਦਾ ਕਹਿਣਾ ਹੈ ਕਿ ਜਾਂਚ ਏਜੰਸੀਆਂ ਵੱਖ-ਵੱਖ ਵਿੱਤੀ ਦਸਤਾਵੇਜ਼ਾਂ ਅਤੇ ਲੈਣ-ਦੇਣ ਦੇ ਰਿਕਾਰਡਾਂ ਦੀ ਜਾਂਚ ਕਰ ਰਹੀਆਂ ਹਨ। ਸਵੇਰੇ-ਸਵੇਰੇ ਹੋਈ ਇਸ ਅਚਾਨਕ ਕਾਰਵਾਈ ਨੇ ਸ਼ਹਿਰ ਦੇ ਵਪਾਰਕ ਅਤੇ ਰਾਜਨੀਤਿਕ ਹਲਕਿਆਂ ਵਿੱਚ ਹਲਚਲ ਮਚਾ ਦਿੱਤੀ ਹੈ। ਵਿਭਾਗ ਨੇ ਇਸ ਕਾਰਵਾਈ ਦੇ ਕਾਰਨਾਂ ਬਾਰੇ ਅਜੇ ਤੱਕ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਹੈ। ਕੁੱਲ 10 ਥਾਵਾਂ ਦੀ ਤਲਾਸ਼ੀ ਲਈ ਗਈ, ਜਿਨ੍ਹਾਂ ਵਿੱਚ ਜਲੰਧਰ ਅਤੇ ਗੁਰੂਗ੍ਰਾਮ ਦੋਵੇਂ ਸ਼ਾਮਲ ਹਨ। ਈਡੀ ਦੀ ਟੀਮ ‘ਆਪ’ ਸੰਸਦ ਮੈਂਬਰ ਅਸ਼ੋਕ ਮਿੱਤਲ ਦੇ ਅਹਾਤੇ ’ਤੇ ਵੀ ਛਾਪੇਮਾਰੀ ਕਰ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਸਾਰੇ ਅਦਾਰੇ ਇੱਕੋ ਸਮੂਹ ਨਾਲ ਜੁੜੇ ਹੋਏ ਹਨ। ਇਸ ਲਈ, ਈਡੀ ਇੱਕੋ ਸਮੇਂ ਪੂਰੇ ਨੈੱਟਵਰਕ ਦੀ ਜਾਂਚ ਕਰ ਰਹੀ ਹੈ। ਸੂਤਰਾਂ ਦਾ ਕਹਿਣਾ ਹੈ ਕਿ ਈਡੀ ਵਿਦੇਸ਼ੀ ਫੰਡਿੰਗ, ਲੈਣ-ਦੇਣ ਅਤੇ ਸੰਭਾਵੀ ਬੇਨਿਯਮੀਆਂ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ। ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇਸ਼ ਦੀਆਂ ਸਭ ਤੋਂ ਵੱਡੀਆਂ ਪ੍ਰਾਈਵੇਟ ਯੂਨੀਵਰਸਿਟੀਆਂ ਵਿੱਚੋਂ ਇੱਕ ਹੈ, ਜਿਸ ਵਿੱਚ ਹਜ਼ਾਰਾਂ ਵਿਦਿਆਰਥੀ ਦਾਖਲ ਹੁੰਦੇ ਹਨ। ਇਹ ਧਿਆਨ ਦੇਣ ਯੋਗ ਹੈ ਕਿ ਅਸ਼ੋਕ ਮਿੱਤਲ ਨਾ ਸਿਰਫ਼ ਇੱਕ ਸਫਲ ਉੱਦਮੀ ਹੈ ਬਲਕਿ ਰਾਜ ਸਭਾ ਵਿੱਚ ਇੱਕ ਪ੍ਰਮੁੱਖ ਪਾਰਟੀ ਅਹੁਦਾ ਵੀ ਰੱਖਦਾ ਹੈ। ਛਾਪੇਮਾਰੀ ਨੇ ਕੈਂਪਸ ਅਤੇ ਆਲੇ ਦੁਆਲੇ ਦੇ ਖੇਤਰਾਂ ਵਿੱਚ ਹਲਚਲ ਮਚਾ ਦਿੱਤੀ ਹੈ।



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਭਾਜਪਾ ਵੱਲੋਂ ਪੰਜਾਬ ’ਚ ਚੋਣਾਂ ਦੀ ਤਿਆਰੀਆਂ ਸ਼ੁਰੂ ਹੋ ਗਈਆਂ ਹਨ। ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਦੇ ਘਰ ਅਤੇ ਯੂਨੀਵਰਸਿਟੀ ’ਚ ਈਡੀ ਦੀ ਛਾਪੇਮਾਰੀ ਪੂਰੀ ਤਰ੍ਹਾਂ ਮੋਦੀ ਸਟਾਈਲ ਹੈ। ਇਨ੍ਹਾਂ ਤੋਂ ਇਲਾਵਾ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਤੇ ‘ਆਪ’ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਸਮੇਤ ‘ਆਪ’ ਆਗੂਆਂ ਨੇ ਕੇਂਦਰ ਦੀ ਆਲੋਚਨਾ ਕੀਤੀ ਅਤੇ ਈਡੀ ਦੇ ਛਾਪਿਆਂ ਦੀ ਵੀ ਆਲੋਚਨਾ ਕੀਤੀ। ਕੇਜਰੀਵਾਲ ਨੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਨੂੰ ਢੁਕਵਾਂ ਜਵਾਬ ਦੇਣ ਦਾ ਸੱਦਾ ਦਿੱਤਾ। ਉਨ੍ਹਾਂ ਨੇ ਐਕਸ ’ਤੇ ਕਿਹਾ ਕਿ ਮੋਦੀ ਜੀ ਨੇ ਪੰਜਾਬ ਵਿੱਚ ਚੋਣਾਂ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਪਰ ਪੰਜਾਬ ਦੇ ਲੋਕ ਇਸਨੂੰ ਬਰਦਾਸ਼ਤ ਨਹੀਂ ਕਰਨਗੇ। ਉਹ ਭਾਜਪਾ ਨੂੰ ਢੁਕਵਾਂ ਜਵਾਬ ਦੇਣਗੇ।

## ਰਾਘਵ ਚੱਢਾ ਤੇ ‘ਆਪ’ ਵਿਚਾਲੇ ਹੋਰ ਵਧਿਆ ਟਕਰਾਅ! ਪੰਜਾਬ ਸਰਕਾਰ ਵੱਲੋਂ ਸੁਰੱਖਿਆ ਵਾਪਸ ਲੈਣ ਮਗਰੋਂ ਕੇਂਦਰ ਨੇ ਦਿੱਤੀ ‘ਏ’ ਕੈਟੇਗਰੀ ਦੀ ਸੁਰੱਖਿਆ



**ਨਵੀਂ ਦਿੱਲੀ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਰਾਘਵ ਚੱਢਾ ਅਤੇ ਪਾਰਟੀ ਲੀਡਰਸ਼ਿਪ ਵਿਚਾਲੇ ਚੱਲ ਰਿਹਾ ਟਕਰਾਅ ਹੁਣ ਵਧਦਾ ਜਾ ਰਿਹਾ ਹੈ। ਮਿਲੀ ਜਾਣਕਾਰੀ ਮੁਤਾਬਿਕ ਪੰਜਾਬ ਸਰਕਾਰ ਨੇ ਰਾਘਵ ਚੱਢਾ ਨੂੰ ਦਿੱਤੀ ਗਈ ‘ਜੈੱਡ’ ਸ਼੍ਰੇਣੀ ਦੀ ਸੁਰੱਖਿਆ ਵਾਪਸ ਲੈ ਲਈ ਗਈ ਹੈ। ਦੱਸ ਦਈਏ ਕਿ ਪਹਿਲਾਂ ਪਾਰਟੀ ਨੇ ਉਨ੍ਹਾਂ ਨੂੰ ਰਾਜ ਸਭਾ ਵਿੱਚ ਡਿਪਟੀ ਲੀਡਰ ਦੇ ਅਹੁਦੇ ਤੋਂ ਹਟਾ ਦਿੱਤਾ ਸੀ, ਅਤੇ ਹੁਣ ਪੰਜਾਬ ਸਰਕਾਰ ਨੇ ਉਨ੍ਹਾਂ ਦੀ ਸੁਰੱਖਿਆ ਵਾਪਸ ਲੈ ਲਈ ਹੈ। ਇਸ ਘਟਨਾਕ੍ਰਮ ਨੇ ਰਾਜਨੀਤਿਕ ਹਲਕਿਆਂ ਵਿੱਚ ਕਈ ਸਵਾਲ ਖੜ੍ਹੇ ਕੀਤੇ ਹਨ। ਉੱਥੇ ਹੀ ਦੂਜੇ ਪਾਸੇ ਗ੍ਰਹਿ ਮੰਤਰਾਲੇ ਦੇ ਸੂਤਰਾਂ ਮੁਤਾਬਿਕ ਰਾਘਵ ਚੱਢਾ ਨੂੰ ਸੁਰੱਖਿਆ ਪ੍ਰਦਾਨ ਕਰ ਦਿੱਤੀ ਗਈ ਹੈ। ਦਿੱਲੀ, ਪੰਜਾਬ ’ਚ ਏ ਕੈਟੇਗਰੀ ਦੀ ਸੁਰੱਖਿਆ ਦਿੱਤੀ ਗਈ ਹੈ। ਸੂਤਰਾਂ ਤੋਂ ਇਹ ਜਾਣਕਾਰੀ ਹਾਸਿਲ ਹੋਈ ਹੈ। ਸੂਤਰਾਂ ਮੁਤਾਬਿਕ ਸੁਰੱਖਿਆ ਦੇ ਲਈ ਅਰਧ ਸੈਨਿਕ ਬਲ ਤੈਨਾਤ ਰਹਿਣਗੇ। ਰਾਘਵ ਚੱਢਾ ਨੂੰ ਇਹ ਸੁਰੱਖਿਆ ਪੰਜਾਬ ਦੇ ਸਹਿ-ਇੰਚਾਰਜ ਅਤੇ ਰਾਜ ਸਭਾ ਮੈਂਬਰ ਵਜੋਂ ਮਿਲੀ ਸੀ। ਸੁਰੱਖਿਆ ਵਾਪਸ ਲਏ ਜਾਣ ਨੂੰ ਪਾਰਟੀ ਅੰਦਰ ਵਧਦੀ ਫੁੱਟ ਦੇ ਸੰਕੇਤ ਵਜੋਂ ਦੇਖਿਆ ਜਾ ਰਿਹਾ ਹੈ। ਕਾਬਿਲੇਗੌਰ ਹੈ ਕਿ ਇਸ ਤੋਂ ਪਹਿਲਾਂ, 2 ਅਪ੍ਰੈਲ ਨੂੰ, ਆਮ ਆਦਮੀ ਪਾਰਟੀ ਨੇ ਰਾਘਵ ਚੱਢਾ ਨੂੰ ਰਾਜ ਸਭਾ ਵਿੱਚ ਪਾਰਟੀ ਦੇ ਡਿਪਟੀ ਲੀਡਰ ਦੇ ਅਹੁਦੇ ਤੋਂ ਹਟਾ ਦਿੱਤਾ ਸੀ। ਉਨ੍ਹਾਂ ਦੀ ਜਗ੍ਹਾ ਪੰਜਾਬ ਤੋਂ ਸੰਸਦ ਮੈਂਬਰ ਅਸ਼ੋਕ ਮਿੱਤਲ ਨੂੰ ਨਿਯੁਕਤ ਕੀਤਾ ਗਿਆ ਸੀ। ਪਾਰਟੀ ਨੇ ਰਾਜ ਸਭਾ ਸਕੱਤਰੇਤ ਨੂੰ ਇਹ ਵੀ ਸੂਚਿਤ ਕੀਤਾ ਕਿ ਚੱਢਾ ਨੂੰ ਹੁਣ ਪਾਰਟੀ ਕੋਟੇ ਤੋਂ ਬੋਲਣ ਦਾ ਸਮਾਂ ਨਹੀਂ ਦਿੱਤਾ ਜਾਵੇਗਾ। ਇਸ ਫੈਸਲੇ ਨਾਲ ਚੱਢਾ ਅਤੇ ਪਾਰਟੀ ਲੀਡਰਸ਼ਿਪ ਵਿਚਕਾਰ ਗਰਮਾ-ਗਰਮ ਬਹਿਸ ਹੋਈ। ਇਸ ਕਾਰਵਾਈ ’ਤੇ ਤਿੱਖੀ ਪ੍ਰਤੀਕਿਰਿਆ ਦਿੰਦੇ ਹੋਏ, ਚੱਢਾ ਨੇ ਕਿਹਾ ਕਿ ਉਨ੍ਹਾਂ ਨੂੰ ਖਾਮੋਸ਼ ਕਰਵਾਇਆ ਗਿਆ ਹੈ ਪਰ ਉਹ ਹਾਰੇ ਨਹੀਂ ਹਨ। ਰਾਜ ਸਭਾ ਵਿੱਚ ‘ਆਪ’ ਦੇ ਡਿਪਟੀ ਲੀਡਰ ਵਜੋਂ ਹਟਾਏ ਜਾਣ ਤੋਂ ਬਾਅਦ, ਚੱਢਾ ਨੇ ਸੋਸ਼ਲ ਮੀਡੀਆ ’ਤੇ ਕਈ ਵੀਡੀਓ ਅਤੇ ਪੋਸਟਾਂ ਸਾਂਝੀਆਂ ਕੀਤੀਆਂ ਹਨ, ਜੋ ਸਪੱਸ਼ਟ ਤੌਰ ’ਤੇ ਦਰਸਾਉਂਦੀਆਂ ਹਨ ਕਿ ਉਹ ਰਾਜ ਸਭਾ ਵਿੱਚ ਪਾਰਟੀ ਦੇ ਅਹੁਦੇ ਤੋਂ ਹਟਾਉਣ ਦੇ ਫੈਸਲੇ ਨੂੰ ਸਵੀਕਾਰ ਨਹੀਂ ਕਰਨਗੇ।

ਸੱਚਖੰਡ ਵਾਸੀ ਸੰਤ ਬਾਬਾ ਲਾਭ ਸਿੰਘ ਜੀ ਦੀ

# 45ਵੀਂ ਬਰਸੀ ਮਨਾਈ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਗੁਰਦੁਆਰਾ ਸਾਹਿਬ ਦੇ ਅੰਦਰ ਸੱਜੇ ਖੁੱਲ੍ਹੇ ਪੰਡਾਲ ਵਿਚ ਧਾਰਮਿਕ ਦੀਵਾਨ ਰਾਗੀ ਢਾਡੀ ਜਥਿਆਂ ਨੇ ਗੁਰੂ ਵਾਰ ਸਰਵਨ ਕਰਵਾ ਕੇ ਨਿਹਾਲ ਕੀਤਾ











ਆਵਾਜ਼ਿ ਕੌਮ AWAZE QAUM International Newspaper & WEB TV




ਚੌਂਕ ਮਹਿਤਾ, 15ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਇਤਹਾਸਿਕ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ (ਮੱਤੇਵਾਲ)ਦੇ ਮੁੱਖ ਮੁੱਖੀ ਸ੍ਰੀ ਮਾਨ ਸੰਤ ਬਾਬਾ ਸੱਜਣ ਸਿੰਘ ਜੀ ਦੀ ਯੋਗ ਅਗਵਾਈ ਵਿਚ ਸੱਚਖੰਡ ਵਾਸੀ ਸੰਤ ਬਾਬਾ ਲਾਭ ਸਿੰਘ ਜੀ ਦੀ 45ਵੀਂ ਬਰਸੀ ਸ਼ਰਧਾ ਭਾਵਨਾ ਨਾਲ ਵੱਡੇ ਪੱਧਰ 'ਤੇ ਮਨਾਈ ਗਈ। ਇਸ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਗੁਰਦੁਆਰਾ ਸਾਹਿਬ ਦੇ ਅੰਦਰ ਸੱਜੇ ਖੁੱਲ੍ਹੇ ਪੰਡਾਲ ਵਿਚ ਧਾਰਮਿਕ ਦੀਵਾਨ ਰਾਗੀ ਢਾਡੀ ਜਥਿਆਂ ਨੇ ਗੁਰੂ ਵਾਰ ਸਰਵਨ ਕਰਵਾ ਕੇ ਨਿਹਾਲ ਕੀਤਾ। ਇਸ ਸਮਾਗਮ ਦੌਰਾਨ ਸਮੁੱਚੇ ਇਲਾਕੇ ਦੇ ਪਿੰਡਾਂ ਕਸਬਿਆਂ ਤੋਂ ਸੈਂਕੜਿਆਂ ਦੀ ਗਿਣਤੀ ਵਿਚ ਪਹੁੰਚੀਆਂ ਸੰਗਤਾਂ ਨੇ ਇਸ ਸਮਾਗਮ ਵਿਚ ਹਾਜ਼ਰੀਆਂ ਭਰੀਆਂ। ਗੁਰਦੁਆਰਾ ਸਾਹਿਬ ਵਿਖੇ ਗਰਮੀ ਨੂੰ ਮੁੱਖ ਰੱਖਦਿਆਂ ਸ਼ਰਦਾਈਆਂ, ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ। ਸਮਾਗਮ ਦੌਰਾਨ ਭਾਰੀ ਗਿਣਤੀ ਪਹੁੰਚੀ ਸੰਗਤ ਦੀ ਆਮਦ ਨੂੰ ਮੁੱਖ ਰੱਖਦਿਆਂ ਹੋਰਨਾਂ ਪ੍ਰਬੰਧਾਂ ਦੇ ਨਾਲ ਨਾਲ ਵਾਹਨ ਪਾਰਕਿੰਗ ਲਈ ਯੋਗ ਪ੍ਰਬੰਧ ਕੀਤਾ ਗਿਆ। ਇਸ ਦੌਰਾਨ ਸੰਤ ਬਾਬਾ ਸੱਜਣ ਸਿੰਘ ਜੀ ਨੇ ਇਸ ਸਮਾਗਮ ਵਿਚ ਪਹੁੰਚੀਆਂ ਧਾਰਮਿਕ ਅਤੇ ਹੋਰ ਪ੍ਰਮੁੱਖ ਸਖਸ਼ੀਅਤਾਂ ਨੂੰ ਸਿਰੋਪਾਓ ਦੇਕੇ ਸਨਮਾਨਿਤ ਕੀਤਾ। ਇਸ ਮੌਕੇ ਦਮਦਮੀ ਟਕਸਾਲ ਮਹਿਤਾ ਤੋਂ ਜਥੇਦਾਰ ਬਾਬਾ ਬੋਹੜ ਸਿੰਘ, ਸੰਤ ਬਾਬਾ ਕੰਵਲਜੀਤ ਸਿੰਘ ਨਾਗੀਆਣਾ ਸਾਹਿਬ, ਸੰਤ ਬਾਬਾ ਗੁਰਦੇਵ ਸਿੰਘ ਜੀ ਭਗਤਾਂ ਦਾ ਡੇਰਾ ਤਰਸਿੱਕਾ, ਸੰਤ ਬਾਬਾ ਮਨਮੋਹਨ ਸਿੰਘ ਭੰਗਾਲੀ ਸਾਹਿਬ, ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ, ਸੰਤ ਬਾਬਾ ਗੁਰਦੀਪ ਸਿੰਘ ਖੁਜਲਾ, ਸੰਤ ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ, ਸੰਤ ਬਾਬਾ ਬੀਰ ਸਿੰਘ ਭੰਗਾਲੀ ਸਾਹਿਬ ਭਾਈ ਰਣਜੀਤ ਸਿੰਘ ਬਾਬੋਵਾਲ ਤੇ ਬਾਬਾ ਬਲਰਾਜ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ


ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

ਪੜੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net

ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ | ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**
**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਦਿੱਲੀ ਗੁਰਦੁਆਰਾ ਕਮੇਟੀ ਨੇ

# ਖਾਲਸਾ ਸਾਜਣਾ ਦਿਵਸ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

**ਨਵੀਂ ਦਿੱਲੀ, 15 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਖਾਲਸਾ ਸਾਜਣਾ ਦਿਵਸ ਤੇ ਵਿਸਾਖੀ ਦਾ ਦਿਹਾੜਾ ਪੂਰਨ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਮੇਟੀ ਅਧੀਨ ਵੱਖ-ਵੱਖ ਗੁਰੂ ਘਰਾਂ ਵਿਚ ਗੁਰਮਤਿ ਸਮਾਗਮ ਹੋਏ ਤੇ ਮੁੱਖ ਸਮਾਗਮ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਵਿਚ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਹੋਇਆ। ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਕਮੇਟੀ ਵੱਲੋਂ ਅੰਮ੍ਰਿਤ ਸੰਚਾਰ ਲਈ ਆਰੰਭੀ ਗਈ ਲਹਿਰ ਦੇ ਤਹਿਤ ਬੀਤੇ ਕੱਲ੍ਹ ਤੇ ਅੱਜ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਚਲਾਈ ਗਈ ਅੰਮ੍ਰਿਤ ਛਕਾਉਣ ਦੀ ਮੁਹਿੰਮ ਤਹਿਤ ਅੱਜ ਦੁਪਹਿਰ ਤੱਕ ਦੋ ਦਿਨਾਂ ਵਿਚ 800 ਤੋਂ ਜ਼ਿਆਦਾ ਸੰਗਤਾਂ ਅੰਮ੍ਰਿਤ ਛੱਕ ਕੇ ਗੁਰੂ ਵਾਲੀਆਂ ਬਣ ਗਈਆਂ ਹਨ ਜਦੋਂ ਕਿ ਮੁਹਿੰਮ ਦੇਰ ਸ਼ਾਮ ਤੱਕ ਚੱਲਣ ਦਾ ਅੰਦਾਜ਼ਾ ਹੈ। ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਪਿਛਲੇ ਇਕ ਮਹੀਨੇ ਦੌਰਾਨ ਅਸੀਂ ਦਿੱਲੀ ਦੇ ਵੱਖ-ਵੱਖ ਇਲਾਕਿਆਂ ਵਿਚ ਕੈਂਪ ਲਗਾ ਕੇ 1 ਹਜ਼ਾਰ ਤੋਂ ਵੱਧ ਲੋਕਾਂ ਨੂੰ ਅੰਮ੍ਰਿਤ ਛਕਾਉਣ ਵਿਚ ਸਫਲਤਾ ਹਾਸਲ ਕੀਤੀ ਹੈ ਤੇ ਇਸ ਤਰੀਕੇ ਹੁਣ ਤੱਕ 1800 ਪ੍ਰਾਣੀ ਇਕ ਮਹੀਨੇ ਵਿਚ ਗੁਰੂ ਵਾਲੇ ਬਣ ਚੁੱਕੇ ਹਨ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਧਾਰਮਿਕ ਖੇਤਰ ਵਿਚ ਕਾਰਜਾਂ ਦੇ ਨਾਲ-ਨਾਲ ਅਸੀਂ ਸਿਹਤ ਤੇ ਮੈਡੀਕਲ ਸਹੂਲਤਾਂ ਦੇਣ ਦੇ ਖੇਤਰ ਵਿਚ ਵੀ ਲਗਾਤਾਰ ਕੰਮ ਕਰ ਰਹੇ ਹਾਂ। ਉਹਨਾਂ ਦੱਸਿਆ ਕਿ 50 ਬਿਸਤਰਿਆਂ ਦਾ ਜਿਹੜਾ ਬਾਲਾ ਜੀ ਹਸਪਤਾਲ ਕੁਝ ਪਹਿਲਾਂ ਸ਼ੁਰੂ ਕੀਤਾ ਗਿਆ, ਉਸ ਵਿਚ ਦਿਲ ਦੇ ਰੋਗਾਂ ਦਾ ਵਿਭਾਗ ਜਲਦੀ ਹੀ ਕੰਮ ਕਰਨਾ ਸ਼ੁਰੂ ਕਰ ਦੇਵੇਗਾ ਤੇ ਨਾਂ ਮਾਤਰ ਫੀਸ 'ਤੇ ਇਥੇ ਮਰੀਜ਼ਾਂ ਦਾ ਇਲਾਜ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸੇ ਤਰੀਕੇ ਗੁਰਦੁਆਰਾ ਬੰਗਲਾ ਸਾਹਿਬ ਕੰਪਲੈਕਸ ਵਿਚ ਲਗਾਈਆਂ ਗਈਆਂ ਐਮ ਆਰ ਆਈ/ਸੀ ਟੀ ਸਕੈਨ ਮਸ਼ੀਨਾਂ ਤੋਂ ਹੁਣ ਤੱਕ ਸਵਾ ਲੱਖ ਤੋਂ ਵੱਧ ਮਰੀਜ਼ 50 ਰੁਪਏ ਵਿਚ ਟੈਸਟ ਕਰਵਾ ਚੁੱਕੇ ਹਨ ਜਦੋਂ ਕਿ ਮੁਫਤ ਚੱਲਦੇ ਡਾਇਲਿਸਿਸ ਸੈਂਟਰ ਵਿਚ ਡੇਢ ਲੱਖ ਲੋਕਾਂ ਦਾ ਇਲਾਜ ਹੋ ਚੁੱਕਾ ਹੈ ਤੇ ਬਾਲਾ ਪ੍ਰੀਤਮ ਦਵਾਖਾਨਿਆਂ ਵਿਚ ਬਜ਼ਾਰ ਨਾਲੋਂ 30 ਤੋਂ ਲੈ ਕੇ 50 ਫੀਸਦੀ ਤੱਕ ਸਸਤੀਆਂ ਦਵਾਈਆਂ ਉਪਲਬਧ ਕਰਵਾਉਣ ਦੀ ਸੇਵਾ ਜਾਰੀ ਹੈ।





ਉਹਨਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿਚ ਅਸੀਂ ਪਹਿਲਾਂ ਹੀ ਐਲਾਨ ਕਰ ਚੁੱਕੇ ਹਾਂ ਕਿ ਜਿਹੜੇ ਪਰਿਵਾਰ ਪੂਰਨ ਅੰਮ੍ਰਿਤਧਾਰੀ ਹੋਣਗੇ, ਉਹਨਾਂ ਦੇ ਬੱਚੇ ਭਾਵੇਂ ਜਿਹੜੇ ਮਰਜ਼ੀ ਸਕੂਲ ਜਾਂ ਕਾਲਜ ਵਿਚ ਪੜ੍ਹਦੇ ਹੋਣ, ਉਹਨਾਂ ਦੀ ਫੀਸ ਦਾ ਖਰਚਾ ਦਿੱਲੀ ਗੁਰਦੁਆਰਾ ਕਮੇਟੀ ਚੁੱਕੇਗੀ। ਉਹਨਾਂ ਕਿਹਾ ਕਿ ਜਲਦੀ ਇਸ ਮਾਮਲੇ ਵਿਚ ਇਕ ਕਮੇਟੀ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਵੱਲੋਂ ਐਲਾਨੀ ਜਾਵੇਗੀ ਜੋ ਅਜਿਹੇ ਕੇਸਾਂ ਦੀ ਮਨਜ਼ੂਰੀ ਦੇਵੇਗੀ। ਉਹਨਾਂ ਕਿਹਾ ਕਿ ਅਸੀਂ ਦਿੱਲੀ ਦੀ ਸੰਗਤ ਦੇ ਸਹਿਯੋਗ ਨਾਲ ਧਾਰਮਿਕ, ਸਿੱਖਿਆ ਤੇ ਸਿਹਤ ਖੇਤਰ ਵਿਚ ਲਗਾਤਾਰ ਕੰਮ ਕਰਦੇ ਆ ਰਹੇ ਹਾਂ ਤੇ ਸੇਵਾਵਾਂ ਵਿਚ ਵਿਸਤਾਰ ਕੀਤਾ ਜਾ ਰਿਹਾ ਹੈ ਜਿਸਦਾ ਫਾਇਦਾ ਸੰਗਤਾਂ ਨੂੰ ਹੀ ਮਿਲ ਰਿਹਾ ਹੈ। ਉਹਨਾਂ ਇਹ ਵੀ ਕਿਹਾ ਕਿ ਨਵੰਬਰ ਮਹੀਨੇ ਵਿਚ ਜਦੋਂ ਅਸੀਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਦੀ ਵਰ੍ਹੇਗੰਢ ਦੀ ਸਮਾਪਤੀ ਕਰਾਂਗੇ ਤਾਂ ਉਸ ਵੇਲੇ ਵੀ ਵੱਡੇ ਸਮਾਗਮ ਕੀਤੇ ਜਾਣਗੇ ਜਿਹਨਾਂ ਵਿਚ ਸੰਗਤਾਂ ਵੱਧ ਚੜ੍ਹ ਕੇ ਸ਼ਾਮਲ ਹੋਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

### ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਵਿਖੇ ਡਾਕਟਰ ਬੀ ਆਰ ਅੰਬੇਦਕਰ ਜਯੰਤੀ ਨੂੰ ਸਮਰਪਿਤ

# ਸਕੂਲ 'ਚ ਵਿਸ਼ੇਸ਼ ਅਸੈਂਬਲੀ ਦਾ ਪ੍ਰੋਗਰਾਮ ਕਰਵਾਇਆ




**ਜੰਡਿਆਲਾ ਗੁਰੂ 15 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਡਾਕਟਰ ਬੀ ਆਰ ਅੰਬੇਦਕਰ ਜਯੰਤੀ ਬੜੇ ਉਤਸਾਹ ਅਤੇ ਸਤਿਕਾਰ ਸਹਿਤ ਮਨਾਈ ਗਈ। ਇਸ ਸਬੰਧ ਵਿੱਚ ਸਕੂਲ ਵਿੱਚ ਵਿਸ਼ੇਸ਼ ਅਸੈਂਬਲੀ ਦਾ ਪ੍ਰੋਗਰਾਮ ਰੱਖਿਆ ਗਿਆ। ਜਿਸ ਵਿੱਚ ਪੰਜਵੀਂ ਕਲਾਸ ਦੇ ਵਿਦਿਆਰਥੀਆਂ ਨੇ ਬਾਬਾ ਭੀਮ ਰਾਓ ਅੰਬੇਦਕਰ ਨਾਲ ਸੰਬੰਧਿਤ ਮੌਲਿਕ ਅਧਿਕਾਰ, ਮੌਲਿਕ ਕਰਤਵ, ਅਤੇ ਦੇਸ਼ ਦੇ ਸੰਵਿਧਾਨ ਸਬੰਧੀ ਵੱਖ-ਵੱਖ ਸਲੋਗਨ ਬਣਾ ਕੇ ਇਸ ਦਿਨ ਦੀ ਮਹੱਤਤਾ ਨੂੰ ਉਜਾਗਰ ਕੀਤਾ। ਉਪਰੰਤ ਸਕੂਲ ਦੇ ਆਡੋਟੋਰੀਅਮ ਵਿੱਚ ਇਸ ਦਿਨ ਨਾਲ ਸੰਬੰਧਿਤ ਕੁਈਜ ਮੁਕਾਬਲਾ ਕਰਵਾਇਆ ਗਿਆ। ਇਹ ਮੁਕਾਬਲਾ ਦਸਵੀਂ ਕਲਾਸ ਦੇ ਸਾਰੇ ਸੈਕਸ਼ਨ ਵਿਚਕਾਰ ਰੱਖਿਆ ਗਿਆ। ਜਿਸ ਵਿੱਚ ਬੱਚਿਆਂ ਨੂੰ ਸੰਵਿਧਾਨ ਸਬੰਧੀ ਅਤੇ ਦੇਸ਼ ਦੇ ਹੈਰੀਟੇਜ ਵਿਰਾਸਤ, ਅਤੇ ਦੇਸ਼ ਦੇ ਸੱਭਿਆਚਾਰ ਸਬੰਧੀ ਵੱਖ-ਵੱਖ ਸਵਾਲ ਪੁੱਛੇ ਗਏ। ਇਸ ਪ੍ਰੋਗਰਾਮ ਵਿੱਚ ਬੱਚਿਆਂ ਨੇ ਵੱਧ ਚੜ ਕੇ ਉਤਸਾਹ ਦਿਖਾਇਆ। ਇਸ ਮੁਕਾਬਲੇ ਵਿੱਚ ਦਸਵੀਂ ਏ ਨੇ ਪਹਿਲਾ ਸਥਾਨ, ਦਸਵੀਂ ਡੀ ਨੇ ਦੂਸਰਾ ਸਥਾਨ ਅਤੇ ਦਸਵੀਂ ਬੀ ਨੇ ਤੀਸਰਾ ਸਥਾਨ ਹਾਸਿਲ ਕੀਤਾ। ਜੇਤੂ ਬੱਚਿਆਂ ਨੂੰ ਸਕੂਲ ਮੈਨੇਜਮੈਂਟ ਵੱਲੋਂ ਇਨਾਮ ਵੀ ਦਿੱਤੇ ਗਏ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਬੱਚਿਆਂ ਨੂੰ ਡਾਕਟਰ ਬੀ ਆਰ ਅੰਬੇਦਕਰ ਦੁਆਰਾ ਬਣਾਏ ਗਏ ਸੰਵਿਧਾਨ ਪ੍ਰਤੀ ਵਿਸ਼ੇਸ਼ ਜਾਣਕਾਰੀ ਦਿੱਤੀ। ਇਸ ਮੌਕੇ ਤੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾਕਟਰ ਅਮਰਪ੍ਰੀਤ ਕੌਰ ਜੀ ਨੇ ਸੰਵਿਧਾਨ ਦੁਆਰਾ ਸਿਖਾਏ ਗਏ ਸਮਾਨਤਾ,ਨਿਆ ਅਤੇ ਸਿੱਖਿਆ ਦੇ ਮੁੱਲਾਂ ਤੇ ਜ਼ੋਰ ਦਿੰਦੇ ਹੋਏ ਅੱਜ ਦੇ ਦਿਨ ਦੀ ਮਹੱਤਤਾ ਬਾਰੇ ਦੱਸਿਆ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ , ਸ਼ਿਲਪਾ ਸ਼ਰਮਾ ਕੁਆਰਡੀਨੇਟਰ, ਨੀਲਾਕਸ਼ੀ ਗੁਪਤਾ ਕੁਆਰਡੀਨੇਟਰ, ਮੈਡਮ ਗੁਰਦੀਸ਼ ਕੌਰ, ਪਰਮਿੰਦਰ ਕੌਰ, ਮਨਪ੍ਰੀਤ ਕੌਰ, ਮਮਤਾ ਸ਼ਰਮਾ, ਕੰਵਰਦੀਪ ਕੌਰ, ਮੈਡਮ ਨੈਨਸੀ, ਬਿਕਰਮ ਸਿੰਘ , ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

**ਡਾਕਟਰ ਬੀ ਆਰ ਅੰਬੇਦਕਰ ਦੁਆਰਾ ਬਣਾਏ ਗਏ ਸੰਵਿਧਾਨ ਤੋਂ ਸਾਨੂੰ ਜਾਣੂੰ ਹੋਣਾ ਚਾਹੀਦਾ : ਡਾ: ਮੰਗਲ ਸਿੰਘ ਕਿਸ਼ਨਪੁਰੀ**

ਆਵਾਜ਼ਿ ਕੌਮ AWAZE QAUM International Newspaper & WEB TV

# ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਕਰੀਬ 10 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਅਤੇ ਸ਼ੁਰੂਆਤ

### ਚੰਗਾਲੀਵਾਲਾ-ਖੋਖਰ ਕਲਾਂ ਸੜਕ ਦਾ ਉਦਘਾਟਨ; ਸੰਗਤਪੁਰਾ-ਚੰਗਾਲੀਵਾਲਾ ਅਤੇ ਅੜਕਵਾਸ-ਚੰਗਾਲੀਵਾਲਾ ਸੜਕਾਂ ਸਮੇਤ ਕਈ ਪ੍ਰੋਜੈਕਟਾਂ ਦੀ ਸ਼ੁਰੂਆਤ



**ਲਹਿਰਾ/ਦਿੜ੍ਹਬਾ (ਰਣਜੀਤ ਸਿੰਘ ਪੇਧਨੀ )**-ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਅੱਜ ਵਿਧਾਨ ਸਭਾ ਹਲਕਾ ਦਿੜ੍ਹਬਾ ਅੰਦਰ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਤਹਿਤ ਕਰੀਬ 10 ਕਰੋੜ ਰੁਪਏ ਦੀ ਲਾਗਤ ਵਾਲੇ ਕੰਮਾਂ ਦਾ ਉਦਘਾਟਨ ਅਤੇ ਸ਼ੁਰੂਆਤ ਕੀਤੀ ਗਈ। ਇਸ ਦੌਰਾਨ ਕੈਬਨਿਟ ਮੰਤਰੀ ਵੱਲੋਂ ਪਿੰਡ ਚੰਗਾਲੀਵਾਲਾ ਤੋਂ ਖੋਖਰ ਕਲਾਂ ਤੱਕ ਕਰੀਬ 2.20 ਕਿਲੋਮੀਟਰ ਲੰਮੀ ਸੜਕ, ਜੋ ਕਿ ਲਗਭਗ 70 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਹੈ, ਦਾ ਉਦਘਾਟਨ ਕੀਤਾ ਗਿਆ। ਇਸ ਸੜਕ ਦੇ ਬਣਨ ਨਾਲ ਇਲਾਕੇ ਦੇ ਵਸਨੀਕਾਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲੇਗੀ ਅਤੇ ਪਿੰਡਾਂ ਦਰਮਿਆਨ ਕਨੈਕਟਿਵਿਟੀ ਹੋਰ ਮਜ਼ਬੂਤ ਹੋਵੇਗੀ। ਇਸ ਦੇ ਨਾਲ ਹੀ ਕੈਬਨਿਟ ਮੰਤਰੀ ਨੇ ਪਿੰਡ ਸੰਗਤਪੁਰਾ ਤੋਂ ਚੰਗਾਲੀਵਾਲਾ ਤੱਕ ਕਰੀਬ 3.5 ਕਿਲੋਮੀਟਰ ਲੰਮੀ ਸੜਕ ਦੇ ਨਿਰਮਾਣ ਕੰਮ ਦੀ ਸ਼ੁਰੂਆਤ ਕਰਵਾਈ, ਜਿਸ 'ਤੇ ਲਗਭਗ 1.65 ਕਰੋੜ ਰੁਪਏ ਖਰਚ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਹ ਸੜਕ ਇਲਾਕੇ ਦੇ ਵਿਕਾਸ ਲਈ ਮੀਲ ਪੱਥਰ ਸਾਬਤ ਹੋਵੇਗੀ ਅਤੇ ਲੋਕਾਂ ਨੂੰ ਸੁਵਿਧਾਜਨਕ ਆਵਾਜਾਈ ਪ੍ਰਦਾਨ ਕਰੇਗੀ। ਇਸ ਤੋਂ ਇਲਾਵਾ ਕੈਬਨਿਟ ਮੰਤਰੀ ਵੱਲੋਂ ਪਿੰਡ ਅੜਕਵਾਸ ਤੋਂ ਚੰਗਾਲੀਵਾਲਾ ਤੱਕ ਕਰੀਬ 3 ਕਿਲੋਮੀਟਰ ਲੰਮੀ ਸੜਕ ਦੀ ਮੁਰੰਮਤ ਦਾ ਕੰਮ ਵੀ ਸ਼ੁਰੂ ਕਰਵਾਇਆ ਗਿਆ, ਜਿਸ 'ਤੇ ਲਗਭਗ 58 ਲੱਖ ਰੁਪਏ ਦੀ ਲਾਗਤ ਆਵੇਗੀ। ਉਨ੍ਹਾਂ ਕਿਹਾ ਕਿ ਪੁਰਾਣੀਆਂ ਸੜਕਾਂ ਦੀ ਮੁਰੰਮਤ ਨਾਲ ਲੋਕਾਂ ਨੂੰ ਬਿਹਤਰ ਸੜਕ ਸਹੂਲਤਾਂ ਪ੍ਰਾਪਤ ਹੋਣਗੀਆਂ। ਇਸ ਮੌਕੇ ਉਨ੍ਹਾਂ ਸੁਨਾਮ-ਜਾਖਲ ਰੋਡ ਤੋਂ ਗੋਬਿੰਦਗੜ੍ਹ ਜੇਜੀਆਂ ਰਾਹੀਂ ਖੋਖਰ ਕਲਾਂ ਅਤੇ ਖੋਖਰ ਖੁਰਦ ਤੱਕ ਕਰੀਬ 7.27 ਕਿਲੋਮੀਟਰ ਲੰਮੀ ਸੜਕ ਨੂੰ 5 ਕਰੋੜ 45 ਲੱਖ ਰੁਪਏ ਦੀ ਲਾਗਤ ਨਾਲ ਚੌੜਾ ਕਰਨ ਦੇ ਕੰਮ ਦੀ ਸ਼ੁਰੂਆਤ ਕਰਵਾਈ। ਇਸ ਤੋਂ ਇਲਾਵਾ 1 ਕਰੋੜ 33 ਲੱਖ ਰੁਪਏ ਨਾਲ ਖੋਖਰ ਤੋਂ ਨੰਗਲਾ ਤੱਕ 2.81 ਕਿਲੋਮੀਟਰ ਸੜਕ ਅਤੇ 38 ਲੱਖ ਰੁਪਏ ਦੀ ਲਾਗਤ ਨਾਲ ਖੋਖਰ ਕਲਾਂ ਅਤੇ ਖੋਖਰ ਖੁਰਦ ਦੀ ਫਿਰਨੀ ਦੇ ਕੰਮਾਂ ਦੀ ਵੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਵਧੀਆ ਸੜਕਾਂ ਨਾਲ ਨਾ ਸਿਰਫ਼ ਆਵਾਜਾਈ ਸੁਖਾਲੀ ਹੁੰਦੀ ਹੈ, ਸਗੋਂ ਆਰਥਿਕ ਗਤੀਵਿਧੀਆਂ ਨੂੰ ਵੀ ਹੁਲਾਰਾ ਮਿਲਦਾ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਹਲਕਾ ਦਿੜ੍ਹਬਾ ਵਿੱਚ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਅੱਗੇ ਵਧਾਇਆ ਜਾ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵੱਡੇ ਪ੍ਰੋਜੈਕਟ ਲੋਕਾਂ ਨੂੰ ਸਮਰਪਿਤ ਕੀਤੇ ਜਾਣਗੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਕੰਮ ਉੱਚ ਗੁਣਵੱਤਾ ਨਾਲ ਅਤੇ ਨਿਰਧਾਰਤ ਸਮੇਂ ਅੰਦਰ ਮੁਕੰਮਲ ਕੀਤੇ ਜਾਣ। ਇਸ ਮੌਕੇ ਸੰਬੰਧਿਤ ਵਿਭਾਗਾਂ ਦੇ ਅਧਿਕਾਰੀ, ਪਿੰਡ ਪੰਚਾਇਤ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬੇਅਦਬੀ ਦੇ ਮਾਮਲਿਆਂ ਖਿਲਾਫ ਸਖ਼ਤ ਸਜ਼ਾਵਾਂ ਵਾਲਾ ਕਾਨੂੰਨ ਲਿਆਉਣਾ ਇਕ ਇਤਿਹਾਸਕ ਕਦਮ- ਪ੍ਰੋ. ਬਲਜਿੰਦਰ ਕੌਰ

ਤਲਵੰਡੀ ਸਾਬੋ, 15 ਅਪ੍ਰੈਲ (ਗੁਰਜੰਟ ਸਿੰਘ ਨਥੇ ਹਾ)- ਖ਼ਾਲਸਾ ਸਾਜਨਾ ਦਿਵਸ ਵਿਸਾਖੀ ਦੇ ਪਵਿੱਤਰ ਦਿਨ 'ਤੇ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਵਿਧਾਨ ਸਭਾ ਸੈਸ਼ਨ ਬੁਲਾ ਕੇ ਬੇਅਦਬੀ ਦੇ ਮਾਮਲਿਆਂ ਖਿਲਾਫ ਸਖ਼ਤ ਸਜ਼ਾਵਾਂ ਵਾਲਾ ਕਾਨੂੰਨ ਲਿਆਉਣਾ ਇਕ ਇਤਿਹਾਸਕ ਕਦਮ ਹੈ। ਇਸ ਨਾਲ ਨਾ ਸਿਰਫ਼ ਸਿੱਖ ਕੌਮ ਦੇ ਮਨਾਂ ਨੂੰ ਠੰਡ ਪਈ ਹੈ, ਸਗੋਂ ਦੁਨੀਆ ਭਰ ਵਿੱਚ ਵਸਦੇ ਸਿੱਖਾਂ ਵਿੱਚ ਇਕ ਭਰੋਸਾ ਵੀ ਜਾਗਿਆ ਹੈ ਕਿ ਉਨ੍ਹਾਂ ਦੇ ਧਾਰਮਿਕ ਅਸਥਾਨਾਂ ਅਤੇ ਮਰਯਾਦਾ ਦੀ ਰੱਖਿਆ ਲਈ ਸਰਕਾਰ ਸੰਵੇਦਨਸ਼ੀਲ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਤਲਵੰਡੀ ਸਾਬੋ ਤੋਂ ਹਲਕਾ ਵਿਧਾਇਕਾ ਅਤੇ ਕੈਬਨਿਟ ਰੈਂਕ (ਚੀਫ ਵਿਪ) ਪ੍ਰੋ. ਬਲਜਿੰਦਰ ਕੌਰ ਨੇ ਨਿੱਜੀ ਗਲਬਾਤ ਦੌਰਾਨ ਕੀਤਾ। ਉਹਨਾਂ ਕਿਹਾ ਕਿ ਮੇਰੇ ਵੱਲੋਂ ਆਮ ਆਦਮੀ ਪਾਰਟੀ ਸਰਕਾਰ ਦਾ ਦਿਲੋਂ ਧੰਨਵਾਦ ਕੀਤਾ ਜਾਂਦਾ ਹੈ, ਜਿਨ੍ਹਾਂ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਵੱਡਾ ਫੈਸਲਾ ਕੀਤਾ। ਬਾਕੀ ਵਿਧਾਨਸਭਾ ਵਿੱਚ ਮੂਲਮੰਤਰ, ਗੁਰਮੰਤਰ ਅਤੇ ਜੈਕਾਰੇ ਲਗਾ ਕੇ ਸਰਕਾਰ ਦੇ ਮੁੱਖ ਮੰਤਰੀ ਸਾਹਿਬਾਨ ਅਤੇ ਸਾਰੇ ਵਿਧਾਇਕਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਲਈ ਮਰਿਯਾਦਾ ਵਿੱਚ ਰਹਿਕੇ ਜਿਸ ਤਰਾਂ ਦੇ ਸਤਿਕਾਰਯੋਗ ਸ਼ਬਦ ਵਰਤੇ ਉਸ ਨਾਲ ਵਿਸ਼ਵ ਵਿੱਚ ਸਿੱਖ ਧਰਮ ਦਾ ਸਤਿਕਾਰ ਅਤੇ ਪ੍ਰਚਾਰ ਵਧਿਆ ਹੈ। ਇਹ ਸ਼ੈਸ਼ਨ ਦੁਨੀਆਂ ਵਿਚ ਦੇਖਿਆ ਜਾ ਰਿਹਾ ਹੈ। ਅਪਣੇ ਆਪ ਨੂੰ ਪੰਥਕ ਪਾਰਟੀ ਕਹਾਉਣ ਵਾਲੀ ਪਾਰਟੀ ਭਾਜਪਾ ਅਤੇ ਆਰ.ਐਸ.ਐਸ ਦੇ ਦਬਾਅ ਹੇਠ ਆ ਕੇ ਧਰਮ ਲਈ ਅਜਿਹਾ ਨਹੀਂ ਕਰ ਸਕਦੀ। ਇਸ਼ਕ. ਸਵਾਲ ਦੇ ਜਵਾਬ ਵਿੱਚ ਉਹਨਾਂ ਕਿਹਾ ਕਿ ਉਮੀਦ ਹੈ ਹੁਣ ਪਵਿੱਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਪਵਿੱਤਰ ਕੁਰਾਨ ਜੀ, ਪਵਿੱਤਰ ਗੀਤਾ ਜੀ, ਪਵਿੱਤਰ ਬਾਇਬਲ ਜੀ ਜਾਂ ਕਿਸੇ ਵੀ ਧਰਮ ਦੇ ਧਾਰਮਿਕ ਗ੍ਰੰਥ ਸਾਹਿਬ ਸਾਹਿਬ ਦੀ ਬੇਅਦਬੀ ਉਪਰ ਜਰੂਰ ਰੋਕ ਲੱਗੇਗੀ। ਵਿਰੋਧੀ ਪਾਰਟੀਆਂ 'ਤੇ ਤੰਜ ਕਸਦਿਆਂ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਕਾਂਗਰਸੀ ਆਗੂ ਫਿਰ ਇਕ ਵਾਰ ਲਾਹਣਤਾਂ ਖੱਟਣ ਵਿੱਚ ਸਫਲ ਹੋਏ ਹਨ। ਉਹ ਲਗਾਤਾਰ ਇਹ ਕਹਿੰਦੇ ਰਹੇ ਕਿ ਇਹ ਕਾਨੂੰਨ ਚੁਣੀ ਹੋਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੁਝਾਵਾਂ ਅਨੁਸਾਰ ਬਣਾਇਆ ਜਾਣਾ ਚਾਹੀਦਾ ਸੀ। ਪਰ ਹਕੀਕਤ ਇਹ ਹੈ ਕਿ ਇਹ ਗੱਲਾਂ ਲੋਕਾਂ ਨੂੰ ਗੁੰਮਰਾਹ ਕਰਨ ਲਈ ਕੀਤੀਆਂ ਜਾ ਰਹੀਆਂ ਹਨ। ਪੰਜਾਬ ਦੇ ਲੋਕ ਹੁਣ ਬਹੁਤ ਸੂਝਵਾਨ ਹਨ ਅਤੇ ਉਹ ਸਾਰੀ ਸੱਚਾਈ ਨੂੰ ਸਮਝਦੇ ਹਨ। ਇਹ ਗੱਲ ਵੀ ਸਭ ਨੂੰ ਪਤਾ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ 2011 ਵਿੱਚ ਹੋਈ ਸੀ ਜੋ ਪੰਜ ਸਾਲ ਲਈ ਸੀ, ਪਰ ਅੱਜ 15 ਸਾਲ ਤੋਂ ਵੱਧ ਸਮਾਂ ਬੀਤ ਚੁੱਕਾ ਹੈ ਅਤੇ ਅਜੇ ਤੱਕ ਨਵੀਆਂ ਚੋਣਾਂ ਨਹੀਂ ਕਰਵਾਈਆਂ ਗਈਆਂ। ਪੰਜਾਬ ਦੀਆਂ ਗੱਲਾਂ ਵਿੱਚ ਇਹ ਵੀ ਚਰਚਾ ਹੈ ਕਿ ਕੇਂਦਰ ਸਰਕਾਰ ਅਤੇ ਆਰ.ਐੱਸ.ਐੱਸ ਦੀ ਮੱਦਦ ਨਾਲ ਇਕ ਖਾਸ ਧੜਾ ਜਬਰਦਸਤੀ ਕਬਜ਼ਾ ਕਰਕੇ ਬੈਠਾ ਹੋਇਆ ਹੈ। ਇਸ ਧੜੇ ਦੇ ਆਗੂ ਆਪਣੇ ਆਪ ਨੂੰ ਸੁਖਬੀਰ ਸਿੰਘ ਬਾਦਲ ਦੇ ਸਿਪਾਹੀ ਵਜੋਂ ਦਰਸਾਉਂਦੇ ਹਨ ਅਤੇ ਆਪਣੀ ਰਾਜਨੀਤਿਕ ਸਹੂਲਤ ਲਈ ਧਾਰਮਿਕ ਸੰਸਥਾਵਾਂ ਦਾ ਦੁਰਪਯੋਗ ਕਰ ਰਹੇ ਹਨ। ਕਿਹਾ ਜਾਂਦਾ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨਾ ਕਰਵਾਉਣ ਦੇ ਪਿੱਛੇ ਵੀ ਵੱਡੇ ਰਾਜਨੀਤਿਕ ਹਿਤ ਹਨ, ਤਾਂ ਜੋ ਗਲਤ ਫੈਸਲੇ ਕਰਵਾਏ ਜਾ ਸਕਣ ਜਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਯਾਦਾ ਨੂੰ ਢਿੱਲਾ ਕਰਨ ਦੀ ਕੋਸ਼ਿਸ਼ ਕੀਤੀ ਜਾ ਸਕੇ। ਇਹ ਵੀ ਦੇਖਿਆ ਗਿਆ ਹੈ ਕਿ ਕਈ ਵਾਰ ਜਥੇਦਾਰ ਸਾਹਿਬਾਨ ਖਿਲਾਫ ਗਲਤ ਬਿਆਨਬਾਜ਼ੀ ਕੀਤੀ ਜਾਂਦੀ ਹੈ ਜਾਂ ਬਿਨਾ ਸਬੂਤ ਇਲਜ਼ਾਮ ਲਗਾ ਕੇ ਸੰਸਥਾਵਾਂ ਦੀ ਸਾਖ ਨੂੰ ਨੁਕਸਾਨ ਪਹੁੰਚਾਇਆ ਜਾਂਦਾ ਹੈ। ਇਹ ਸਭ ਕੁਝ ਇਕ ਸੋਚੀ ਸਮਝੀ ਸਾਜ਼ਿਸ਼ ਦਾ ਹਿੱਸਾ ਲੱਗਦਾ ਹੈ, ਜਿਸ ਦਾ ਮਕਸਦ ਸਿੱਖ ਧਰਮ ਦੀਆਂ ਮਜ਼ਬੂਤ ਸੰਸਥਾਵਾਂ ਨੂੰ ਕਮਜ਼ੋਰ ਕਰਨਾ ਅਤੇ ਲੋਕਾਂ ਦੇ ਮਨਾਂ ਵਿੱਚ ਸੰਦੇਹ ਪੈਦਾ ਕਰਨਾ ਹੈ। ਇਸ ਪਵਿੱਤਰ ਮਰਯਾਦਾ ਦੇ ਖਿਲਾਫ ਜਾਣ ਵਾਲਿਆਂ ਦਾ ਅੰਤ ਕਦੇ ਵੀ ਚੰਗਾ ਨਹੀਂ ਹੁੰਦਾ। ਪਿਛਲੇ ਇਤਿਹਾਸ ਨੂੰ ਯਾਦ ਕਰਦਿਆਂ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਸੱਚ ਦੀ ਹਮੇਸ਼ਾ ਜਿੱਤ ਹੁੰਦੀ ਹੈ ਅਤੇ ਝੂਠ ਅਤੇ ਅਨਿਆਇ ਦਾ ਅੰਤ ਨਿਸ਼ਚਿਤ ਹੈ। ਅਸੀਂ ਸਾਰੇ ਸਿੱਖ ਭਾਈਚਾਰੇ ਨੂੰ ਇਕਜੁੱਟ ਹੋ ਕੇ ਆਪਣੀਆਂ ਸੰਸਥਾਵਾਂ ਦੀ ਮਜ਼ਬੂਤੀ ਲਈ ਅੱਗੇ ਆਉਣਾ ਚਾਹੀਦਾ ਹੈ ਅਤੇ ਸਹੀ ਗੱਲ ਦਾ ਸਾਥ ਦੇਣਾ ਚਾਹੀਦਾ ਹੈ। ਅੱਜ ਲੋੜ ਹੈ ਕਿ ਅਸੀਂ ਜਾਗਰੂਕ ਰਹੀਏ ਅਤੇ ਕਿਸੇ ਵੀ ਗਲਤ ਪ੍ਰਚਾਰ ਦਾ ਹਿੱਸਾ ਨਾ ਬਣੀਏ।



ਆਵਾਜ਼ਿ ਕੌਮ AWAZE QAUM International Newspaper & WEB TV

ਚੇਅਰਮੈਨ ਮਾਨ ਨੇ

# ਸਿੱਖੀ ਸਰੂਪ ਨਾਲ ਜੁੜੇ ਬੱਚਿਆਂ ਨੂੰ ਸਿਰੋਪਾਓ ਦੇ ਕੇ ਕੀਤਾ ਸਨਮਾਨਿਤ



**ਚੌਕ ਮਹਿਤਾ, 15 ,ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਪਿੰਡ ਜਲਾਲ ਵਿਖੇ ਖਾਲਸਾ ਪੰਥ ਦਾ ਸਾਜਨਾਂ ਦਿਵਸ (ਵਿਸਾਖੀ) ਦਾ ਦਿਹਾੜਾ ਮਨਾਇਆ ਗਿਆ। ਜਿਸ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਸਜੇ ਧਾਰਮਿਕ ਦੀਵਾਨ ਵਿਚ ਕਥਾ ਵਾਚਕ ਗਿਆਨੀ ਗਗਨਦੀਪ ਸਿੰਘ ਨੇ ਸੰਗਤਾਂ ਨੂੰ ਗੁਰ ਇਤਹਾਸ ਸਰਵਨ ਕਰਵਾ ਕੇ ਨਿਹਾਲ ਕੀਤਾ। ਇਸ ਦੌਰਾਨ ਚੇਅਰਮੈਨ ਕੰਵਰਦੀਪ ਸਿੰਘ ਮਾਨ ਦੇ ਵੱਲ ਸਿੱਖ ਸਰੂਪ ਨਾਲ ਜੁੜੇ ਨੌਜਵਾਨਾਂ ਅਤੇ ਛੋਟੇ ਬੱਚਿਆਂ ਦਾ ਸਿਰੋਪਾਓ ਦੇਕੇ ਸਨਮਾਨ ਕੀਤਾ ਗਿਆ। ਉਨਾਂ ਦੱਸਿਆ ਕਿ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਇਨ੍ਹਾਂ ਬੱਚਿਆਂ ਦੇ ਮਾਪਿਆਂ ਦੇ ਵੱਲੋਂ ਦਿੱਤੀ ਸੇਧ ਦੇ ਸਦਕਾ ਅੱਜ ਇਹ ਸਾਰੇ ਬੱਚੇ ਸਿੱਖੀ ਸਰੂਪ ਦੇ ਧਾਰਨੀ ਬਣੇ ਹਨ। ਇਸ ਦੌਰਾਨ ਉਨ੍ਹਾਂ ਨੇ ਗੁਰਦੁਆਰਾ ਕਮੇਟੀ ਅਤੇ ਇਨ੍ਹਾਂ ਬੱਚਿਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਹੋਰਨਾਂ ਨੌਜਵਾਨਾਂ ਨੂੰ ਵੀ ਅਪੀਲ ਕੀਤੀ ਕਿ ਆਓ ਸਾਰੇ ਇਨ੍ਹਾਂ ਬੱਚਿਆਂ ਵਾਂਗ ਗੁਰੂ ਸਾਹਿਬਾਨਾਂ ਦੇ ਦਰਸਾਏ ਮਾਰਗ ਤੇ ਚੱਲਣ ਦੀ ਕੋਸ਼ਿਸ਼ ਕਰੀਏ, ਅੰਮ੍ਰਿਤ ਛਕੀਏ ਅਤੇ ਗੁਰੂ ਵਾਲੇ ਬਣੀਏ।

ਆਵਾਜ਼ਿ ਕੌਮ AWAZE QAUM International Newspaper & WEB TV

## ਕਿਹਾ-ਮਾਪੇ ਆਪਣੇ ਬੱਚਿਆਂ ਨੂੰ ਸਿੱਖ ਸਿਧਾਂਤਾਂ ਨਾਲ ਜੁੜਨ ਦੀ ਸੇਧ ਦੇਣ ਕੰਵਰਦੀਪ ਸਿੰਘ ਮਾਨ

ਚੇਅਰਮੈਨ ਕੰਵਰਦੀਪ ਸਿੰਘ ਮਾਨ ਨੇ ਬੱਚਿਆਂ ਨੂੰ ਸਨਮਾਨਿਤ ਕਰਨ ਮੌਕੇ ਚੇਅਰਮੈਨ ਹਰੇਕ ਮਾਂ ਬਾਪ ਨੂੰ ਅਪੀਲ ਕਰਿਦਆਂ ਆਖਿਆ ਕਿ ਅੱਜ ਸਾਨੂੰ ਆਪਣੇ ਬੱਚਿਆਂ ਨੂੰ ਮਾੜੀ ਸੰਗਤ ਵਿਚ ਪੈਣ ਤੋਂ ਬਚਾਉਣ ਦੀ ਲੋੜ ਹੈ ਸਾਡੇ ਬੱਚੇ ਨਸ਼ੇ ਦੀ ਆਦਤ ਪਾਕੇ ਗਲਤ ਦਿਸ਼ਾ ਵੱਲ ਜਾ ਰਹੇ ਹਨ, ਆਪਣੇ ਬੱਚਿਆਂ ਨੂੰ ਕੰਵਰਦੀਪ ਸਿੰਘਾਂ, ਭਾਈ ਤਜਿੰਦਰ ਸਿੰਘ, ਗਿ. ਗਗਨਦੀਪ ਸਿੰਘ, ਬਚਾਉਣ ਲਈ ਸਾਨੂੰ ਚਾਹੀਦਾ ਹੈ ਕਿ ਅਸੀਂ ਉਨ੍ਹਾਂ ਨੂੰ ਸਿੱਖੀ ਸਰੂਪ ਦੇ ਧਾਰਨੀ ਹੋਣਾ । ਸਿਖਾਈਏ। ਇਸ ਮੌਕੇ ਭਾਈ ਤਜਿੰਦਰ ਸਿੰਘ ਪ੍ਰਧਾਨ ਪੰਜਾਬ ਦਸ਼ਮੇਸ਼ ਤਰਨਾਦਲ, ਬਾਬਾ ਤਰਸੇਮ ਸਿੰਘ, ਪ੍ਰਧਾਨ ਅੰਗਰੇਜ ਸਿੰਘ, ਬਾਬਾ ਤਰਸੇਮ ਸਿੰਘ, ਪ੍ਰਧਾਨ ਅੰਗਰੇਜ ਸਿੰਘ ਤੇ ਹੋਰ।ਕੈਪਟਨ)ਸੁਖਵਿੰਦਰ ਸਿੰਘ, ਬਲਦੇਵ ਸਿੰਘ, ਬਲਵਿੰਦਰ ਸਿੰਘ, ਬਲਜੀਤ ਸਿੰਘ, ਮਹਿੰਦਰ ਸਿੰਘ, ਅਮਰਪ੍ਰੀਤ ਸਿੰਘ, ਜਸਕਰਨ ਸਿੰਘ ਤੇ ਬਿਕਰਮਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

ਮਰਦਮਸ਼ੁਮਾਰੀ ਵਿੱਚ ਅਧਿਆਪਕਾਂ ਦੀਆਂ

# ਥੋਕ ਡਿਊਟੀਆਂ ਲੱਗਣ ਕਾਰਨ ਸਕੂਲ ਹੋਣਗੇ ਖਾਲੀ




**ਤਲਵੰਡੀ ਸਾਬੋ, 15 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਸਕੂਲਾਂ ਦੇ ਨਵੇਂ ਸੈਸ਼ਨ ਦੀ ਸ਼ੁਰੂਆਤ ਵਿੱਚ ਹੀ ਸਰਕਾਰ ਨੇ ਅਧਿਆਪਕਾਂ ਨੂੰ ਵਿਦਿਆਰਥੀਆਂ ਤੋਂ ਦੂਰ ਕਰ ਦਿੱਤਾ ਹੈ।ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਅਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਬਠਿੰਡਾ ਜ਼ਿਲ੍ਹੇ ਦੇ ਪ੍ਰਧਾਨ ਬਲਜਿੰਦਰ ਸਿੰਘ ਸਕੱਤਰ ਜਸਵਿੰਦਰ ਸਿੰਘ ਨੇ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 20 ਅਪ੍ਰੈਲ ਤੋਂ 05 ਮਈ ਤਕ ਮਰਦਮਸ਼ੁਮਾਰੀ ਦੇ ਗਿਣਤੀ ਕਾਰਾਂ ਅਤੇ ਸੁਪਰਵਾਈਜ਼ਰਾਂ ਦੀ ਟ੍ਰੇਨਿੰਗ ਚੱਲੇਗੀ। 15 ਮਈ ਤੋਂ 13 ਜੂਨ ਤਕ ਮਰਦਮਸ਼ੁਮਾਰੀ ਦੇ ਪਹਿਲੇ ਪੜਾਅ ਵਿੱਚ ਵੱਡੀ ਗਿਣਤੀ ਵਿੱਚ ਅਧਿਆਪਕਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਹਨ। ਮਰਦਮਸ਼ੁਮਾਰੀ ਦੀ ਇਹ ਐਕਸਰਸਾਇਜ਼ ਦਾ ਦੌਰ 31 ਮਾਰਚ 2027 ਤੱਕ ਚੱਲੇਗਾ।ਜਿਸ ਕਾਰਨ ਪੂਰੇ ਵਿਦਿਅਕ ਸ਼ੈਸ਼ਨ ਵਿੱਚ ਅਧਿਆਪਕ ਮਰਦਮਸ਼ੁਮਾਰੀ ਵਿੱਚ ਉਲਝ ਕੇ ਸਕੂਲਾਂ ਤੋਂ ਬਾਹਰ ਕੱਢ ਲਏ ਜਾਣਗੇ। ਆਗੂਆਂ ਨੇ ਕਿਹਾ ਕਿ ਇਸ ਤੋਂ ਪਹਿਲਾਂ ਬੀਐੱਲਓ ਲੱਗੇ ਵੱਡੀ ਗਿਣਤੀ ਅਧਿਆਪਕਾਂ ਨੂੰ ਐੱਸ.ਆਈ.ਆਰ ਸਰਵੇ ਲਈ ਸਕੂਲਾਂ ਤੋਂ ਬਾਹਰ ਵੋਟਾਂ ਦੇ ਸੁਧਾਈ ਅਤੇ ਵੋਟਾਂ ਬਣਾਉਣ ਦੇ ਕੰਮਾਂ ਵਿੱਚ ਲਾ ਰੱਖਿਆ ਹੈ। ਬਲਾਕ ਪ੍ਰਧਾਨ ਭੋਲਾ ਰਾਮ, ਕੁਲਵਿੰਦਰ ਸਿੰਘ ਵਿਰਕ, ਭੁਪਿੰਦਰ ਸਿੰਘ ਮਾਈਸਰਖਾਨਾ, ਰਾਜਵਿੰਦਰ ਜਲਾਲ ਵਿਕਾਸ ਗਰਗ ਅਤੇ ਬਲਕਰਨ ਕੋਟਸ਼ਮੀਰ ਨੇ ਕਿਹਾ ਕਿ ਆਪਣੀਆਂ ਜਿੰਮੇਵਾਰੀਆਂ 'ਤੇ ਅਧਿਆਪਕਾਂ ਵੱਲੋਂ ਨਵੇਂ ਦਾਖਿਲ ਕੀਤੇ ਬੱਚਿਆਂ ਦੇ ਮਾਪੇ ਇਸ ਸਾਰੇ ਵਰਤਾਰੇ ਨੂੰ ਲੈ ਕੇ ਦੁਚਿਤੀ ਵਿੱਚ ਹਨ।ਅਧਿਆਪਕ ਸਕੂਲਾਂ ਚ ਪੜਾਉਣ ਦੀ ਥਾਂ ਵਾਧੂ ਦੇ ਕੰਮਾਂ ਵਿੱਚ ਉਲਝਾ ਰੱਖੇ ਹਨ। ਜਥੇਬੰਦੀ ਦੇ ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਖੇਮੂਆਣਾ, ਜਿਲਾ ਕਮੇਟੀ ਮੈਂਬਰ ਜਗਦੀਪ ਸਿੰਘ ਮਾਨ, ਅਨਿਲ ਭੱਟ, ਦਰਸ਼ਨ ਸਿੰਘ ਭਗਤਾ, ਰਣਦੀਪ ਕੌਰ ਖਾਲਸਾ ਅਤੇ ਬਲਜਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 10 ਮਈ ਨੂੰ ਨਗਰ ਨਿਗਮ ਨਗਰ ਕੌਂਸਲਾਂ ਅਤੇ ਦੀਆਂ ਡਿਊਟੀਆਂ ਵਿੱਚ ਵੀ ਅਧਿਆਪਕਾਂ ਨੂੰ ਲਿਆ ਕੇ ਰੱਖਿਆ ਜਾਵੇਗਾ। ਉਹਨਾ ਸਰਕਾਰ ਤੋਂ ਮੰਗ ਕੀਤੀ ਕਿ ਮਰਦਮਸ਼ੁਮਾਰੀ ਦਾ ਕੰਮ ਕੇਂਦਰ ਸਰਕਾਰ ਦਾ ਹੈ ਇਸ ਲਈ ਇਸ ਕੰਮ ਵਿੱਚ ਸਾਰੇ ਵਿਭਾਗਾਂ ਦੀਆਂ ਡਿਊਟੀਆਂ ਅਨੁਪਾਤ ਦੇ ਅਧਾਰ 'ਤੇ ਲਗਾਈਆਂ ਜਾਣ। ਜਿਥੋਂ ਤੱਕ ਸੰਭਵ ਹੋ ਸਕੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਮੁੱਖ ਰੱਖਦਿਆਂ ਹੋਇਆ ਅਧਿਆਪਕਾਂ ਨੂੰ ਇਸ ਡਿਊਟੀ ਤੋਂ ਛੋਟ ਦਿੱਤੀ ਜਾਵੇ।ਅੱਜ ਦੀ ਮੀਟਿੰਗ ਵਿੱਚ ਜਸਵਿੰਦਰ ਸੰਦੋਹਾ, ਗੁਰਬਾਜ ਸਿੰਘ, ਹਰਸ਼ਰਨ ਸਿੰਘ, ਪਰਮਜੀਤ ਸੰਗਤ, ਜਗਤਾਰ ਗਿਆਨਾ, ਜਸਕਰਨ ਸਿੰਘ, ਦਰਸ਼ਨ ਸਿੰਘ, ਗੁਰਜਿੰਦਰ ਬੁਰਜ, ਰੂਪ ਸਿੰਘ, ਹਰਮੇਸ਼ ਕੁਮਾਰ, ਰਾਜੇਸ਼ ਕੁਮਾਰ ਆਦਿ ਆਗੂ ਹਾਜ਼ਰ ਸਨ।

## ਬੀਐੱਲਓ ਲੱਗੇ ਅਧਿਆਪਕਾਂ ਨੂੰ ਪਹਿਲਾਂ ਹੀ ਐੱਸ ਆਈ ਆਰ ਸਰਵੇ ਕਾਰਨ ਸਕੂਲਾਂ 'ਚੋਂ ਬਾਹਰ ਕੀਤਾ

ਆਵਾਜ਼ਿ ਕੌਮ AWAZE QAUM International Newspaper & WEB TV

# ਵਿਸਾਖੀ ਮੇਲੇ ਦੌਰਾਨ ਸਿਹਤ ਵਿਭਾਗ ਵੱਲੋਂ ਲਗਾਇਆ ਗਿਆ "ਨਿਗ੍ਹਾ ਦਾ ਲੰਗਰ"

## ਮਾਸ ਮੀਡੀਆ ਵਿੰਗ ਵੱਲੋਂ ਲਗਾਈ ਗਈ ਜਾਗਰੂਕਤਾ ਪ੍ਰਦਰਸ਼ਨੀ






ਤਲਵੰਡੀ ਸਾਬੋ, 15 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)– ਵਿਸਾਖੀ ਮੇਲੇ ਦੇ ਮੌਕੇ 'ਤੇ ਸਿਹਤ ਵਿਭਾਗ ਵੱਲੋਂ ਲੋਕਾਂ ਦੀਆਂ ਅੱਖਾਂ ਦੀ ਸੰਭਾਲ ਲਈ "ਨਿਗ੍ਹਾ ਦਾ ਲੰਗਰ" ਵਿਸ਼ੇਸ਼ ਕੈਂਪ ਲਗਾਇਆ ਗਿਆ। ਇਹ ਕੈਂਪ 12 ਅਪ੍ਰੈਲ ਤੋਂ 14 ਅਪ੍ਰੈਲ ਤੱਕ ਲਗਾਤਾਰ ਚੱਲਿਆ, ਜਿਸ ਦੌਰਾਨ ਲੋਕਾਂ ਨੂੰ ਮੁਫ਼ਤ ਅੱਖਾਂ ਦੀ ਜਾਂਚ ਅਤੇ ਇਲਾਜ ਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਗਈਆਂ। ਇਸ ਕੈਂਪ ਵਿੱਚ ਲਗਭਗ 2500 ਤੋਂ 3000 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਤਜਰਬੇਕਾਰ ਓਫਥੈਲਮਿਕ ਸਰਜਨਜ਼ ਵੱਲੋਂ ਕੀਤੀ ਗਈ। ਮਰੀਜ਼ਾਂ ਨੂੰ ਲੋੜ ਅਨੁਸਾਰ ਮੁਫ਼ਤ ਦਵਾਈਆਂ ਵੀ ਵੰਡੀਆਂ ਗਈਆਂ। ਇਸ ਤੋਂ ਇਲਾਵਾ ਕੁੱਲ 1120 ਐਨਕਾਂ ਵੀ ਮੁਫ਼ਤ ਵੰਡੀਆਂ ਗਈਆਂ, ਜਿਸ ਨਾਲ ਕਈ ਲੋਕਾਂ ਨੂੰ ਆਪਣੀ ਨਿਗ੍ਹਾ ਵਿੱਚ ਸੁਧਾਰ ਪ੍ਰਾਪਤ ਹੋਇਆ। ਕੈਂਪ ਦੀ ਸਫਲਤਾ ਵਿੱਚ ਡਾ. ਨਿਰਨਹਾਈ ਸਿੰਘ, ਡਾ.ਹਰਲੀਨ ਕੌਰ, ਡਾ.ਵੀਨੂ, ਡਾ.ਪਲਵੀ ਮੈਨਨ, ਡਾ.ਸ਼ਵੇਤਾ ਅਤੇ ਡਾ. ਡਿੰਪੀ ਕੱਕੜ ਦਾ ਮਹੱਤਵਪੂਰਨ ਯੋਗਦਾਨ ਰਿਹਾ। ਇਸ ਮੌਕੇ 'ਤੇ ਓਫਥੈਲਮਿਕ ਅਫਸਰ ਮੋਨਿਕਾ ਬੇਦੀ, ਸੰਦੀਪ ਸਿੰਘ, ਗੁਰਪ੍ਰੀਤ ਸਿੰਘ, ਰਾਹੁਲ ਪਠਾਰੀਆ, ਜਾਉਂਟੀ ਵਿਜ, ਰੂਪਾਲੀ ਅਤੇ ਕ੍ਰਿਸ਼ਨਾ ਦੇਵੀ ਨੇ ਵੀ ਕੈਂਪ ਦੇ ਸੁਚਾਰੂ ਪ੍ਰਬੰਧ ਵਿੱਚ ਆਪਣਾ ਯੋਗਦਾਨ ਦਿੱਤਾ। ਸਿਹਤ ਵਿਭਾਗ ਵੱਲੋਂ ਕਿਹਾ ਗਿਆ ਕਿ ਇਸ ਤਰ੍ਹਾਂ ਦੇ ਕੈਂਪ ਲੋਕਾਂ ਦੀ ਸਿਹਤ ਸੰਭਾਲ ਲਈ ਬਹੁਤ ਹੀ ਲਾਭਕਾਰੀ ਸਾਬਤ ਹੁੰਦੇ ਹਨ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਮੁਹਿੰਮਾਂ ਜਾਰੀ ਰੱਖੀਆਂ ਜਾਣਗੀਆਂ। ਇਸ ਦੇ ਨਾਲ ਹੀ ਵਿਭਾਗ ਦੇ ਮੀਡੀਆ ਵਿੰਗ ਵੱਲੋਂ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾਂਦੀਆਂ ਸਿਹਤ ਸਹੂਲਤਾਂ ਦੀ ਜਾਣਕਾਰੀ ਦੇਣ ਲਈ ਇੱਕ ਵਿਸ਼ੇਸ਼ ਪ੍ਰਦਰਸ਼ਨੀ ਵੀ ਲਗਾਈ ਗਈ। ਸਿਵਲ ਸਰਜਨ ਬਠਿੰਡਾ ਡਾ.ਤਪਿੰਦਰਜੋਤ ਕੌਸ਼ਲ ਅਤੇ ਸੀਨੀਅਰ ਮੈਡੀਕਲ ਅਫ਼ਸਰ ਤਲਵੰਡੀ ਸਾਬੋ ਡਾ.ਰਵੀ ਕਾਂਤ ਦੀ ਅਗਵਾਈ ਹੇਠ ਲਗਾਈ ਗਈ। ਇਸ ਪ੍ਰਦਰਸ਼ਨੀ ਦੌਰਾਨ ਜਿਲ੍ਹਾ ਮਾਸ ਮੀਡੀਆ ਅਫ਼ਸਰ ਪਵਨ ਕੁਮਾਰ, ਡਿਪਟੀ ਮਾਸ ਮੀਡੀਆ ਅਫ਼ਸਰ ਰੋਹਿਤ ਜਿੰਦਲ, ਕੇਵਲ ਸਿੰਘ, ਬਲਾਕ ਐਜੂਕੇਟਰ ਗੁਰਸਿਮਰਤ ਕੌਰ, ਮਾਲਵਿੰਦਰ ਸਿੰਘ, ਗਗਨਦੀਪ ਸਿੰਘ ਭੁੱਲਰ, ਮਨਜੀਤ ਸਿੰਘ, ਸੋਹਨਦੀਪ ਸਿੰਘ, ਮਹੇਸ਼ ਸ਼ਰਮਾ ਅਤੇ ਸਾਹਿਲ ਪੁਰੀ ਨੇ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾਂਦੀਆਂ ਸਿਹਤ ਸਹੂਲਤਾਂ ਦੀ ਜਾਣਕਾਰੀ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV



**ਵੈਸਾਖੀ ਦੇ ਪਵਿੱਤਰ ਪਾਵਨ ਦਿਹਾੜੇ ਦੀਆਂ ਸਮੂੰਹ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਲੱਖ ਲੱਖ ਵਧਾਈਆਂ ਹੋਣ ਵੱਲੋਂ , ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਮੁੱਖੀ ਗੁਰਦੁਆਰਾ ਟਾਹਲਾ ਸਾਹਿਬ ਨਹਿਰ ਪੁਲ ਤਰਸਿੱਕਾ ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)**

### ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਦੁਆਰਾ ਸਿੰਘ ਸਭਾ ਜੰਡਿਆਲਾ ਗੁਰੂ ਤੋਂ

# ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ



**ਜੰਡਿਆਲਾ ਗੁਰੂ, 15 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਬੀਤੇ ਦਿਨ ਦੇਸ ਵਿਦੇਸ ਵਿੱਚ ਵੱਸਦੀਆਂ ਸਮੂਹ ਗੁਰੂ ਨਾਨਕ ਲੇਵਾ ਸੰਗਤਾਂ ਵੱਲੋਂ ਖਾਲਸੇ ਦਾ ਸਾਜਨਾ ਦਿਵਸ ਬੜੀ ਸ਼ਰਧਾ ਭਾਵਨਾ ਤੇ ਪਿਆਰ ਨਾਲ ਮਨਾਇਆ ਗਿਆ ਜਿਸ ਦੇ ਚਲਦਿਆਂ ਜੰਡਿਆਲਾ ਗੁਰੂ ਦੀਆਂ ਸੰਗਤਾਂ ਵੱਲੋਂ ਗੁਰਦੁਆਰਾ ਸਿੰਘ ਸਭਾ ਜੰਡਿਆਲਾ ਗੁਰੂ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਸਦਕਾ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਫੁੱਲਾਂ ਨਾਲ ਸੱਜੀ ਪਾਲਕੀ ਸਾਹਿਬ ਵਿੱਚ ਸੁਸੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆ ਦੀ ਅਗਵਾਈ ਵਿੱਚ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਕੇ ਜੈਕਾਰਿਆਂ ਦੀ ਗੂੰਜ ਵਿੱਚ ਵਿਸਾਲ ਨਗਰ ਕੀਰਤਨ ਸਜਾਇਆ ਗਿਆ ! ਨਗਰ ਕੀਰਤਨ ਗੁਰਦੁਆਰਾ ਸਿੰਘ ਸਭਾ ਤੋਂ ਆਰੰਭ ਹੋ ਕਿ ਸਹਿਰ ਵਿਖੇ ਸਥਿਤ ਭਗਵਾਨ ਵਾਲਮੀਕ ਚੌਂਕ ਲੋਕਲ ਬੱਸ ਸਟੈਂਡ ਵਿਖੇ ਪਹੁੰਚਿਆ ਜਿਥੇ ਵੱਖ-ਵੱਖ ਰਾਜਨੀਤਿਕ ਧਾਰਮਿਕ ਸਖਸ਼ੀਅਤਾਂ ਨੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਇਸ ਮੌਕੇ ਤਪ ਅਸਥਾਨ ਗੁਰਦੁਆਰਾ ਬਾਬਾ ਹੁੰਦਾਲ ਜੀ ਦੇ ਸੰਚਾਲਕ ਬਾਬਾ ਪ੍ਰਮਾਨੰਦ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਅਤੇ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਭੇਟ ਕਰਕੇ ਸਤਿਕਾਰ ਕੀਤਾ ਅਤੇ ਸੰਗਤਾਂ ਨੂੰ ਖਾਲਸੇ ਦੇ ਸਾਜਨਾ ਦਿਵਸ ਦੀ ਵਧਾਈ ਦਿੱਤੀ ਨਗਰ ਕੀਰਤਨ ਅੱਗੇ ਚਾਲੇ ਪਾਉਂਦਾ ਹੋਇਆ ਜੋਤੀਸਰ ਕਲੋਨੀ ਵਿਖੇ ਪਹੁੰਚਿਆ ਜਿਥੇ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਤੇ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੁੱਖਾ ਸਿੰਘ ਜੀ ਤੇ ਜੋਤੀਸਰ ਦੀਆਂ ਸੰਗਤਾਂ ਨੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ !ਅਤੇ ਸੰਤ ਬਾਬਾ ਸੁੱਖਾ ਸਿੰਘ ਜੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਅਤੇ ਪੰਜ ਪਿਆਰੇ ਸਾਹਿਬਾਨਾਂ ਨੂੰ ਸਿਰਪਾਓ ਭੇਟ ਕਰਕੇ ਸਤਿਕਾਰ ਕੀਤਾ ਅਤੇ ਨਗਰ ਕੀਰਤਨ ਵਿੱਚ ਸ਼ਾਮਲ ਹੋਈਆਂ ਸੰਗਤਾਂ ਲਈ ਠੰਡੀਆਂ ਮਿੱਠੀਆਂ ਸਰਦਾਈਆਂ ਦੇ ਲੰਗਰ ਲਗਾਏ ਗਏ ਅਤੇ ਨਗਰ ਕੀਰਤਨ ਵਿੱਚ ਗਤਕਾ ਅਖਾੜਾ ਬਾਬਾ ਜੀਵਨ ਸਿੰਘ ਜੀ ਜੰਡਿਆਲਾ ਗੁਰੂ ਦੇ ਸਿੰਘਾਂ ਵੱਲੋਂ ਗੁਰੂ ਸਾਹਿਬ ਜੀ ਵੱਲੋਂ ਬਖਸਿਸ ਕੀਤੇ ਸਸਤਰਾਂ ਰਾਹੀਂ ਗਤਕੇ ਦੇ ਜੌਹਰ ਦਿਖਾਏ ਅਤੇ ਸੰਗਤਾਂ ਨੇ ਖੂਬ ਆਨੰਦ ਮਾਣਿਆ ਨਗਰ ਕੀਰਤਨ ਵਿੱਚ ਬੀਬੀਆਂ ਦੇ ਜਥੇ ਤੇ ਸਿੰਘਾਂ ਦੇ ਜਥੇ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਹਰਜੱਸ ਕੀਰਤਨ ਸਰਵਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ! ਨਗਰ ਕੀਰਤਨ ਅੱਗੇ ਨੂੰ ਚਾਲੇ ਪਾਉਂਦਾ ਹੋਇਆ ਸਹਿਰ ਜੰਡਿਆਲਾ ਗੁਰੂ ਦੇ ਵੱਖ ਵੱਖ ਬਜਾਰਾਂ ਰਾਹੀਂ ਸਹਿਰ ਦੀ ਪ੍ਰਕਰਮਾ ਕਰਦਿਆਂ ਹੋਇਆ ਦੇਰ ਸਾਮ ਗੁਰਦੁਆਰਾ ਸਿੰਘ ਸਭਾ ਵਿਖੇ ਸਮਾਪਤ ਹੋਇਆ ! ਇਸ ਮੌਕੇ ਗੁਰਦੁਆਰਾ ਸਿੰਘ ਸਭਾ ਦੇ ਗ੍ਰੰਥੀ ਸਿੰਘ ਭਾਈ ਸਾਹਿਬ ਵੱਲੋਂ ਸਮੂਹ ਸੰਗਤਾਂ ਨੂੰ ਖਾਲਸੇ ਦੇ ਸਾਜਨਾ ਦਿਵਸ ਦੀ ਵਧਾਈ ਦਿੱਤੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

**ਜੋਤੀਸਰ ਪਹੁੰਚਣ ਤੇ ਸੰਤ ਬਾਬਾ ਸੁੱਖਾ ਸਿੰਘ ਜੀ ਤੇ ਜੋਤੀਸਰ ਸੰਗਤਾਂ ਨੇ ਕੀਤਾ ਭਰਵਾਂ ਸਵਾਗਤ ਠੰਡੀਆਂ ਮਿੱਠੀਆਂ ਸਰਦਾਈਆਂ ਦੇ ਲੰਗਰ ਛਕਾਏ**

# ਜਗਤਜੋਤ ਐਕਟ ਬਣਾਉਣ ਤੇ ਮਾਨ ਸਰਕਾਰ ਦਾ ਧੰਨਵਾਦ—ਏਕਨੂਰ ਖਾਲਸਾ ਫੌਜ





ਫ਼ਿਰੋਜ਼ਪੁਰ, 15 ਅਪ੍ਰੈਲ (ਮਨੋਹਰ ਲਾਲ) :— ਜਾਗਤਜੋਤ ਬਿੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਪਾਸ ਕਰਕੇ ਪੰਜਾਬ ਦੀ ਭਗਵੰਤ ਸਿੰਘ ਮਾਨ ਨੇ ਇਕ ਵਾਰ ਫਿਰ ਸਿੱਧ ਕਰ ਦਿੱਤਾ ਹੈ ਕਿ ਉਹ ਵਾਕਿਆ ਹੀ ਪੰਜਾਬ ਤੇ ਪੰਜਾਬ ਦੀ ਜਨਤਾ ਨਾਲ ਦਿਲੋਂ ਪਿਆਰ ਕਰਦਾ ਹੈ। ਇਹ ਵਿਚਾਰ ਜ਼ਿਲ੍ਹਾ ਪ੍ਰਧਾਨ ਏਕਨੂਰ ਖਾਲਸਾ ਫੌਜ਼ ਦੇ ਭਾਈ ਲਖਬੀਰ ਸਿੰਘ ਨੰਬਰਦਾਰ ਨੇ ਸਾਂਝੇ ਕਰਦਿਆਂ ਕਿਹਾ ਕਿ ਧਰਮ ਦੇ ਨਾਮ ਤੇ ਵੋਟਾਂ ਲੈ ਕੇ ਪੰਜ ਵਾਰ ਮੁੱਖ ਮੰਤਰੀ ਬਣ ਕੇ ਵੀ ਨਹੀਂ ਕਰ ਸਕਿਆ ਫਕਰੇ ਕੌਮ ਪ੍ਰਕਾਸ਼ ਸਿੰਘ ਬਾਦਲ ਇਹ ਧਰਮ ਦਾ ਕੰਮ ਇਹ ਕੰਮ ਤਾਂ 1977 ਵਿਚੋਂ ਜਦੋਂ ਪਹਿਲੀ ਵਾਰ ਪੰਥ ਨੂੰ ਖਤਰਾ ਦੱਸ ਕੇ ਮੁੱਖ ਮੰਤਰੀ ਦੀ ਕੁਰਸੀ ਤੇ ਬੈਠਾ ਸੀ, ਪਰ ਨਹੀਂ ਇਸ ਪਰਿਵਾਰ ਨੂੰ ਤਾਂ ਕੁਰਸੀ ਸਭ ਤੋਂ ਵੱਧ ਪਿਆਰੀ ਹੈ, ਉਲਟ ਉਨ੍ਹਾਂ ਲੋਕਾਂ ਦੀ ਪੁਸ਼ਤ ਪਨਾਹੀ ਕਰਦਾ ਰਿਹਾ ਜ਼ੋ ਪੰਜਾਬ ਦੀ ਜਵਾਨੀ ਦਾ ਘਾਣ ਕਰਦੇ ਰਹੇ। ਅੱਗੇ ਗੱਲ ਕਰਦਿਆਂ ਸੀਨੀਅਰ ਆਗੂ ਭਾਈ ਹਿੰਮਤ ਸਿੰਘ ਖਾਲਸਾ ਨੇ ਕਿਹਾ ਕਿ ਸਰਬ ਧਰਮਾਂ ਦੇ ਧਾਰਮਿਕ ਗ੍ਰੰਥਾਂ ਦੇ ਸਬੰਧ ਵਿਚ ਬਿੱਲ ਪੇਸ਼ ਕਰਨਾ ਸੀ, ਉਸ ਵਿਚ ਵੀ ਬਾਦਲ ਪਰਿਵਾਰ ਆਵਦੀ ਗੁਲਾਮ ਸ਼੍ਰੋਮਣੀ ਕਮੇਟੀ ਤੇ ਆਵਦੇ ਜਥੇਦਾਰ ਰਾਹੀਂ ਅੜਿਕਾ ਪਾਉਂਦਾ ਰਿਹਾ, ਕਦੇ ਅਸੀਂ ਕਾਨੂੰਨ ਬਣਾਵਾਂਗੇ, ਕਦੇ ਸਾਨੂੰ ਖਰੜਾ ਭੇਜੇ ਇਕ ਬੀਬੀ ਹੱਥਾਂ ਵਿਚ ਸ਼ਾਪਾਂ ਛੱਲੇ ਪਾ ਕੇ ਹੁਬ ਹੁਬ ਬੋਲ ਰਹੀ ਸੀ ਕਿ ਇਕ ਪਤਿਤ ਬੰਦਾ ਕਾਨੂੰਨ ਨਹੀਂ ਬਣਾ ਸਕਦਾ, ਵਾਹ ਬੀਬੀ ਜੀ ਅਸੀਂ ਪੁਛਦੇ ਹਾਂ ਭਾਰਤ ਦਾ ਕਾਨੂੰਨ ਸਭ ਤੋਂ ਪੜ੍ਹੇ ਲਿਖੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਨੇ ਲਿਖਿਆ ਸੀ, ਜਿਸ ਵਿਚ ਧਾਰਾ 25 ਬੀ ਵੀ ਸ਼ਾਮਲ ਹੈ, ਜ਼ੋ ਸਿੱਖੀ ਨਾਲ ਸਬੰਧਤ ਹੈ, ਉਹਨੇ ਕਿਹੜਾ ਅੰਮ੍ਰਿਤ ਛਕਿਆ ਸੀ, ਹੋਰ ਵੀ ਸ਼ਰਮ ਦੀ ਗੱਲ ਪੂਰੇ ਪੰਜਾਬ ਵਿਚੋਂ ਇਕੋ—ਇਕ ਐਮ.ਐਲ.ਏ ਮਜੀਠੀਏ ਦੇ ਘਰ ਵਾਲੀ ਬੀਬੀ ਰਾਨੀਵ ਕੌਰ ਵੀ ਸੰਸਦ ਵਿਚੋਂ ਗੈਰ ਹਾਜ਼ਰ ਰਹੀ। ਇਸ ਤੋਂ ਇਹ ਸਿੱਧ ਹੁੰਦਾ ਇਹ ਲੋਕ ਸਿਰਫ ਕੁਰਸੀ ਦੇ ਭੁੱਖੇ ਹਨ, ਇਨ੍ਹਾਂ ਨੂੰ ਧਰਮ ਨਾਲ ਕੋਈ ਪਿਆਰ ਨਹੀਂ, 18 ਸਾਲ ਪੰਜਾਬ ਤੇ ਰਾਜ ਕਰਕੇ ਧਰਮ ਦਾ ਕੁਝ ਨਹੀਂ ਕੀਤਾ, ਹੁਣ ਇਹ ਮੌਕਾ ਫੇਰ ਭਾਲਦੇ ਹਨ ਸ਼ਰਮ ਆਉਣੀ ਚਾਹੀਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਮੂਨਕ ਮੰਡੀ ਵਿੱਚ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਣਕ ਦੀ ਖਰੀਦ ਕਰਵਾਈ ਸ਼ੁਰੂ

## ਕਿਸਾਨਾਂ ਦੀ ਫਸਲ ਦੀ ਲਿਫਟਿੰਗ ਤੁਰੰਤ ਯਕੀਨੀ ਬਨਾਉਣ ਦੇ ਨਿਰਦੇਸ਼



**ਮੂਨਕ (ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਹਾੜ੍ਹੀ ਸੀਜ਼ਨ ਦੌਰਾਨ ਕਿਸਾਨਾਂ ਦੀ ਉਪਜ ਦੀ ਸੁਚੱਜੀ ਖਰੀਦ ਨੂੰ ਯਕੀਨੀ ਬਣਾਉਣ ਲਈ ਅੱਜ ਮੂਨਕ ਅਨਾਜ ਮੰਡੀ ਵਿੱਚ ਕਣਕ ਦੀ ਸਰਕਾਰੀ ਖਰੀਦ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਖਾਸ ਤੌਰ 'ਤੇ ਪਹੁੰਚੇ ਅਤੇ ਮੰਡੀ ਵਿੱਚ ਆਈ ਨਵੀਂ ਫਸਲ ਦੀ ਬੋਲੀ ਲਗਵਾ ਕੇ ਖਰੀਦ ਪ੍ਰਕਿਰਿਆ ਦਾ ਆਗਾਜ਼ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਬੇਮੌਸਮੀ ਬਰਸਾਤ ਕਰਨ ਇਕ ਤਾਂ ਲਸਟਰ ਲੌਸ ਹੋਇਆ, ਦੂਜਾ ਦਾਣੇ ਦਾ ਸਾਈਜ਼ ਪ੍ਰਭਾਵਿਤ ਹੋਇਆ ਅਤੇ ਤੀਜਾ ਬੱਲੀ ਕਾਲੀ ਹੋਣ ਦੀ ਦਿੱਕਤ ਆਈ ਹੈ। ਕੇਂਦਰ ਸਰਕਾਰ ਫੌਰੀ ਤੌਰ ਉੱਤੇ ਇਹਨਾਂ ਮੁਸ਼ਕਲਾਂ ਸਬੰਧੀ ਰਾਹਤ ਦੇਵੇ, ਜਿਵੇਂ ਕੇਂਦਰ ਨੇ ਰਾਜਸਥਾਨ ਨੂੰ ਰਾਹਤ ਦਿੱਤੀ ਹੈ। ਪੰਜਾਬ ਸਰਕਾਰ ਵੱਲੋਂ 125 ਲੱਖ ਮੀਟ੍ਰਿਕ ਟਨ ਕਣਕ ਖਰੀਦੀ ਜਾਂਦੀ ਹੈ, ਜਿਸ ਵਿੱਚੋਂ ਪੰਜਾਬ ਵਿੱਚ ਸਿਰਫ 08 ਲੱਖ ਮੀਟ੍ਰਿਕ ਟਨ ਕਣਕ ਦੀ ਖਪਤ ਹੁੰਦੀ ਹੈ। 117 ਲੱਖ ਮੀਟ੍ਰਿਕ ਟਨ ਕਣਕ ਪੂਰੇ ਭਾਰਤ ਵਿੱਚ ਭੇਜੀ ਜਾਂਦੀ ਹੈ, ਜਿਹੜੀ ਕਿ ਐੱਫ.ਸੀ. ਆਈ ਦੇ ਮਾਪ ਦੰਡਾਂ ਮੁਤਾਬਕ ਭੇਜਣੀ ਪੈਂਦੀ ਹੈ। ਸਪੈਸ਼ਲਾਂ ਰੁਕਣ ਦਾ ਮਾਮਲਾ ਵੀ ਆਉਂਦਾ ਹੈ ਤੇ ਸੀ.ਸੀ. ਲਿਮਿਟ ਦਾ ਸਾਰਾ ਹਿਸਾਬ ਅਗਲੀ ਫਸਲ ਤੋਂ ਪਹਿਲਾਂ ਕਲੀਅਰ ਕਰਨਾ ਪੈਂਦਾ ਹੈ। ਇਸ ਲਈ ਕੇਂਦਰ ਸਰਕਾਰ ਇਹਨਾਂ ਮਾਪਦੰਡਾਂ ਸਬੰਧੀ ਛੋਟ ਬਾਬਤ ਫੌਰੀ ਰਾਹਤ ਦੇਵੇ ਜਿਵੇਂ ਕਿ ਰਾਜਸਥਾਨ ਨੂੰ ਦਿੱਤੀ ਗਈ ਹੈ। ਕੈਬਨਿਟ ਮੰਤਰੀ ਨੇ ਇਹ ਵੀ ਕਿਹਾ ਕਿ ਵਿਰੋਧੀਆਂ ਵੱਲੋਂ ਕਣਕ ਦੀ ਖਰੀਦ ਸਬੰਧੀ ਤੱਥਹੀਣ ਬਿਆਨਬਾਜ਼ੀ ਕੀਤੀ ਜਾ ਰਹੀ ਹੈ, ਜਿਸ ਵੱਲ ਲੋਕਾਂ ਨੂੰ ਬਿਲਕੁਲ ਧਿਆਨ ਨਹੀਂ ਦੇਣਾ ਚਾਹੀਦਾ। ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਉਨ੍ਹਾਂ ਦੀ ਉਪਜ ਦੀ ਸਮੇਂ ਸਿਰ ਅਤੇ ਪੂਰਾ ਭੁਗਤਾਨ ਯਕੀਨੀ ਬਣਾਉਣ ਦੀਆਂ ਸਖ਼ਤ ਹਦਾਇਤਾਂ ਦਿੱਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹੁਕਮ ਦਿੱਤੇ ਕਿ ਖਰੀਦ ਕਾਰਜ ਨੂੰ ਪਾਰਦਰਸ਼ੀ ਅਤੇ ਸੁਚੱਜੇ ਢੰਗ ਨਾਲ ਚਲਾਇਆ ਜਾਵੇ ਅਤੇ ਕਿਸਾਨਾਂ ਦੀ ਫਸਲ ਦੀ ਤੁਰੰਤ ਲਿਫਟਿੰਗ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਮੰਡੀਆਂ ਵਿੱਚ ਪੀਣ ਵਾਲੇ ਪਾਣੀ, ਛਾਂ, ਸਫਾਈ ਅਤੇ ਹੋਰ ਸਹੂਲਤਾਂ ਦੇ ਪੂਰੇ ਪ੍ਰਬੰਧ ਕੀਤੇ ਜਾਣ। ਇਸ ਮੌਕੇ ਮਾਰਕੀਟ ਕਮੇਟੀ ਦੇ ਅਧਿਕਾਰੀ, ਖਰੀਦ ਏਜੰਸੀਆਂ ਦੇ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ, ਜਿਨ੍ਹਾਂ ਨੇ ਸਰਕਾਰ ਵੱਲੋਂ ਕੀਤੇ ਪ੍ਰਬੰਧਾਂ 'ਤੇ ਸੰਤੁਸ਼ਟੀ ਜਤਾਈ।

ਆਵਾਜ਼ਿ ਕੌਮ AWAZE QAUM International Newspaper & WEB TV

# ਐਸ.ਡੀ.ਐਮ. ਸੰਗਰੂਰ ਸਤੀਸ਼ ਚੰਦਰ ਨੇ ਮੰਡੀਆਂ 'ਚ ਖ਼ਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਕਿਸਾਨਾਂ ਨੂੰ ਕਣਕ ਦੀ ਖਰੀਦ ਦੌਰਾਨ ਸਹੂਲਤਾਂ ਪ੍ਰਦਾਨ ਕਰਨ ਅਤੇ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਬਣਾਉਣ ਦੇ ਮੰਤਵ ਨਾਲ ਐਸ.ਡੀ.ਐਮ. ਸੰਗਰੂਰ ਸਤੀਸ਼ ਚੰਦਰ ਵੱਲੋਂ ਸਬ ਡਵੀਜ਼ਨ ਅਧੀਨ ਆਉਂਦੀਆਂ ਵੱਖ-ਵੱਖ ਅਨਾਜ ਮੰਡੀਆਂ ਦਾ ਦੌਰਾ ਕਰਕੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਇਸ ਦੌਰੇ ਦੌਰਾਨ ਐਸ.ਡੀ.ਐਮ ਸਤੀਸ਼ ਚੰਦਰ ਨੇ ਪਿੰਡ ਘਾਬਦਾਂ, ਦੇਹਕਲਾਂ, ਦੁੱਗਾਂ, ਬਹਾਦੁਰਪੁਰ, ਬਡਰੁੱਖਾਂ, ਬਾਲੀਆਂ ਅਤੇ ਭਿੰਡਰਾਂ ਵਿਖੇ ਸਥਿਤ ਅਨਾਜ ਮੰਡੀਆਂ ਦਾ ਨਿਰੀਖਣ ਕੀਤਾ ਅਤੇ ਉੱਥੇ ਮੌਜੂਦ ਖਰੀਦ ਏਜੰਸੀਆਂ, ਆੜ੍ਹਤੀਆਂ ਅਤੇ ਸੰਬੰਧਿਤ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਮੰਡੀਆਂ ਵਿੱਚ ਆ ਰਹੀ ਫਸਲ ਦੀ ਖਰੀਦ ਪ੍ਰਕਿਰਿਆ, ਤੋਲ ਪ੍ਰਬੰਧ, ਸਟੋਰੇਜ ਵਿਵਸਥਾ, ਬਾਰਦਾਨਾ ਉਪਲਬਧਤਾ, ਪੀਣ ਵਾਲੇ ਪਾਣੀ, ਸਫਾਈ ਅਤੇ ਛਾਂ ਵਰਗੀਆਂ ਸਹੂਲਤਾਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਕਿ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਐਸ.ਡੀ.ਐਮ ਨੇ ਕਿਹਾ ਸਾਰੇ ਵਿਭਾਗਾਂ ਆਪਸੀ ਤਾਲਮੇਲ ਨਾਲ ਕੰਮ ਕਰਨ ਤਾਂ ਜੋ ਕਣਕ ਦੀ ਖਰੀਦ ਸੁਚੱਜੇ ਢੰਗ ਨਾਲ ਮੁਕੰਮਲ ਕੀਤੀ ਜਾ ਸਕੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਮੰਡੀਆਂ ਵਿੱਚ ਸਫਾਈ ਦੇ ਮਿਆਰ ਨੂੰ ਬਣਾਈ ਰੱਖਿਆ ਜਾਵੇ ਅਤੇ ਕਿਸਾਨਾਂ ਲਈ ਬੈਠਣ, ਪੀਣ ਵਾਲੇ ਪਾਣੀ ਅਤੇ ਹੋਰ ਬੁਨਿਆਦੀ ਸਹੂਲਤਾਂ ਦਾ ਪ੍ਰਬੰਧ ਹਮੇਸ਼ਾਂ ਮੁਕੰਮਲ ਰੱਖਿਆ ਜਾਵੇ। ਇਸ ਮੌਕੇ ਸੰਬੰਧਿਤ ਵਿਭਾਗਾਂ ਦੇ ਅਧਿਕਾਰੀ, ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਅਤੇ ਮੰਡੀ ਪ੍ਰਬੰਧਕ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸਿੰਘ ਸਾਹਿਬ ਬਾਬਾ ਬਲਬੀਰ ਸਿੰਘ 96 ਕਰੋੜੀ ਦੀ ਅਗਵਾਈ ਵਿਚ ਨਿਹੰਗ ਸਿੰਘਾਂ ਵਲੋਂ

# ਖ਼ਾਲਸਾਈ ਜਾਹੋ ਜਲਾਲ ਨਾਲ ਮਹੱਲਾ ਕੱਢਣ ਦੇ ਨਾਲ ਹੀ ਵਿਸਾਖੀ ਮੇਲਾ ਸਮਾਪਤ









**ਤਲਵੰਡੀ ਸਾਬੋ, 15 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਖ਼ਾਲਸਾ ਸਾਜਨਾ ਦਿਵਸ ਵਿਸਾਖੀ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਚੱਲ ਰਿਹਾ ਜੋੜ ਮੇਲਾ ਗੁਰੂ ਕੀਆਂ ਲਾਡਲੀਆਂ ਨਿਹੰਗ ਸਿੰਘ ਫੌਜਾਂ ਵਲੋਂ ਗੁਰੂ ਸਾਹਿਬਾਨ ਵੱਲੋਂ ਬਖਸ਼ਿਸ਼ ਨਿਸ਼ਾਨ ਨਿਗਾਰਿਆਂ ਦੀ ਛਤਰ ਛਾਇਆ ਹੇਠ ਅਤੇ ਬੁੱਢਾ ਦਲ ਦੇ ਮੁਖੀ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ 14ਵੇਂ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਚਲਦਾ ਵਹੀਰ ਚੱਕ੍ਰਵਰਤੀ ਨਿਹੰਗ ਸਿੰਘਾਂ ਦੀ ਅਗਵਾਈ 'ਚ ਪੁਰਾਤਨ ਰਵਾਇਤ ਮੁਤਾਬਕ ਮਹੱਲਾ ਸਜਾਉਣ ਨਾਲ ਹੀ ਵਿਸਾਖੀ ਮੇਲਾ ਰਸਮੀ ਤੌਰ 'ਤੇ ਸਮਾਪਤ ਹੋ ਗਿਆ। ਸਭ ਤੋਂ ਪਹਿਲਾਂ ਬੁੱਢਾ ਦਲ ਦੇ ਮੁੱਖ ਅਸਥਾਨ ਗੁਰਦੁਆਰਾ ਬੇਰ ਸਾਹਿਬ ਦੇਗਸਰ ਪਾਤਸ਼ਾਹੀ 10ਵੀਂ ਛਾਉਣੀ ਨਿਹੰਗ ਸਿੰਘਾਂ ਵਿਖੇ ਸ੍ਰੀ ਦਸਮ ਗ੍ਰੰਥ ਅਤੇ ਅਖੰਡ ਪਾਠਾਂ ਦੇ ਭੋਗ ਪਾਏ ਗਏ ਉਪਰੰਤ ਗੁਰਬਾਣੀ ਦੇ ਮਨੋਹਰ ਕੀਰਤਨ ਹੋਏ। ਕਥਾਵਾਚਕਾਂ, ਗਿਆਨੀਆਂ, ਪ੍ਰਚਾਰਕਾਂ ਅਤੇ ਢਾਢੀ ਕਵੀਸਰਾਂ ਨੇ ਸਿੱਖ ਇਤਿਹਾਸ ਤੇ ਖਾਲਸੇ ਸਾਜਨਾ ਦਿਵਸ ਦੀ ਮਹਿਮਾ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ ਅਖੰਡ ਪਾਠ ਦੇ ਭੋਗ ਮੌਕੇ ਪੁੱਜੀਆਂ ਧਾਰਮਿਕ ਸ਼ਖਸ਼ੀਅਤਾਂ ਦਾ ਸਨਮਾਨ ਕੀਤਾ ਗਿਆ ਬੁੱਢਾ ਦਲ ਵੱਲੋਂ ਅੰਮ੍ਰਿਤ ਸੰਚਾਰ ਕਰਵਾਇਆ ਗਿਆ ਜਿਸ ਵਿੱਚ 250 ਤੋਂ ਵੱਧ ਪ੍ਰਾਣੀਆਂ ਨੇ ਅੰਮ੍ਰਿਤ ਪਾਨ ਕੀਤਾ ਉਪਰੰਤ ਗੁਰਦੁਆਰਾ ਬੇਰ ਸਾਹਿਬ ਦੇਗਸਰ ਪਾਤਸ਼ਾਹੀ 10ਵੀਂ ਛਾਉਣੀ ਨਿਹੰਗ ਸਿੰਘਾਂ ਤੋਂ ਮਹੱਲੇ ਦੀ ਅਰੰਭਤਾ ਹੋਈ ਜਿਸ 'ਚ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੇ ਨਾਲ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ, ਬਾਬਾ ਮੇਜਰ ਸਿੰਘ ਦਸ਼ਮੇਸ਼ ਤਰਨਾ ਦਲ, ਬਾਬਾ ਵੱਸਣ ਸਿੰਘ, ਬਾਬਾ ਬਲਵਿੰਦਰ ਸਿੰਘ ਮਹਿਤਾ ਚੌਂਕ, ਬਾਬਾ ਬਲਦੇਵ ਸਿੰਘ ਵੱਲਾ, ਬਾਬਾ ਇੰਦਰਬੀਰ ਸਿੰਘ ਗੁਰੂਸਰ ਸਤਲਾਣੀ ਵਾਲੇ ਆਦਿ ਤੋਂ ਇਲਾਵਾ ਹੋਰ ਵੱਡੀ ਗਿਣਤੀ ਵਿਚ ਗੁਰੂ ਕੀਆਂ ਲਾਡਲੀਆਂ ਫ਼ੌਜਾਂ ਨਿਹੰਗ ਸਿੰਘ ਆਪਣੇ-ਆਪਣੇ ਦਲਾਂ ਬਲਾਂ ਸਮੇਤ ਸ਼ਾਮਿਲ ਹੋਏ। ਗੁਰਦੁਆਰਾ ਬੇਰ ਸਾਹਿਬ ਦੇਗਸਰ ਪਾਤਸ਼ਾਹੀ 10ਵੀਂ ਤੋਂ ਆਰੰਭ ਹੋਇਆ ਮਹੱਲਾ ਤਖ਼ਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋ ਕੇ, ਫਿਰ ਗੁਰਦੁਆਰਾ ਜੰਡਸਰ, ਗੁਰਦੁਆਰਾ ਮਹੱਲਸਰ ਸਾਹਿਬ ਵਿਖੇ ਮੱਥਾ ਟੇਕਣ ਉਪਰੰਤ ਗੁਰੂ ਕਾਸ਼ੀ ਗੁਰਮਤਿ ਇੰਸਟੀਚਿਊਟ ਦੇ ਸਾਹਮਣੇ ਬੱਸ ਸਟੈਂਡ ਦੇ ਪਿਛੇ ਮੈਦਾਨ ਵਿੱਚ ਪੁੱਜਾ। ਸ਼੍ਰੋਮਣੀ ਸੇਵਾ ਰਤਨ ਨਿਹੰਗ ਮੁੱਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੇ ਨਾਲ ਨਿਹੰਗ ਸਿੰਘ ਦਲਪੰਥਾਂ ਦੇ ਮੁਖੀ ਅਤੇ ਅਨੇਕਾਂ ਹੀ ਤਰਨਾ ਦਲਾਂ ਦੇ ਨਿਹੰਗ ਸਿੰਘ ਦਲਪੰਥਾਂ ਦੇ ਨਿਹੰਗ ਸਿੰਘ ਰਵਾਇਤੀ ਬਾਣਿਆਂ, ਸ਼ਸਤਰਾਂ, ਘੋੜਿਆਂ, ਹਾਥੀਆਂ, ਊਠਾਂ 'ਤੇ ਸਵਾਰ ਹੋ ਕੇ ਪਹੁੰਚੇ ਤੇ ਜਿਥੇ ਉਨ੍ਹਾਂ ਨੇ ਸੰਗਤਾਂ ਦੇ ਲਾ ਮਿਸਾਲ ਇਕੱਠ ਨੂੰ ਘੋੜ ਸਵਾਰੀ, ਨੇਜੇਬਾਜ਼ੀ, ਗਤਕੇਬਾਜ਼ੀ ਅਤੇ ਪਹਿਲਵਾਨਾਂ ਨੇ ਮੱਲ ਅਖਾੜ੍ਹੇ ਵਿੱਚ ਜੋਰ ਅਜਮਾਈ ਦੇ ਜੋਹਰ ਦਿਖਾਏ ਮਹੱਲੇ ਵਿੱਚ ਨਿਹੰਗ ਸਿੰਘ ਦਲਾਂ ਦੇ ਮੁਖੀ ਤੇ ਵੱਡੀ ਗਿਣਤੀ ਵਿੱਚ ਨਿਹੰਗ ਸਿੰਘ ਫੌਜਾਂ ਨੇ ਸੁੰਦਰ ਦੁਮਾਲਿਆਂ ਤੇ ਚੱਕ੍ਰ, ਖੰਡੇ, ਚੰਦ, ਗੁਰਜ, ਸ਼ਿੰਗਾਰ, ਬਾਗਨਖਾ ਸਜਾਈ, ਛੋਟੀਆਂ ਵੱਡੀਆਂ ਕਿਰਪਾਨਾਂ ਪਹਿਨੀ, ਤੇ ਲੱਕ ਪਿਛੇ ਢਾਲਾਂ ਸਜਾਏ ਹੱਥਾਂ ਵਿੱਚ ਨੇਜੇ, ਖੰਡੇ ਫੜੀ, ਨੀਲਿਆਂ ਕੇਸਰੀ ਬਾਣਿਆਂ ਵਿਚ ਤਿਆਰ ਬਰ ਤਿਆਰ ਸ਼ਸਤਰਧਾਰੀ ਹੋ ਕੇ ਜੰਗੀ ਮਾਹੌਲ ਦਾ ਦ੍ਰਿਸ਼ ਪੇਸ਼ ਕਰ ਰਹੇ ਸਨ। ਬੈਂਡ ਵਾਜਿਆਂ ਦੀਆਂ ਸੁੰਦਰ ਧੁੰਨਾਂ, ਢੋਲ ਨਗਾਰਿਆਂ ਦੀਆਂ ਚੋਟਾਂ ਤੇ ਨਰਸਿੰਙੇ ਵਜਾਉਂਦੇ ਨਿਹੰਗ ਸਿੰਘਾਂ ਨੂੰ ਦੇਖਣ ਲਈ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਹਾਜ਼ਰ ਹੋਏ। ਉਪਰੰਤ ਘੋੜ ਦੌੜਾਂ ਹੋਈਆਂ। ਨਿਹੰਗ ਸਿੰਘ ਇੱਕ ਤੋਂ ਦੋ, ਦੋ ਤੋਂ ਚਾਰ ਅਤੇ ਚਾਰ ਤੋਂ ਛੇ, ਛੇ ਘੋੜਿਆਂ ਤੇ ਖੜ੍ਹ ਕੇ ਨਿਹੰਗ ਸਿੰਘਾਂ ਨੇ ਘੋੜਿਆਂ ਨੂੰ ਦੌੜਾਇਆ ਅਤੇ ਵੱਧ ਤੋਂ ਵੱਧ ਕਿੱਲੇ ਪੁੱਟ ਕੇ ਇਨਾਮ ਪ੍ਰਾਪਤ ਕੀਤੇ।ਇਸ ਮੌਕੇ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ ਨੇ ਸਮੁੱਚੇ ਦਲਾਂ ਦੇ ਮੁਖੀਆਂ ਦਾ ਵਿਸ਼ੇਸ਼ ਤੌਰ ਤੇ ਅਤੇ ਮਹੱਲੇ ਵਿਚ ਸ਼ਾਮਲ ਹੋਣ ਲਈ ਸਮੁੱਚੀਆਂ ਨਿਹੰਗ ਸਿੰਘਾਂ ਫੌਜਾਂ ਦਾ ਧੰਨਵਾਦ ਕੀਤਾ ਅਤੇ ਵਿਸ਼ੇਸ਼ ਤੌਰ 'ਤੇ ਖਾਲਸੇ ਦੇ ਸਾਜਨਾ ਦਿਵਸ ਦੀ ਵਧਾਈ ਦਿੱਤੀ।ਉਨ੍ਹਾਂ ਸੰਬੋਧਨ ਕਰਦਿਆਂ ਹਰੇਕ ਪ੍ਰਾਣੀ ਨੂੰ ਅੰਮ੍ਰਿਤ ਛਕ ਕੇ ਸ਼ਸ਼ਤਰਧਾਰੀ ਹੋਣ ਦੀ ਅਪੀਲ ਕੀਤੀ।ਸਾਰੀਆਂ ਖਾਲਸਾਈ ਫੌਜਾਂ ਗੁਰੂ ਗੋਬਿੰਦ ਸਿੰਘ ਨੂੰ ਅੰਗਸੰਗ ਰੱਖ ਕੇ ਹੋਲਾ ਮਹੱਲਾ ਖੇਡਦੇ ਦਿਖਾਈ ਦੇ ਰਹੇ ਸਨ।ਦਮਦਮਾ ਸਾਹਿਬ ਦੀ ਸਮੁੱਚੀ ਧਰਤੀ ਖਾਲਸਾਈ ਰੰਗ ਵਿਚ ਰੰਗੀ ਦਿਖਾਈ ਦੇ ਰਹੀ ਸੀ। ਇਸ ਸਮੇਂ ਜਥੇਦਾਰ ਬਾਬਾ ਅਵਤਾਰ ਸਿੰਘ ਮੁਖੀ ਤਰਨਾ ਦਲ ਸੰਪਰਦਾ ਬਾਬਾ ਬਿਧੀ ਚੰਦ ਸੁਰਸਿੰਘ, ਜਥੇਦਾਰ ਬਾਬਾ ਜੋਗਾ ਸਿੰਘ ਮੁਖੀ ਮਿਸਲ ਸ਼ਹੀਦ ਬਾਬਾ ਦੀਪ ਸਿੰਘ ਤਰਨਾ ਦਲ ਬਾਬਾ ਬਕਾਲਾ, ਬਾਬਾ ਕੁਲਦੀਪ ਸਿੰਘ ਮਾਣਕ ਝਾੜ ਸਾਹਿਬ ਵਾਲੇ, ਬਾਬਾ ਰਾਜਾ ਰਾਜ ਸਿੰਘ ਅਰਬਾ ਖਰਬਾ, ਬਾਬਾ ਜੋਗਾ ਸਿੰਘ ਕਰਨਾਲ ਵਾਲੇ, ਬਾਬਾ ਵੱਸਣ ਸਿੰਘ ਮੜੀਆਂ ਦਲ ਬਟਾਲੇ ਵਾਲੇ, ਬਾਬਾ ਗੁਰਪ੍ਰੀਤ ਸਿੰਘ, ਬਾਬਾ ਤਰਲੋਕ ਸਿੰਘ ਖਿਆਲਾ, ਬਾਬਾ ਬਲਦੇਵ ਸਿੰਘ ਮੁਸਤਰਾਬਾਦ, ਬਾਬਾ ਕੁਲਵਿੰਦਰ ਸਿੰਘ ਚਮਕੌਰ ਸਾਹਿਬ, ਬਾਬਾ ਪ੍ਰਗਟ ਸਿੰਘ ਮਜੀਠਾ ਰੋਡ, ਬਾਬਾ ਰਘੁਬੀਰ ਸਿੰਘ ਖਿਆਲੇ ਵਾਲੇ, ਬਾਬਾ ਜਗਤਾਰ ਸਿੰਘ ਠੱਠੇ ਵਾਲੇ, ਬਾਬਾ ਢੂੰਡਾ ਸਿੰਘ ਮਿਸ਼ਲ ਭਾਈ ਬਚਿੱਤਰ ਸਿੰਘ, ਬਾਬਾ ਛਿੰਦਾ ਸਿੰਘ ਭਿੰਖੀਵਿੰਡ, ਸ. ਇੰਦਰਪਾਲ ਸਿੰਘ ਫੌਜੀ, ਬਾਬਾ ਜੱਸਾ ਸਿੰਘ ਤਲਵੰਡੀ ਸਾਬੋ, ਭਾਈ ਸੁਖਜੀਤ ਸਿੰਘ ਘਨੱਈਆ, ਬਾਬਾ ਮੱਘਰ ਸਿੰਘ, ਬਾਬਾ ਸੁਖਵਿੰਦਰ ਸਿੰਘ ਮੌਰ, ਬਾਬਾ ਸਰਵਣ ਸਿੰਘ ਮਝੈਲ, ਬਾਬਾ ਸੁਖਵਿੰਦਰ ਸਿੰਘ ਮੋਰ, ਬਾਬਾ ਵਿਸ਼ਵਪ੍ਰਤਾਪ ਸਿੰਘ ਸਮਾਣਾ, ਬਾਬਾ ਪਿਆਰਾ ਸਿੰਘ, ਬਾਬਾ ਗੁਰਮੁੱਖ ਸਿੰਘ, ਬਾਬਾ ਬਲਦੇਵ ਸਿੰਘ ਪਟਿਆਲਾ, ਬਾਬਾ ਚਰਨ ਸਿੰਘ ਫਤਹਿਗੜ੍ਹ ਸਾਹਿਬ, ਬਾਬਾ ਸਰਵਨ ਸਿੰਘ ਮਝੈਲ ਲੱਖੀ ਜੰਗਲ, ਬਾਬਾ ਭਗਤ ਸਿੰਘ ਬਹਾਦਰਗੜ੍ਹ, ਪਰਮਜੀਤ ਸਿੰਘ ਬਾਜਵਾ ਮੈਨੇਜਰ ਬੁੱਢਾ ਦਲ, ਬਾਬਾ ਸੁਖਦੇਵ ਸਿੰਘ ਸੁੱਖਾ, ਬਾਬਾ ਵਿਸ਼ਵਪ੍ਰਤਾਪ ਸਿੰਘ, ਬਾਬਾ ਦਲੇਰ ਸਿੰਘ, ਬਾਬਾ ਪਿਆਰਾ ਸਿੰਘ ਮੋਹਾਲੀ, ਬਾਬਾ ਹਰਪ੍ਰੀਤ ਸਿੰਘ ਹੈਪੀ, ਬਾਬਾ ਖੜਕ ਸਿੰਘ, ਬਾਬਾ ਲਖਵਿੰਦਰ ਸਿੰਘ, ਬਾਬਾ ਗਗਨਦੀਪ ਸਿੰਘ ਆਦਿ ਹਾਜ਼ਰ ਸਨ।ਖ਼ਾਲਸਾ ਪੰਥ ਦੇ ਜਾਹੋ-ਜਲਾਲ ਅਤੇ ਨਿਆਰੇਪਣ ਦਾ ਪ੍ਰਤੀਕ ਕੌਮੀ ਤਿਉਹਾਰ ਵਿਸਾਖੀ ਸ੍ਰੀ ਦਮਦਮਾ ਸਾਹਿਬ ਵਿਖੇ ਗੁਰੂ ਕੀਆਂ ਲਾਡਲੀਆਂ ਫ਼ੌਜਾਂ ਵਲੋਂ ਪੁਰਾਤਨ ਖਾਲਸਾਈ ਰਵਾਇਤ ਅਨੁਸਾਰ ਸਜਾਏ ਮਹੱਲੇ ਨਾਲ ਅਮਨ ਸ਼ਾਂਤੀ ਪੂਰਵਕ ਖਾਲਸੇ ਸਾਜਨਾ ਦਿਵਸ ਦਾ ਤਿਉਹਾਰ ਸਪੰਨ ਹੋ ਗਿਆ ਹੈ।

**ਸ਼ਿੰਗਾਰੇ ਘੋੜੇ, ਊਠ, ਹਾਥੀ ਲੋਕਾਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ, ਮਹੱਲੇ ਵਿੱਚ ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀ ਹੋਏ ਸ਼ਾਮਲ**

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਅੱਜ ਖਾਲਸਾ ਸਾਜਨਾ ਦਿਵਸ ਵਿਸਾਖੀ ਦੀਆਂ ਖੁਸ਼ੀਆਂ ਮੌਕੇ

# ਗੁਰੂ ਦੀਆਂ ਲਾਡਲੀਆਂ ਫੌਜਾਂ ਨਿਹੰਗ ਸਿੰਘਾਂ ਨੇ ਕੱਢਿਆ ਮਹੱਲਾ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਕੀਤਾ ਸੰਬੋਧਨ








ਤਲਵੰਡੀ ਸਾਬੋ, 15 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)– ਖਾਲਸਾ ਸਾਜਨਾ ਦਿਵਸ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਖੁੱਲੇ ਮੈਦਾਨ ਵਿੱਚ ਅੱਜ ਗੁਰੂ ਦੀਆਂ ਲਾਡਲੀਆਂ ਫੌਜਾਂ ਨਿਹੰਗ ਸਿੰਘਾਂ ਵਲੋਂ ਖ਼ਾਲਸਾਈ ਜਾਹੋ ਜਲਾਲ ਦੀ ਮਹਾਨ ਪਰੰਪਰਾ ਨੂੰ ਮੁੱਖ ਰੱਖਦੇ ਘੋੜ ਦੌੜਾਂ ਨੇਜੇ ਬਾਜ਼ੀ ਕੁਸ਼ਤੀਆਂ ਘੋੜੇ ਹਾਥੀਆਂ ਨਾਲ ਮਹੱਲਾ ਕੱਢਿਆ ਗਿਆ। ਇਸ ਸਮੇਂ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵਿਸ਼ੇਸ਼ ਸੰਬੋਧਨ ਕੀਤਾ ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਨਿਹੰਗ ਸਿੰਘ ਖਾਲਸਾ ਪੰਥ ਦੀ ਸ਼ਾਨ ਹਨ ਅਤੇ ਸਿੱਖ ਇਤਿਹਾਸ ਵਿੱਚ ਉਨ੍ਹਾਂ ਦੀ ਬੇਮਿਸਾਲ ਸੇਵਾ ਅਤੇ ਬਹਾਦਰੀ ਸਦਾ ਯਾਦ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਖਾਲਸਾ ਸਾਜਨਾ ਦਿਵਸ ਸਾਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ‘ਤੇ ਚੱਲਣ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਇਕੱਠੇ ਹੋ ਕੇ ਜਬਰ ਜ਼ੁਲਮ ਖ਼ਿਲਾਫ਼ ਜੂਝਣ ਦਾ ਸੰਦੇਸ਼ ਦਿੰਦਾ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਨਿਹੰਗ ਸਿੰਘ ਫੌਜਾਂ ਨੇ ਹਾਜ਼ਰੀ ਭਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 13 ਸਿੰਘਾਂ ਦੀ ਸ਼ਹਾਦਤ ਅਤੇ ਖਾਲਸਾ ਸਾਜਨਾ ਦਿਵਸ ਵੈਸਾਖੀ ਨੂੰ ਸਮਰਪਿਤ

# ਅਖੰਡ ਕੀਰਤਨ ਸਮਾਗਮ ਸ਼੍ਰੀ ਅੰਮ੍ਰਿਤਸਰ ਵਿਖ਼ੇ ਸਜਾਏ ਗਏ



ਨਵੀਂ ਦਿੱਲੀ 15 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਪੰਥ ਦੀ ਸਿਰਮੌਰ ਜੱਥੇਬੰਦੀ ਅਖੰਡ ਕੀਰਤਨੀ ਜੱਥੇ ਵਲੋਂ ਸ਼੍ਰੀ ਅੰਮ੍ਰਿਤਸਰ ਵਿਖ਼ੇ ਸਥਿਤ ਵੱਖ ਵੱਖ ਇਤਿਹਾਸਿਕ ਗੁਰਦੁਆਰਿਆਂ ਵਿਖ਼ੇ ਸਾਲਾਨਾ ਅਖੰਡ ਕੀਰਤਨ ਸਮਾਗਮ ਚੜ੍ਹਦੀਕਲਾ ਨਾਲ ਸੰਪੂਰਨ ਹੋਏ। ਇਸ ਸਮਾਗਮ ਵਿਚ ਇਤਿਹਾਸਿਕ ਗੁ: ਸ਼ਹੀਦ ਬਾਬਾ ਬੋਤਾ ਸਿੰਘ ਜੀ, ਬਾਬਾ ਗਰਜਾ ਸਿੰਘ ਜੀ, ਗੁਰਦੁਆਰਾ ਸ੍ਰੀ ਅੰਗੀਠਾ ਸਾਹਿਬ (13 ਸਿੰਘ ਸ਼ਹੀਦ), ਗੁਰਦੁਆਰਾ ਪਿੱਪਲੀ ਸਾਹਿਬ, ਗੁਰਦੁਆਰਾ ਦਮਦਮਾ ਸਾਹਿਬ, ਮਾਲ ਮੰਡੀ, ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ, ਗੁਰਦੁਆਰਾ ਰੰਗਲੇ ਸੱਜਣ ਟ੍ਰਸਟ, ਗੁਰਦੁਆਰਾ ਬਿਬੇਕਸਰ ਸਾਹਿਬ, ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖ਼ੇ ਸਵੇਰ ਅਤੇ ਸ਼ਾਮ ਦੇ ਕੀਰਤਨ ਉਪਰੰਤ ਰੈਣ ਸਬਾਈ ਕੀਰਤਨ ਦੇ ਦੀਵਾਨ ਮੰਜੀ ਸਾਹਿਬ ਹਾਲ, ਸ੍ਰੀ ਦਰਬਾਰ ਸਾਹਿਬ ਵਿਖ਼ੇ ਸਜਾਏ ਗਏ ਸਨ। ਸਮਾਗਮ ਦੌਰਾਨ ਪ੍ਰਬੰਧਕਾਂ ਵਲੋਂ ਦੇਸ਼ ਵਿਦੇਸ਼ ਤੋਂ ਆਈਆਂ ਸੰਗਤਾਂ ਦੀ ਰਿਹਾਇਸ਼ ਅਤੇ ਲੰਗਰ ਦਾ ਇੰਤਜਾਮ ਰੰਗਲੇ ਸੱਜਣ ਟ੍ਰਸਟ ਵਿਖ਼ੇ ਰੱਖਿਆ ਗਿਆ ਸੀ। ਜਿਕਰਯੋਗ ਹੈ ਕਿ 13 ਅਪ੍ਰੈਲ 1978 ਦੀ ਵਿਸਾਖੀ ਮੌਕੇ ਅੰਮ੍ਰਿਤਸਰ ਵਿੱਚ ਹੋਇਆ ਸਾਕਾ ਨਿਰੰਕਾਰੀ ਕਾਂਡ ਵੀ ਜਥੇ ਦੇ ਲਹੂ ਭਿੱਜੇ ਇਤਿਹਾਸ ਨਾਲ ਗਹਿਰਾ ਜੁੜਿਆ ਹੋਇਆ ਹੈ, ਜਿੱਥੇ ਭਾਈ ਫੌਜਾ ਸਿੰਘ ਜੀ ਸਮੇਤ 13 ਸਿੰਘ ਸ਼ਹੀਦ ਨਿਰੰਕਾਰੀ ਗੁਰੂ ਡੰਮ ਦਾ ਵਿਰੋਧ ਕਰਦੇ ਹੋਏ ਸ਼ਹੀਦ ਹੋਏ ਸਨ। ਇਥੇ ਦਸਣਯੋਗ ਹੈ ਕਿ ਅਖੰਡ ਕੀਰਤਨੀ ਜੱਥੇ ਦੀ ਸ਼ੁਰੂਆਤ ਵਿੱਚ ਇਸ ਨੂੰ "ਭਾਈ ਰਣਧੀਰ ਸਿੰਘ ਦਾ ਜਥਾ" ਜਾਂ "ਵਾਹਿਗੁਰੂ ਸਿੰਘ" ਕਿਹਾ ਜਾਂਦਾ ਸੀ। ਲੰਮੇ ਸਮੇਂ ਤੱਕ ਚੱਲਣ ਵਾਲੇ ਨਿਰੋਲ ਕੀਰਤਨ ਸਮਾਗਮਾਂ ਕਾਰਨ ਇਸ ਦਾ ਨਾਮ "ਅਖੰਡ ਕੀਰਤਨੀ ਜਥਾ" ਮਸ਼ਹੂਰ ਹੋ ਗਿਆ। ਸ਼੍ਰੀ ਅੰਮ੍ਰਿਤਸਰ ਵਿਖ਼ੇ ਸਮਾਗਮ ਉਲੀਕਣ ਵਾਲੇ ਜੱਥੇ ਦੇ ਪ੍ਰਬੰਧਕਾਂ ਵਲੋਂ ਹਾਜ਼ਿਰੀ ਭਰਣ ਵਾਲੀ ਸੰਗਤਾਂ ਅਤੇ ਐਸਜੀਪੀਸੀ ਦੀ ਪ੍ਰਬੰਧਕੀ ਕਮੇਟੀ ਵਲੋਂ ਦਿੱਤੇ ਗਏ ਸਾਹਿਯੋਗ ਦਾ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਦਸਿਆ ਕਿ ਅਗਲੇ ਸਮਾਗਮ ਅਖੰਡ ਕੀਰਤਨੀ ਜੱਥੇ ਦੇ ਬਾਨੀ ਸੋਨ ਚਿੜੀ ਭਾਈ ਸਾਹਿਬ ਭਾਈ ਰਣਧੀਰ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਮਾਗਮ ਦਿੱਲੀ ਵਿਖ਼ੇ 21 ਤੋਂ 24 ਮਈ ਤਕ ਹੋਣਗੇ।

### ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਸਾਹਿਬ ਵਿਖੇ

# ਖਾਲਸਾ ਸਾਜਨਾ ਦਿਵਸ ਮਨਾਇਆ ਗਿਆ

ਚੌਕ ਮਹਿਤਾ, 15 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਵਿਖੇ ਖਾਲਸੇ ਦੇ ਸਾਜਨਾ ਦਿਵਸ ਅਤੇ ਵਿਸਾਖੀ ਦਾ ਪਵਿੱਤਰ ਦਿਹਾੜਾ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖੀ ਸ੍ਰੀ ਮਾਨ ਸੰਤ ਬਾਬਾ ਸੁੱਖਾ ਸਿੰਘ ਜੀ ਵੱਲੋਂ ਦੇਸ ਵਿਦੇਸ ਦੀਆਂ ਸੰਗਤਾਂ, ਜੋਤੀਸਰ ਦੀਆਂ ਸੰਗਤਾਂ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਸਦਕਾ ਬੜੀ ਸਰਧਾ ਭਾਵਨਾ ਤੇ ਪਿਆਰ ਨਾਲ ਮਨਾਇਆ ਗਿਆ ! ਖਾਲਸੇ ਸਾਜਨਾ ਦਿਵਸ ਨੂੰ ਸਮਰਪਿਤ ਤਿੰਨ ਰੋਜ ਤੋਂ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਗਏ ਸਨ ਜਿਨਾਂ ਦੇ ਭੋਗ ਪਾਏ ਗਏ ਅਤੇ ਉਪਰੰਤ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਹਰਜੱਸ ਕੀਰਤਨ ਸਰਵਨ ਕੀਤੇ ਗਏ ਅਤੇ ਉਪਰੰਤ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਗਈ ਅਤੇ ਹੁਕਮਨਾਮੇ ਤੋਂ ਉਪਰੰਤ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਾਈ ਗਈ ਅਤੇ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਗਏ । ਇਸ ਮੌਕੇ ਸੰਤ ਬਾਬਾ ਸੁੱਖਾ ਸਿੰਘ ਜੀ ਵੱਲੋਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਜੀ ਆਇਆਂ ਆਖਿਆ ! ਇਸ ਵਿਸਾਖੀ ਪੁਰਬ ਬਾਰੇ ਵੀਚਾਰ



ਸਾਂਝੇ ਕਰਦਿਆਂ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ 1699 ਈ: ਦੀ ਵਿਸਾਖੀ ਵਾਲੇ ਦਿਨ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਆਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਪੰਜਾਂ ਪਿਆਰਿਆ ਦੀ ਸਥਾਪਨਾ ਕੀਤੀ ਗਈ ਅਤੇ ਪੰਜ ਪਿਆਰੇ ਸਾਹਿਬਾਨਾਂ ਨੂੰ ਆਕਾਲ ਪੁਰਖ ਦੀ

**1699 ਈ: ਦੀ ਵਿਸਾਖੀ ਨੂੰ ਖਾਲਸੇ ਦੀ ਸਾਜਨਾ ਕਰਕੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ਼ੇਰਾਂ ਦੀ ਕੌਮ ਤਿਆਰ ਕੀਤੀ -ਸ੍ਰੀ ਮਾਨ ਸੰਤ ਬਾਬਾ ਸੁੱਖਾ ਸਿੰਘ**

ਫੌਜ ਆਖ ਕਿ ਸੰਬੋਧਨ ਕੀਤਾ ਅਤੇ ਆਪ ਪੰਜ ਪਿਆਰੇ ਸਾਹਿਬਾਨਾਂ ਪਾਸੋਂ ਪਾਹੁਲ ਖੰਡਧਾਰ ਦੀ ਛਕ ਕਿ ਗੋਬਿੰਦ ਰਾਏ ਤੋਂ ਗੋਬਿੰਦ ਸਿੰਘ ਜੀ ਸੱਜੇ ! ਅਤੇ ਉਸ ਅੰਮ੍ਰਿਤ ਬਾਟਾ ਚ ਐਸੀ ਸਕਤੀ ਭਰੀ ਕਿ ਆਮ ਇਨਸਾਨ ਨੇ ਜਦੋਂ ਉਸ ਪਾਹੁਲ ਨੂੰ ਛਕਿਆ ਅਤੇ ਸੇਰਾਂ ਦੀ ਕੌਮ ਤਿਆਰ ਕੀਤੀ ਜਿਸ ਨੇ ਹਾਥੀਆਂ ਸੇਰਾਂ ਨਾਲ ਮੁਕਾਬਲੇ ਕਰਕੇ ਜੁਲਮ ਤੇ ਜਾਲਮ ਨਾਲ ਲੋਹਾ ਲਿਆ ਅਤੇ ਜਾਲਮ ਮੁਗਲ ਰਾਜ ਦਾ ਅੰਤ ਕੀਤਾ ! ਅਤੇ ਪੰਜ ਕਕਾਰਾਂ ਦੇ ਧਾਰਨੀ ਕਰਕੇ ਦੁਨੀਆਂ ਵਿੱਚ ਇਕ ਅਲੱਗ ਰੂਪ ਦੀ ਫੌਜ ਤਿਆਰ ਕੀਤੀ ਜੋ ਕਰੋੜਾਂ ਵਿੱਚ ਖੜ੍ਹੀ ਨਜਰ ਆ ਜਾਂਦੀ ਹੈ ! ਆਏ ਹੋਏ ਜਥਿਆਂ ਨੂੰ ਸ੍ਰੀ ਮਾਨ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਸਿਰਪਾਉ ਅਤੇ ਦੁਸ਼ਾਲਾ ਭੇਂਟ ਕੀਤੇ ਅਤੇ ਬਾਬਾ ਜੀ ਨੇ ਸਮੂਹ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਚੱਲ ਰਹੀ ਗੁਰੂ ਘਰ ਦੀ ਸੇਵਾ ਵਿੱਚ ਤਨ ਮਨ ਧੰਨ ਨਾਲ ਸੇਵਾ ਕਰਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

## ਹਰੀ ਸਿੰਘ ਪਿੰਡ ਰੱਤਾ ਖੇੜਾ ਪੰਜਾਬ ਸਿੰਘ ਵਾਲਾ ਨੇ ਇਕ ਪੱਤਰ ਪੰਜਾਬ ਦੇ ਜੇਲ੍ਹ ਵਿਭਾਗ ਦੇ ਡੀ.ਜੀ.ਪੀ ਨੂੰ ਭੇਜ ਕੇ ਮੰਗ ਕੀਤੀ ਕਿ ਮੇਰਾ ਬਣਦਾ ਸਿਨੋਰਟੀ ਦਾ ਬਕਾਇਆ ਤੁਰੰਤ ਦਿੱਤਾ ਜਾਵੇ

ਫ਼ਿਰੋਜ਼ਪੁਰ, 15 ਅਪ੍ਰੈਲ (ਮਨੋਹਰ ਲਾਲ) :— ਹਰੀ ਸਿੰਘ ਪਿੰਡ ਰੱਤਾ ਖੇੜਾ ਪੰਜਾਬ ਸਿੰਘ ਵਾਲਾ ਫ਼ਿਰੋਜ਼ਪੁਰ ਨੇ ਇਕ ਪੱਤਰ ਪੰਜਾਬ ਦੇ ਜੇਲ੍ਹ ਵਿਭਾਗ ਦੇ ਡੀ.ਜੀ.ਪੀ ਨੂੰ ਭੇਜ਼ ਕੇ ਮੰਗ ਕੀਤੀ ਹੈ ਕਿ ਮੇਰਾ ਬਣਦਾ ਸਿਨੋਰਟੀ ਦਾ ਬਕਾਇਆ ਤੁਰੰਤ ਦਿੱਤਾ ਜਾਵੇ। ਹਰੀ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੈਂ 1967 ਨੂੰ ਜੇਲ੍ਹ ਵਿਭਾਗ ਵਿਚ ਬਤੌਰ ਕਲਰਕ ਭਰਤੀ ਹੋਇਆ ਸੀ ਅਤੇ ਮੇਰੇ ਤੋਂ ਬਾਅਦ ਵਿਚ ਲੱਗੇ 1968 ਤੋਂ 1972 ਵਾਲੇ ਨੂੰ ਪਰਮੋਟ ਕਰ ਦਿੱਤਾ, ਪਰ ਮੈਨੂੰ ਬਾਰ—ਬਾਰ ਲਿਖਣ ਦੇ ਬਾਵਜੂਦ ਵੀ ਨਾ ਤਾਂ ਮੈਨੂੰ ਪਰਮੋਸ਼ਨ ਦਿੱਤੀ ਅਤੇ ਨਾ ਹੀ ਮੇਰਾ ਬਣਦਾ ਬਕਾਇਆ ਦਿੱਤਾ, ਜਦ ਕਿ ਪੰਜਾਬ ਸਰਕਾਰ ਨੇ ਆਪਣੇ ਪੱਤਰ ਨੰਬਰ 2—3—2022—4ਜੇ/1/636937/2023 ਮਿਤੀ ਚੰਡੀਗੜ੍ਹ 6.09.2023 ਦੇ ਹਵਾਲੇ ਨਾਲ ਪੰਜਾਬ ਦੇ ਜੇਲ੍ਹ ਵਿਭਾਗ ਦੇ ਡੀ.ਜੇ.ਪੀ ਨੂੰ ਲਿਖਿਆ ਕਿ ਇਨ੍ਹਾਂ ਦੇ ਬਣਦੇ ਸਾਰੇ ਬਕਾਏ ਦਿੱਤੇ ਜਾਣ, ਜਦੋਂ ਕਿ ਮੈਂ ਪੰਜਾਬ ਦੇ ਮੁੱਖ ਮੰਤਰੀ ਨੂੰ ਵੀ ਦੋ ਵਾਰੀ ਪੱਤਰ ਲਿਖ ਕੇ ਬੇਨਤੀ ਕੀਤੀ ਸੀ, ਪਰ ਹਾਲੇ ਤੱਕ ਮੈਨੂੰ ਬਣਦਾ ਬਕਾਇਆ ਨਹੀਂ ਮਿਲਿਆ। ਹਰੀ ਸਿੰਘ ਨੇ ਆਪਣਾ ਦੁਖੜਾ ਸੁਨਾਉਂਦਿਆਂ ਹੋਇਆ ਕਿਹਾ ਕਿ ਜੇਲ੍ਹ ਦਾ ਸੁਪਰਡੈਂਟ ਨੇ ਏ.ਡੀ.ਜੀ.ਪੀ ਨਾਲ ਮਿਲੀ ਭੁਗਤ ਕਰਕੇ ਕੈਦੀ ਮੰਗਲ ਸਿੰਘ ਪੁੱਤਰ ਕੁੰਦਨ ਸਿੰਘ ਵਾਸੀ ਜਿੰਦੜਾ ਥਾਣਾ ਧਰਮਕੋਟ ਜਿਸ ਨੂੰ ਕਤਲ ਦੇ ਕੇਸ ਵਿਚ 20 ਸਾਲ ਸਜਾ ਹੋਈ ਸੀ, ਜਿਸ ਦੀ ਉਮਰ 40 ਸਾਲ ਸੀ ਅਤੇ ਉਸ ਨੂੰ 69 ਸਾਲ ਬੁੱਢੇ ਕੈਦੀਆਂ ਵਿਚ ਸ਼ਾਮਲ ਕਰਕੇ ਰਿਹਾਅ ਕਰ ਦਿੱਤਾ ਸੀ, ਇਸੇ ਤਰ੍ਹਾਂ ਅਵਤਾਰ ਸਿੰਘ ਜ਼ੋ ਕਿ ਭਗੌੜਾ ਕੈਦੀ ਸੀ ਨੂੰ ਮੋਟੀ ਰਕਮ ਲੈ ਕੇ 8 ਮਹੀਨੇ ਮੁਆਫੀ ਦੇ ਕੇ ਰਿਹਾਅ ਕਰ ਦਿੱਤਾ, ਜਦੋਂ ਕਿ ਭਗੌੜੇ ਕੈਦੀ ਨੂੰ ਮੁਆਫੀ ਨਹੀਂ ਦਿੱਤੀ ਜਾ ਸਕਦੀ, ਇਸੇ ਤਰ੍ਹਾਂ ਟਰੈਕਟਰ ਨੰਬਰ ਪੀ.ਯ.ਯੂ 1599 ਜ਼ੋ ਕਿ 2—10 ਮਿੰਟ ਤੇ ਜੇਲ੍ਹ ਵਿਚੋਂ ਨਜਾਇਜ਼ ਤੌਰ ਚਾਰ ਗੰਢਾਂ ਸੂਤ ਅਤੇ 400 ਲਕੜੀ ਦੇ ਸਲੀਪਰ ਜ਼ੋ ਕਿ ਕੋਟਕਪੂਰੇ ਜਾ ਕੇ ਵੇਚ ਦਿੱਤੇ ਮੈਂ ਇਸ ਦੀ ਰਿਪੋਰਟ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਨੂੰ ਭੇਜੀ ਸੀ, ਇਸੇ ਵਜ੍ਹਾ ਰੰਜਿਸ਼ ਕਰਕੇ ਮੈਨੂੰ ਮੇਰੀ ਬਣਦੀ ਸਨੋਰਟੀ ਦਾ ਬਕਾਇਆ ਨਹੀਂ ਦੇ ਰਹੇ। ਮੈਂ ਜੇਲ੍ਹ ਵਿਭਾਗ ਦੇ ਡੀ.ਜੀ.ਪੀ ਤੋਂ ਮੰਗ ਕਰਦਾ ਹਾਂ ਕਿ ਮੈਨੂੰ ਜਲਦੀ ਤੋਂ ਜਲਦੀ ਬਣਦੀ ਸਕੋਰਟੀ ਦਾ ਬਕਾਇਆ ਦਿੱਤਾ ਜਾਵੇ ਅਤੇ ਜਿਨ੍ਹਾਂ ਅਫਸਰਾਂ ਨੂੰ ਜੇਲ੍ਹ ਦਾ ਕੈਦੀ ਰਿਹਾਅ ਕੀਤਾ ਹੈ, ਉਸ ਬਰਖਿਲਾਫ ਬਣਦੀ ਕਾਰਵਾਈ ਕੀਤੀ ਜਾਵੇ। ਹਰੀ ਸਿੰਘ ਨੇ ਅੱਗੇ ਦੱਸਿਆ ਕਿ ਜੇਲ੍ਹ ਵਿਭਾਗ ਦੇ ਡੀ.ਜੀ.ਪੀ ਨੇ ਮੇਰਾ ਬਣਦੀ ਸਨੋਰਟੀ ਦਾ ਬਕਾਇਆ ਨਾ ਦਿੱਤਾ ਤਾਂ ਮੈਂ ਮਜ਼ਬੂਰ ਹੋ ਕੇ ਜੇਲ੍ਹ ਦੇ ਬੂਹੇ ਅੱਗੇ ਭੁੱਖ ਹੜਤਾਲ ਤੇ ਬੈਠਣ ਲਈ ਮਜ਼ਬੂਰ ਹੋਵਾਂਗਾ।




## ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਕਾਨੂੰਨ ਬਨਾਉਣਾ ਸ਼ਲਾਘਾਯੋਗ ਕਦਮ : ਭਾਈ ਨੰਢਾ

ਫ਼ਿਰੋਜ਼ਪੁਰ, 15 ਅਪ੍ਰੈਲ (ਮਨੋਹਰ ਲਾਲ) :— ਪਿਛਲੇ ਕਾਫੀ ਲੰਬੇ ਸਮੇਂ ਤੋਂ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੋ ਰਹੀਆਂ ਬੇਅਦਬੀਆਂ ਦਾ ਮਸਲਾ ਸੰਗਤਾਂ ਵਿਚ ਨਿਰੰਤਰ ਰੋਸ ਪੈਦਾ ਕਰਦਾ ਆ ਰਿਹਾ ਸੀ। ਪਹਿਲਾਂ ਬਰਗਾੜੀ ਮੋਰਚਾ ਅਤੇ ਹੁਣ ਸਮਾਣਾ ਮੋਰਚੇ ਦੀ ਪ੍ਰਮੁੱਖ ਮੰਗ ਵੀ ਬੇਅਦਬੀ ਕਰਨ ਵਾਲਿਆਂ ਖਿਲਾਫ ਸਖਤ ਕਾਨੂੰਨ ਅਤੇ ਕਠੋਰ ਸਜਾ ਦੀ ਮੰਗ ਹੀ ਸੀ। ਇਸ ਕਾਨੂੰਨ ਸੰਬੰਧੀ ਗੱਲਬਾਤ ਕਰਦਿਆਂ ਸਿੱਖ ਸਟੂਡੈਂਟ ਫੈਡਰੇਸ਼ਨ ਮਹਿਤਾ ਦੇ ਸ਼ਹਿਰੀ ਪ੍ਰਧਾਨ ਭਾਈ ਕੁਲਦੀਪ ਸਿੰਘ ਨੰਢਾ ਨੇ ਦੱਸਿਆ ਕਿ ਸਿੱਖ ਸੰਗਤਾਂ ਵਲੋਂ ਬੇਅਦਬੀ ਦੇ ਦੋਸ਼ੀਆਂ ਖਿਲਾਫ ਸਖਤ ਕਾਨੂੰਨ ਬਨਾਉਣ ਦੀ ਮੰਗ ਲਗਾਤਾਰ ਹੁੰਦੀ ਆਈ ਹੈ। ਹੁਣ ਮੌਜੂਦਾ ਸਰਕਾਰ ਵਲੋਂ ਬੇਅਦਬੀ ਕਰਨ ਵਾਲੇ ਕੁਰਾਹੀਆਂ ਖਿਲਾਫ ਬਣੇ ਕਾਨੂੰਨ ਨਾਲ ਇਹਨਾਂ ਦੁਸ਼ਟ ਲੋਕਾਂ ਨੂੰ ਕਾਨੂੰਨ ਮੁਤਾਬਕ ਸਖਤ ਸਜਾ ਮਿਲ ਸਕੇਗੀ। ਸਿੱਖ ਸਟੂਡੈਂਟ ਫੈਡਰੇਸ਼ਨ ਇਸ ਨਵੇਂ ਕਾਨੂੰਨ ਦਾ ਸਵਾਗਤ ਕਰਦੀ ਹੈ ਅਤੇ ਆਸ ਕਰਦੀ ਹੈ ਕਿ ਪਿਛਲੇ ਸਮੇਂ ਵਿਚ ਹੋਈਆਂ ਬੇਅਦਬੀਆਂ ਦੇ ਦੋਸ਼ੀਆਂ ਉਪਰ ਵੀ ਮੌਜੂਦਾ ਕਾਨੂੰਨ ਦੀਆਂ ਧਾਰਾਵਾਂ ਤਹਿ ਕਰਨ ਸੰਬੰਧੀ ਕਾਨੂੰਨੀ ਚਾਰਾਜੋਈ ਕੀਤੀ ਜਾਵੇ। ਇਸ ਮੌਕੇ ਫੈਡਰੇਸ਼ਨ ਮਹਿਤਾ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਜਸਪਾਲ ਸਿੰਘ, ਸੁਖਦੇਵ ਸਿੰਘ ਲਾਡਾ, ਉਡੀਕ ਸਿੰਘ ਕੁੰਢੇ, ਡਾ: ਗੁਰਮੀਤ ਸਿੰਘ, ਮਨਜੀਤ ਸਿੰਘ ਔਲਖ, ਜਰਨੈਲ ਸਿੰਘ ਗਾਬੜੀਆ, ਜਸਬੀਰ ਸਿੰਘ ਤੇਗਾਂ ਸਿੰਘ ਵਾਲਾ ਹਰਜਿੰਦਰ ਸਿੰਘ ਬੱਗਾ, ਗਗਨਦੀਪ ਸਿੰਘ ਚਲਾਵਾਂ ਗੁਰਮੇਲ ਸਿੰਘ ਆਦਿ ਪਤਵੰਤੇ ਹਾਜਰ ਸਨ।



## ਕਿਲੇ ਵਾਲੇ ਗਰਾਊਂਡ ਨੇੜੇ ਵਧ ਰਹੀਆਂ ਅਨੈਤਿਕ ਗਤੀਵਿਧੀਆਂ ਅਤੇ ਲੁੱਟਾਂ-ਖੋਹਾਂ ਤੇ ਨਕੇਲ ਕੱਸੇ ਪ੍ਰਸ਼ਾਸਨ : ਮਿੰਕੂ ਚੌਧਰੀ



ਫ਼ਿਰੋਜ਼ਪੁਰ, 15 ਅਪ੍ਰੈਲ (ਮਨੋਹਰ ਲਾਲ) :— ਸ਼ਿਵ ਸੈਨਾ ਪੰਜਾਬ ਦੇ ਉਪ ਪ੍ਰਧਾਨ ਸ੍ਰੀ ਮਿੰਕੂ ਚੌਧਰੀ ਨੇ ਕਿਲੇ ਵਾਲੇ ਗਰਾਊਂਡ ਦੇ ਨਜ਼ਦੀਕ ਵਧ ਰਹੀਆਂ ਗੈਰ ਕਾਨੂੰਨੀ ਗਤੀਵਿਧੀਆਂ ਅਤੇ ਲੁੱਟ—ਖੋਹ ਦੀਆਂ ਵਾਰਦਾਤਾਂ ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਜ਼ਿਲ੍ਹਾ ਪ੍ਰਸ਼ਾਸਨ ਤੋਂ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਸਵੇਰ ਦੇ ਸਮੇਂ ਇਸ ਖੇਤਰ ਵਿੱਚ ਸ਼ਰੇਆਮ ਜਿਸਮਫ਼ਰੋਸ਼ੀ ਦਾ ਧੰਦਾ ਫਲ—ਫੁੱਲ ਰਿਹਾ ਹੈ ਅਤੇ ਰਾਹਗੀਰਾਂ ਨਾਲ ਲੁੱਟਮਾਰ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ, ਜਿਸ ਕਾਰਨ ਸਥਾਨਕ ਨਿਵਾਸੀਆਂ ਵਿੱਚ ਭਾਰੀ ਦਹਿਸ਼ਤ ਦਾ ਮਾਹੌਲ ਹੈ। ਸ੍ਰੀ ਚੌਧਰੀ ਨੇ ਜ਼ੋਰ ਦੇ ਕੇ ਕਿਹਾ ਕਿ ਨੇੜੇ ਹੀ ਕਈ ਨਾਮਵਰ ਸਕੂਲ ਹੋਣ ਕਾਰਨ ਇੱਥੋਂ ਰੋਜ਼ਾਨਾ ਬੱਚੇ ਅਤੇ ਮਾਪੇ ਗੁਜ਼ਰਦੇ ਹਨ। ਅਜਿਹਾ ਦੂਸ਼ਿਤ ਮਾਹੌਲ ਬੱਚਿਆਂ ਦੇ ਮਾਨਸਿਕ ਵਿਕਾਸ ਅਤੇ ਸੰਸਕਾਰਾਂ ਤੇ ਬਹੁਤ ਮਾੜਾ ਪ੍ਰਭਾਵ ਪਾ ਰਿਹਾ ਹੈ। ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਲੋਕ ਹਿੱਤ ਅਤੇ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਇਲਾਕੇ ਵਿੱਚ ਪੁਲਿਸ ਗਸ਼ਤ ਤੁਰੰਤ ਵਧਾਈ ਜਾਵੇ ਅਤੇ ਇਨ੍ਹਾਂ ਅਸਮਾਜਿਕ ਗਤੀਵਿਧੀਆਂ ਵਿੱਚ ਸ਼ਾਮਲ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਯਕੀਨੀ ਬਣਾਈ ਜਾਵੇ, ਤਾਂ ਜੋ ਖੇਤਰ ਵਿੱਚ ਸ਼ਾਂਤੀ ਅਤੇ ਕਾਨੂੰਨ ਵਿਵਸਥਾ ਬਣੀ ਰਹਿ ਸਕੇ।

### ਪੰਜਾਬ ਦੀ ਤਕਦੀਰ ਹੁਣ ਲੋਕ ਲਿਖਣਗੇ, 2027 ਵਿੱਚ ਪੰਥਕ ਸਰਕਾਰ ਬਣਾਕੇ

# ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਨੂੰ ਮੁੱਖ ਮੰਤਰੀ ਬਣਾਇਆ ਜਾਵੇਗਾ : ਭਾਈ ਜਗਤਾਰ ਸਿੰਘ ਮਾਹਲ (ਜਰਮਨੀ)





**ਅੰਮ੍ਰਿਤਸਰ 15 ਮਾਰਚ (ਆਵਾਜ਼ਿ ਕੌਮ ਬਿਊਰੋ)-** ਬੀਤੇ ਕੱਲ੍ਹ ਗੁਰੂ ਕੀ ਕਾਸ਼ੀ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਕਰਵਾਈ ਗਈ ਵਿਸ਼ਾਲ ਪੰਥਕ ਕਾਨਫ਼ਰੰਸ ਵਿੱਚ ਜਰਮਨੀ ਤੋਂ ਪਹੁੰਚੇ ਪ੍ਰਧਾਨ ਭਾਈ ਜਗਤਾਰ ਸਿੰਘ ਮਾਹਲ ਨੇ ਸੰਬੋਧਨ ਕਰਦਿਆਂ ਪੰਜਾਬ ਦੀ ਮੌਜੂਦਾ ਸਿਆਸੀ ਹਾਲਤ ‘ਤੇ ਤਿੱਖਾ ਪ੍ਰਹਾਰ ਕੀਤਾ ਅਤੇ ਪੰਥਕ ਰਾਜਨੀਤੀ ਲਈ ਮਜ਼ਬੂਤ ਦਿਸ਼ਾ ਨਿਰਧਾਰਿਤ ਕੀਤੀ। ਉਨ੍ਹਾਂ ਨਾਲ ਇਸ ਮੌਕੇ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਭੁਪਿੰਦਰ ਸਿੰਘ ਗੱਦਲੀ ( ਭਰਾਤਾ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਸੁੱਖਾ), ਭਾਈ ਸ਼ਮਸ਼ੇਰ ਸਿੰਘ ਪੱਧਰੀ ਮੀਡੀਆ ਇੰਚਾਰਜ ਅਕਾਲੀ ਦਲ ਵਾਰਿਸ ਪੰਜਾਬ ਦੇ, ਭਾਈ ਮਨਜਿੰਦਰ ਸਿੰਘ ਸਕੱਤਰ, ਭਾਈ ਜਸਵੰਤ ਸਿੰਘ ਫੌਜੀ ਝਾਮਕਾ ਅਤੇ ਫਰੈਂਕਫਰਟ ਤੋਂ ਭਾਈ ਗੁਰਬਿੰਦਰ ਸਿੰਘ ਝਾਮਕਾ, ਪ੍ਰਧਾਨ ਅਕਾਲੀ ਦਲ ਵਾਰਿਸ ਪੰਜਾਬ ਦੇ ਵੀ ਮੌਜੂਦ ਸਨ। ਅੰਮ੍ਰਿਤਸਰ ਤੋਂ ਜਾਰੀ ਕੀਤੇ ਪ੍ਰੈਸ ਨੋਟ ਰਾਹੀਂ ਭਾਈ ਜਗਤਾਰ ਸਿੰਘ ਮਾਹਲ ਨੇ ਆਪਣੇ ਬਿਆਨ ਵਿੱਚ ਦ੍ਰਿੜਤਾ ਨਾਲ ਕਿਹਾ ਕਿ ਪੰਜਾਬ ਅੱਜ ਗੰਭੀਰ ਸੰਕਟਾਂ ਵਿੱਚ ਘਿਰਿਆ ਹੋਇਆ ਹੈ, ਨਸ਼ਿਆਂ ਦੀ ਮਾਰ, ਕਰਜ਼ੇ ਦਾ ਬੋਝ, ਨੌਜਵਾਨੀ ਦੀ ਬੇਰੁਜ਼ਗਾਰੀ ਅਤੇ ਪੰਜਾਬ ਦੇ ਹੱਕਾਂ ‘ਤੇ ਲਗਾਤਾਰ ਹੋ ਰਹੇ ਹਮਲੇ ਇਸ ਗੱਲ ਦਾ ਸਪੱਸ਼ਟ ਸਬੂਤ ਹਨ ਕਿ ਪਹਿਲੀਆਂ ਸਰਕਾਰਾਂ ਨੇ ਸਿਰਫ ਆਪਣੇ ਸਿਆਸੀ ਫਾਇਦੇ ਲਈ ਪੰਜਾਬ ਨੂੰ ਬਰਬਾਦ ਕੀਤਾ ਹੈ। ਉਨ੍ਹਾਂ ਨੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦਾ ਵਿਸ਼ੇਸ਼ ਜਿਕਰ ਕਰਦਿਆਂ ਕਿਹਾ ਕਿ ਉਹ ਪੰਥਕ ਸੋਚ ਦੇ ਪ੍ਰਤੀਕ ਹਨ ਅਤੇ ਉਨ੍ਹਾਂ ਨੂੰ ਝੂਠੇ ਕੇਸਾਂ ਹੇਠ ਜੇਲ ਵਿੱਚ ਰੱਖਣਾ ਸਿਰਫ਼ ਸੱਚ ਦੀ ਆਵਾਜ਼ ਨੂੰ ਦਬਾਉਣ ਦੀ ਨਾਕਾਮ ਕੋਸ਼ਿਸ਼ ਹੈ। ਭਾਈ ਮਾਹਲ ਨੇ ਕਿਹਾ ਕਿ ਉਨ੍ਹਾਂ ਨੂੰ ਪੂਰੀ ਸ਼ੰਕਾ ਹੈ ਕਿ ਪੰਜਾਬ ਸਰਕਾਰ ਇੱਕ ਵਾਰ ਫਿਰ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ‘ਤੇ ਲੱਗੀ ਐਨ ਐਸ ਏ ਨੂੰ ਵਧਾਉਣ ਦੀ ਫਿਰਾਕ ਵਿੱਚ ਹੈ, ਜੋ ਕਿ ਲੋਕਤੰਤਰ ਦੇ ਮੂਲ ਅਸੂਲਾਂ ‘ਤੇ ਸਿੱਧਾ ਹਮਲਾ ਹੈ। ਉਨ੍ਹਾਂ ਨੇ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਹੁਣ ਜਾਗ ਚੁੱਕੇ ਹਨ ਅਤੇ 2027 ਦੀਆਂ ਚੋਣਾਂ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸਰਕਾਰ ਬਣਾਕੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਨੂੰ ਮੁੱਖ ਮੰਤਰੀ ਬਣਾਉਣ ਦਾ ਤਹੱਈਆ ਕਰ ਚੁੱਕੇ ਹਨ। ਭਾਈ ਜਗਤਾਰ ਸਿੰਘ ਮਾਹਲ ਨੇ ਪੰਜਾਬ ਸਰਕਾਰ ‘ਤੇ ਸਿੱਧੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਮੌਜੂਦਾ ਹਕੂਮਤ ਲੋਕਾਂ ਦੀਆਂ ਆਸਾਂ ‘ਤੇ ਖਰੀ ਉਤਰਣ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ। ਉਨ੍ਹਾਂ ਨੇ ਦੋਸ਼ ਲਾਇਆ ਕਿ ਸਰਕਾਰ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ, ਨਸ਼ਿਆਂ, ਬੇਰੁਜ਼ਗਾਰੀ ਅਤੇ ਕਿਸਾਨੀ ਸੰਕਟ ਵਰਗੇ ਮੁੱਦਿਆਂ ਨੂੰ ਹੱਲ ਕਰਨ ਦੀ ਬਜਾਏ ਸਿਰਫ ਰਾਜਨੀਤਿਕ ਵਿਰੋਧੀਆਂ ਨੂੰ ਦਬਾਉਣ ‘ਤੇ ਧਿਆਨ ਦਿੱਤਾ ਹੈ। ਉਨ੍ਹਾਂ ਨੇ ਸਖ਼ਤ ਲਫ਼ਜ਼ਾਂ ਵਿੱਚ ਕਿਹਾ ਕਿ ਐਨ ਐਸ ਏ ਵਰਗੇ ਕਾਨੂੰਨਾਂ ਦਾ ਗਲਤ ਇਸਤੇਮਾਲ ਕਰਕੇ ਨੌਜਵਾਨ ਆਵਾਜ਼ਾਂ ਨੂੰ ਖਾਮੋਸ਼ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜੋ ਕਿ ਕਿਸੇ ਵੀ ਲੋਕਤੰਤਰ ਲਈ ਖ਼ਤਰਨਾਕ ਸੰਕੇਤ ਹੈ। ਭਾਈ ਮਾਹਲ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਆਪਣੀ ਇਹ ਦਮਨਕਾਰੀ ਨੀਤੀ ਨਾ ਬਦਲੀ ਤਾਂ ਪੰਜਾਬ ਦੇ ਲੋਕ ਇਸਦਾ ਜਵਾਬ 2027 ਵਿੱਚ ਮਤਦਾਨ ਰਾਹੀਂ ਦੇਕੇ ਇਕ ਨਿਰੋਲ ਪੰਥਕ ਸਰਕਾਰ ਬਣਾਉਣਗੇ।

> **ਸਰਕਾਰਾਂ ਦਮਨਕਾਰੀ ਨੀਤੀਆਂ ਨਾਲ ਸੱਚ ਨੂੰ ਦਬਾ ਨਹੀਂ ਸਕਦੀਆਂ**

### ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ

# ਖਾਲਸਾ ਸਾਜਨਾ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ



**ਚੌਕ ਮਹਿਤਾ,15 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਪੁਰਾਤਨ ਤੇ ਸਿਰਮੌਰ ਸੰਸਥਾ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਪੰਜਾਬੀ ਸੰਸਕ੍ਰਿਤੀ ਖੁਸ਼ਹਾਲੀ ਅਤੇ ਖਾਲਸਾ ਪੰਥ ਦੀ ਸਾਜਨਾ ਦਾ ਦਿਵਸ ਵਿਸਾਖੀ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਗੁਰਬਾਣੀ ਦਾ ਜਸ ਸ਼ਬਦ ਕੀਰਤਨ ਗਾਇਨ ਕਰਕੇ ਕੀਤੀ ਗਈ।ਇਸ ਤਿਉਹਾਰ ਨਾਲ ਸਬੰਧੀ ਬੱਚਿਆਂ ਵੱਲੋਂ ਵੱਖ-ਵੱਖ ਗਤੀਵਿਧੀਆਂ ਜਿਵੇਂ ਕਵਿਤਾਵਾਂ, ਕਵੀਸ਼ਰੀ,ਗੀਤ ਤੇ ਭਾਸ਼ਣ ਵੀ ਦਿੱਤੇ ਗਏ। ਛੋਟੇ ਵਿਦਿਆਰਥੀਆਂ ਵੱਲੋਂ ਪੰਜਾਬੀ ਸੱਭਿਆਚਾਰ ਨਾਲ ਸੰਬੰਧਿਤ ਡਾਂਸ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ । ਇਸ ਮੌਕੇ ਤੇ ਧਾਰਮਿਕ ਪ੍ਰੀਖਿਆ ਵਿੱਚੋਂ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸ਼ੀਲਡਾਂ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਬੱਚਿਆਂ ਨੂੰ ਵਿਸਾਖੀ ਦੇ ਤਿਉਹਾਰ ਦੀ ਵਧਾਈ ਦਿੰਦਿਆ, ਉਹਨਾਂ ਨੂੰ ਵਿਸਾਖੀ ਦੇ ਇਤਿਹਾਸ ਬਾਰੇ ਦੱਸਿਆ ਤੇ ਇਸ ਦਿਨ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਉਹਨਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਸਾਨੂੰ ਆਪਣੀ ਸੰਸਕ੍ਰਿਤ ਅਤੇ ਵਿਰਾਸਤ ਨੂੰ ਸਾਂਭ ਕੇ ਰੱਖਣਾ ਚਾਹੀਦਾ ਹੈ ਅਤੇ ਆਪਣੇ ਜੀਵਨ ਵਿੱਚ ਮਿਹਨਤ ਅਤੇ ਇਮਾਨਦਾਰੀ ਦੀ ਨੀਤੀ ਅਪਣਾਉਣੀ ਚਾਹੀਦੀ ਹੈ। ਇਸ ਮੌਕੇ ਪ੍ਰਿੰਸੀਪਲ ਮੈਡਮ ਗੁਰਬੀਰ ਕੌਰ, ਡਾਇਰੈਕਟਰ ਮੈਡਮ ਹਰਪ੍ਰੀਤ ਕੌਰ, ਮੈਡਮ ਰਵਿੰਦਰ ਕੌਰ, ਸਰ ਅੰਮ੍ਰਿਤ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

> **ਸਕੂਲ ਦੇ ਚੇਅਰਮੈਨ ਸ੍ਰ ਗੁਰਦੀਪ ਸਿੰਘ ਰੰਧਾਵਾ ਨੇ ਬੱਚਿਆਂ ਨੂੰ ਇਤਿਹਾਸ ਬਾਰੇ ਜਾਣਕਾਰੀ ਦਿੱਤੀ**

# ਭਾਖੜਾ ਬਿਆਸ ਮੈਨੇਜਮੈਂਟ ਬੋਰਡ ’ਚ ਪੰਜਾਬ ਦੀ ਭਾਗੇਦਾਰੀ ਬਰਕਰਾਰ ਰੱਖੀ ਜਾਵੇ- ਐਡਵੋਕੇਟ ਧਾਮੀ



**ਨਵੀਂ ਦਿੱਲੀ, 15 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਭਾਰਤ ਸਰਕਾਰ ਵੱਲੋਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀਬੀਐਮਬੀ) ’ਚ ਪੰਜਾਬ ਦੀ ਸਥਾਈ ਮੈਂਬਰਸ਼ਿਪ ਖ਼ਤਮ ਕੀਤੇ ਜਾਣ ਵਾਲੇ ਨੋਟੀਫਿਕੇਸ਼ਨ ’ਤੇ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਨੂੰ ਪੰਜਾਬੀਆਂ ਨਾਲ ਇਕ ਹੋਰ ਧੱਕਾ ਕਰਾਰ ਦਿੱਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬੀਤੇ ਸਮੇਂ ਤੋਂ ਭਾਰਤ ਸਰਕਾਰ ਵੱਲੋਂ ਪੰਜਾਬ ਦੇ ਹੱਕਾਂ, ਹਿੱਤਾਂ ਅਤੇ ਸਿੱਖ ਕੌਮ ਦੀਆਂ ਵਾਜਬ ਮੰਗਾਂ ਨੂੰ ਲਗਾਤਾਰ ਅਣਡਿੱਠ ਕੀਤਾ ਜਾ ਰਿਹਾ ਹੈ। ਪੰਜਾਬ ਨਾਲ ਸਬੰਧਤ ਪਾਣੀਆਂ ਦੀ ਵੰਡ ਦਾ ਮਾਮਲਾ, ਚੰਡੀਗੜ੍ਹ ਤੇ ਹੋਰ ਪੰਜਬੀ ਬੋਲਣ ਵਾਲੇ ਇਲਾਕਿਆਂ ਦਾ ਮਸਲਾ, ਖੇਤੀਬਾੜੀ ਅਤੇ ਆਰਥਿਕਤਾ ਨਾਲ ਜੁੜੇ ਮਾਮਲਿਆਂ ਵਿਚ ਪੰਜਾਬ ਨਾਲ ਬੇਇਨਸਾਫ਼ੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਪੰਜਾਬ ਦੇ ਦਰਿਆਈ ਪਾਣੀ ਜਿਨ੍ਹਾਂ ’ਤੇ ਪਹਿਲਾ ਹੱਕ ਪੰਜਾਬ ਦੇ ਲੋਕਾਂ ਦਾ ਹੈ, ਨੂੰ ਹੋਰਨਾਂ ਰਾਜਾਂ ਵਿਚ ਗੈਰ-ਕਾਨੂੰਨੀ ਤਰੀਕੇ ਨਾਲ ਭੇਜੇ ਜਾਣ ਲਈ ਬੇਜ਼ਿੱਦ ਹੈ। ਇਸ ਲਈ ਨਿਯਮਾਂ ਵਿਚ ਤਬਦੀਲੀਆਂ ਕਰਕੇ ਪੰਜਾਬ ਦੇ ਹੱਕ ਖੋਹੇ ਜਾ ਰਹੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਹ ਪੰਜਾਬ ਦੇ ਹੱਕਾਂ ’ਤੇ ਸਿੱਧਾ ਹਮਲਾ ਹੈ। ਉਨ੍ਹਾਂ ਕਿਹਾ ਕਿ 1974 ’ਚ ਬੀਬੀਐਮਬੀ ਦੇ ਗਠਨ ਤੋਂ ਬਾਅਦ ਇਕ ਸਥਿਰ ਪ੍ਰਣਾਲੀ ਰਹੀ ਹੈ, ਪਰ ਹੁਣ ਕੇਂਦਰ ਆਪਣੀ ਮਰਜ਼ੀ ਅਨੁਸਾਰ ਨਿਯੁਕਤੀਆਂ ਕਰਨ ਲਈ ਅਜਿਹੇ ਹੱਥਕੰਡੇ ਵਰਤ ਰਹੀ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਆਖਿਆ ਕਿ ਇਸ ਫੈਸਲੇ ਨੂੰ ਤੁਰੰਤ ਵਾਪਸ ਲਿਆ ਜਾਵੇ ਅਤੇ ਅਜਿਹਾ ਕੋਈ ਵੀ ਨਿਯਮ ਲਾਗੂ ਕਰਨ ਦੀ ਕੋਸ਼ਿਸ਼ ਨਾ ਕੀਤੀ ਜਾਵੇ, ਜੋ ਪੰਜਾਬੀਆਂ ਦੇ ਹੱਕਾਂ ਨੂੰ ਖੋਹਣ ਵਾਲਾ ਹੋਵੇ।

## ਪੰਜਾਬ ਕਾਂਗਰਸ ਪਾਰਟੀ ਨੇ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੂੰ ਤੀਸਰੀ ਵਾਰ ਬਣਾਇਆ ਬਲਾਕ ਪ੍ਰਧਾਨ



ਤਲਵੰਡੀ ਸਾਬੋ, 15 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਸੰਗਠਨ ਸਿਰਜਣ ਅਭਿਆਨ ਦੇ ਤਹਿਤ ਪੰਜਾਬ ਕਾਂਗਰਸ ਪਾਰਟੀ ਵੱਲੋਂ ਪਾਰਟੀ ਦੀਆਂ ਨੀਤੀਆਂ ਅਤੇ ਜ਼ਮੀਨੀ ਪੱਧਰ ‘ਤੇ ਕੀਤੇ ਗਏ ਸਰਗਰਮ ਕੰਮਾਂ ਨੂੰ ਦੇਖਦੇ ਹੋਏ ਮਿਹਨਤੀ ਅਤੇ ਲੋਕਪ੍ਰਿਯ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੂੰ ਤੀਜੀ ਵਾਰ ਬਲਾਕ ਤਲਵੰਡੀ ਸਾਬੋ ਤੋਂ ਬਲਾਕ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਨਾਲ ਹਲਕੇ ਦੇ ਕਾਂਗਰਸੀ ਵਰਕਰਾਂ ਅਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ ਅਤੇ ਵੱਖ-ਵੱਖ ਥਾਵਾਂ ‘ਤੇ ਵਧਾਈਆਂ ਦਾ ਤਾਨਾ-ਬਾਣਾ ਲੱਗ ਗਿਆ। ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ ਕਿ ਇਹ ਸਨਮਾਨ ਸਿਰਫ਼ ਉਹਨਾਂ ਦਾ ਨਹੀਂ, ਸਗੋਂ ਪੂਰੇ ਬਲਾਕ ਦੇ ਮਿਹਨਤੀ ਵਰਕਰਾਂ ਦੀ ਲਗਾਤਾਰ ਮਿਹਨਤ ਅਤੇ ਵਿਸ਼ਵਾਸ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਜੋ ਭਰੋਸਾ ਉਨ੍ਹਾਂ ‘ਤੇ ਜਤਾਇਆ ਗਿਆ ਹੈ, ਉਹ ਉਸ ‘ਤੇ ਪੂਰਾ ਖਰਾ ਉਤਰਣ ਲਈ ਦਿਨ-ਰਾਤ ਮਿਹਨਤ ਕਰਨਗੇ ਅਤੇ ਪਾਰਟੀ ਨੂੰ ਜ਼ਮੀਨੀ ਪੱਧਰ ‘ਤੇ ਹੋਰ ਮਜ਼ਬੂਤ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਜਾਰੀ ਰੱਖਣਗੇ। ਉਨ੍ਹਾਂ ਅੱਗੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਨੌਜਵਾਨਾਂ ਨੂੰ ਵੱਧ ਤੋਂ ਵੱਧ ਪਾਰਟੀ ਨਾਲ ਜੋੜਿਆ ਜਾਵੇਗਾ ਅਤੇ ਹਰ ਵਰਗ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਇਆ ਜਾਵੇਗਾ। ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ ‘ਤੇ ਸੁਣ ਕੇ ਉਨ੍ਹਾਂ ਦਾ ਹੱਲ ਕਰਵਾਉਣਾ ਉਨ੍ਹਾਂ ਦੀ ਪਹਿਲ ਰਹੇਗੀ। ਇਸ ਮੌਕੇ ਉਨ੍ਹਾਂ ਪੰਜਾਬ ਪ੍ਰਦੇਸ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਜਨਰਲ ਸਕੱਤਰ ਕੈਪਟਨ ਸੰਦੀਪ ਸਿੰਘ ਸੰਧੂ ਅਤੇ ਜ਼ਿਲ੍ਹਾ ਪ੍ਰਧਾਨ ਪ੍ਰੀਤਮ ਸਿੰਘ ਕੋਟਭਾਈ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਦਿੱਤਾ ਗਿਆ ਸਹਿਯੋਗ ਅਤੇ ਵਿਸ਼ਵਾਸ ਹੀ ਉਨ੍ਹਾਂ ਲਈ ਸਭ ਤੋਂ ਵੱਡੀ ਤਾਕਤ ਹੈ।

## ਖਹਿਰਾ ਨੇ ਆਪ ਸਰਕਾਰ ਦੀ ਸੁਰੱਖਿਆ ਨੀਤੀ ’ਤੇ ਚੁੱਕੇ ਸਵਾਲ, ਵਾਈਟ ਪੇਪਰ ਦੀ ਕੀਤੀ ਮੰਗ



**ਚੰਡੀਗੜ੍ਹ/ਜਲੰਧਰ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭੁਲੱਥ ਤੋਂ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੇ ਪੰਜਾਬ ਵਿੱਚ ਸੁਰੱਖਿਆ ਵੰਡ ਨੂੰ ਲੈ ਕੇ ਆਮ ਆਦਮੀ ਪਾਰਟੀ ਦੀ ਸਰਕਾਰ ’ਤੇ ਤਿੱਖਾ ਹਮਲਾ ਕੀਤਾ ਹੈ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ’ਤੇ ਦੋਸ਼ ਲਗਾਇਆ ਕਿ ਸੁਰੱਖਿਆ ਦੇ ਪ੍ਰਬੰਧ ਮਨਮਾਨੇ, ਪੱਖਪਾਤੀ ਅਤੇ ਰਾਜਨੀਤਿਕ ਪ੍ਰਭਾਵ ਹੇਠ ਕੀਤੇ ਜਾ ਰਹੇ ਹਨ। ਖਹਿਰਾ ਨੇ ਹਾਲ ਹੀ ਵਿੱਚ ਰਾਘਵ ਚੱਢਾ ਨੂੰ ਦਿੱਤੀ ਗਈ ਜੈਡ+ ਸੁਰੱਖਿਆ ਅਤੇ ਉਸਦੀ ਵਾਪਸੀ ਦੇ ਮਾਮਲੇ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਸ ਨਾਲ ਸੁਰੱਖਿਆ ਵੰਡ ਦੀ ਪ੍ਰਕਿਰਿਆ ’ਤੇ ਗੰਭੀਰ ਸਵਾਲ ਖੜ੍ਹੇ ਹੁੰਦੇ ਹਨ। ਉਨ੍ਹਾਂ ਨੇ ਪੁੱਛਿਆ ਕਿ ਜਦੋਂ ਚੱਢਾ ਇੱਕ ਰਾਜ ਸਭਾ ਮੈਂਬਰ ਹਨ, ਤਾਂ ਉਨ੍ਹਾਂ ਨੂੰ ਇੰਨੀ ਉੱਚੀ ਸੁਰੱਖਿਆ ਦੇਣ ਦੀ ਲੋੜ ਕਿਉਂ ਪਈ ਅਤੇ ਬਾਅਦ ਵਿੱਚ ਇਸਨੂੰ ਵਾਪਸ ਲੈਣ ਤੋਂ ਪਹਿਲਾਂ ਕੀ ਖਤਰੇ ਦੀ ਸਮੀਖਿਆ ਕੀਤੀ ਗਈ ਸੀ ? ਉਨ੍ਹਾਂ ਨੇ ਕਿਹਾ ਕਿ ਸੁਰੱਖਿਆ ਸਿਰਫ਼ ਖਤਰੇ ਦੀ ਠੋਸ ਅਸੈਸਮੈਂਟ ਦੇ ਆਧਾਰ ’ਤੇ ਦਿੱਤੀ ਜਾਣੀ ਚਾਹੀਦੀ ਹੈ, ਨਾ ਕਿ ਸਰਕਾਰੀ ਮਨਮਰਜ਼ੀ ਨਾਲ। ਖਹਿਰਾ ਮੁਤਾਬਕ ਵਿਰੋਧੀ ਧਿਰ ਦੇ ਵਿਧਾਇਕਾਂ ਨੂੰ ਘੱਟ ਸੁਰੱਖਿਆ ਦਿੱਤੀ ਜਾ ਰਹੀ ਹੈ, ਜਦਕਿ ਸੱਤਾ ਧਿਰ ਦੇ ਨੇਤਾਵਾਂ ਨੂੰ ਬੇਹਿਸਾਬ ਗਨਮੈਨ ਮੁਹੱਈਆ ਕਰਵਾਏ ਜਾ ਰਹੇ ਹਨ। ਉਨ੍ਹਾਂ ਨੇ ਉਦਾਹਰਨ ਦਿੰਦਿਆਂ ਕਿਹਾ ਕਿ ਕੁਲਦੀਪ ਧਾਲੀਵਾਲ ਕੋਲ ਲਗਭਗ 19-20 ਗਨਮੈਨ ਹਨ, ਜਦਕਿ ਆਪਾ ਦੇ ਹਲਕਾ ਇੰਚਾਰਜਾਂ ਨੂੰ ਵੀ 8-10 ਸੁਰੱਖਿਆ ਕਰਮੀ ਦਿੱਤੇ ਜਾ ਰਹੇ ਹਨ।“ ਇਹ ਸਰਕਾਰੀ ਸਰੋਤਾਂ ਦਾ ਸਪੱਸ਼ਟ ਦੁਰਪਯੋਗ ਹੈ,” ਉਨ੍ਹਾਂ ਨੇ ਕਿਹਾ। ਖਹਿਰਾ ਨੇ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਦਾ ਜ਼ਿਕਰ ਕਰਦਿਆਂ ਕਿਹਾ ਕਿ ਜੇ ਸੁਰੱਖਿਆ ਸਿਸਟਮ ਠੀਕ ਢੰਗ ਨਾਲ ਕੰਮ ਕਰਦਾ, ਤਾਂ ਕਈ ਜਾਨਾਂ ਬਚ ਸਕਦੀਆਂ ਸਨ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਉਨ੍ਹਾਂ ਨੇ ਸਰਕਾਰ ਤੋਂ ਤੁਰੰਤ ਇੱਕ ਵਾਈਟ ਪੇਪਰ ਜਾਰੀ ਕਰਨ ਦੀ ਮੰਗ ਕੀਤੀ ਹੈ, ਜਿਸ ਵਿੱਚ ਸਾਰੇ ਰਾਜਨੀਤਿਕ ਆਗੂਆਂ ਅਤੇ ਅਧਿਕਾਰੀਆਂ ਨੂੰ ਦਿੱਤੀ ਜਾ ਰਹੀ ਸੁਰੱਖਿਆ ਦੀ ਪੂਰੀ ਜਾਣਕਾਰੀ ਹੋਵੇ। ਅੰਤ ਵਿੱਚ ਖਹਿਰਾ ਨੇ ਕਿਹਾ ਕਿ ਪੰਜਾਬ ਦੇ ਲੋਕ ਜਵਾਬਦੇਹੀ ਚਾਹੁੰਦੇ ਹਨ ਅਤੇ ਸੁਰੱਖਿਆ ਨੂੰ ਰਾਜਨੀਤਿਕ ਫਾਇਦੇ ਲਈ ਵਰਤਣਾ ਬਿਲਕੁਲ ਗਲਤ ਹੈ।

### ਭਾਰਤ, ਪਾਕਿਸਤਾਨ ਦੀਆਂ ਸਰਕਾਰਾਂ

# ਕਰਤਾਰਪੁਰ ਸਾਹਿਬ ਲਾਂਘਾ ਮੁੜ ਖੋਲ੍ਹਣ : ਮਨਜੀਤ ਸਿੰਘ ਭੋਮਾ



**ਡੇਰਾ ਬਾਬਾ ਨਾਨਕ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਸਥਿਤ ਨਾਨਕ ਕਰਤਾਰਪੁਰ ਕੋਰੀਡੋਰ ਰਾਹੀਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਇਤਿਹਾਸਕ ਗੁਰਦੁਆਰਾ ਸ੍ਰੀ ਕਰਤਾਰਪੁਰ ਦੇ ਦਰਸ਼ਨਾਂ ਲਈ ਕਰਤਾਰਪੁਰ ਸਾਹਿਬ ਲਾਂਘਾ ਖੋਲਣ ਵਾਸਤੇ ਅੱਜ ਵੱਡੀ ਗਿਣਤੀ ਵਿੱਚ ਸੰਗਤਾਂ ਵੱਲੋਂ ਡੇਰਾ ਬਾਬਾ ਨਾਨਕ ਦੀ ਅੰਤਰਰਾਸ਼ਟਰੀ ਸਰਹੱਦ ਤੇ ਖਲੋ ਕੇ ਤੇ ਗੁਰਦੁਆਰਾ

## ਕਰਤਾਰਪੁਰ ਸਾਹਿਬ ਕੌਰੀਡੌਰ ਮੁੜ ਖੋਲ੍ਹਣ ਲਈ ਭਾਰਤ ਪਾਕਿਸਤਾਨ ਸਰਹੱਦ ਤੇ ਸੰਗਤ ਰੂਪੀ ਅਰਦਾਸ ਕੀਤੀ ਗਈ

ਸ੍ਰੀ ਕਰਤਾਰਪੁਰ ਸਾਹਿਬ ਦੇ ਸਨਮੁਖ ਹੋ ਕੇ ਇਹ ਲਾਂਘਾ ਮੁੜ ਖੋਲਣ ਲਈ ਅਰਦਾਸ ਕੀਤੀ ਗਈ। ਇਸ ਮੌਕੇ ਪੰਜਾਬ ਦੇ ਵੱਖ ਵੱਖ ਕੋਨਿਆਂ ਤੋਂ ਪੁੱਜੀਆਂ ਸੰਗਤਾਂ ਵੱਲੋਂ ਪਹਿਲਾਂ ਦਰਸ਼ਨ ਸਥੱਲ ਤੇ ਖਲੋ ਕੇ ਸਤਿਨਾਮ ਵਾਹਿਗੁਰੂ ਦਾ ਜਾਪ ਕੀਤਾ ਗਿਆ ਉਪਰੰਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲਣ ਲਈ ਅਰਦਾਸ ਕੀਤੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਸਰਦਾਰ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰਕ ਕਮੇਟੀ ਪੰਜਾਬ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਸਰਬਜੀਤ ਸਿੰਘ ਜੰਮੂ ਸਕੱਤਰ ਹਰਿਆਣਾ ਸਿੱਖ ਗੁਰਦੁਆਰਾ

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰਬੰਧਕ ਕਮੇਟੀ ਤੇ ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰ ਸਮੇਤ ਵੱਖ ਵੱਖ ਆਗੂਆਂ ਵੱਲੋਂ ਭਾਰਤ ਤੇ ਪਾਕਿਸਤਾਨ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਕੋਲੋਂ ਮੰਗ ਕੀਤੀ ਗਈ ਕਿ ਇਸ ਬੰਦ ਪਏ ਕਰਤਾਰਪੁਰ ਸਾਹਿਬ ਲਾਂਘੇ ਨੂੰ ਮੁੜ ਖੋਲਿਆ ਜਾਵੇ ਤਾਂ ਜੋ ਨਾਨਕ ਨਾਮ ਲੇਵਾ ਸੰਗਤਾਂ ਆਪਣੇ ਇਸ ਵਿਛੜੇ ਗੁਰਧਾਮ ਦੇ ਖੁੱਲੇ ਦਰਸ਼ਨ ਦੀਦਾਰੇ ਕਰ ਸਕਣ। ਉਹਨਾਂ ਦੱਸਿਆ ਕਿ ਅਪ੍ਰੇਸ਼ਨ ਸੰਦੂਰ ਤੋਂ ਬਾਅਦ ਭਾਰਤ ਪਾਕਿ ਦੇ ਵਿਗੜੇ ਹਾਲਾਤਾਂ ਨੂੰ ਵੇਖਦਿਆਂ ਹੋਇਆ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਡੇਰਾ ਬਾਬਾ ਨਾਨਕ ਰਾਹੀ ਬਣੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਦੇ ਇਸ ਲਾਂਘੇ ਨੂੰ ਬੰਦ ਕਰ ਦਿੱਤਾ ਗਿਆ ਸੀ। ਪਰ ਹੁਣ ਹਾਲਾਤ ਸੁਧਰਨ ਤੋਂ ਬਾਅਦ ਜਿੱਥੇ ਭਾਰਤ ਪਾਕਿਸਤਾਨ ਦਾ ਦਵੱਲੀ ਵਪਾਰ ਸ਼ੁਰੂ ਕਰ ਦਿੱਤਾ ਗਿਆ ਹੈ ਤੇ ਵਾਹਘਾ ਸਰਹੱਦ ਰਾਹੀਂ ਪਾਕਿਸਤਾਨ ਜਥੇ ਭੇਜਣੇ ਸ਼ੁਰੂ ਕਰ ਦਿੱਤੇ ਗਏ ਹਨ ਪਰ ਇਸ ਕਰਤਾਰਪੁਰ ਸਾਹਿਬ ਕੋਰੀਡੋਰ ਨੂੰ ਅਜੇ ਵੀ ਬੰਦ ਰੱਖਿਆ ਗਿਆ ਹੈ ਜਿਸ ਨਾਲ ਹਜ਼ਾਰਾਂ ਸੰਗਤਾਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਤੇ ਦਰਸ਼ਨ ਕਰਨ ਤੋਂ ਵਾਂਝੀਆਂ ਰਹਿ ਰਹੀਆਂ ਹਨ।

ਉਹਨਾਂ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ੍ਰੀ ਸਾਹਿਬਾਜ ਸ਼ਰੀਫ ਅਤੇ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਕਿ ਸਮੁੱਚੀਆਂ ਨਾਨਕ ਨਾਮ ਲੇਵਾ ਸੰਗਤਾਂ ਦੀਆਂ ਭਾਵਨਾਵਾਂ ਨੂੰ ਸਮਝਦਿਆਂ ਹੋਇਆਂ ਡੇਰਾ ਬਾਬਾ ਪਾਕਿਸਤਾਨ ਦਾ ਲਾਂਘਾ ਮੁੜ ਖੋਲਿਆ ਜਾਵੇ ਤਾਂ ਜੋ ਸੰਗਤਾਂ ਆਪਣੇ ਇਸ ਵਿਛੜੇ ਗੁਰਧਾਮ ਦੇ ਖੁੱਲੇ ਦਰਸ਼ਨ ਦੀਦਾਰੇ ਕਰ ਸਕਣ।ਇਸ ਮੌਕੇ ਭਾਈ ਮਨਜੀਤ ਸਿੰਘ ਭੋਮਾ ,ਭਾਈ ਸੁਰਿੰਦਪਾਲ ਸਿੰਘ ਤਾਲਬਪੁਰ, ਸੁਖਜਿੰਦਰ ਸਿੰਘ ਬਿੱਟੂ ਮਜੀਠਾ, ਮਾਸਟਰ ਪਲਵਿੰਦਰ ਸਿੰਘ , ਮਨਜੀਤ ਸਿੰਘ ਰਾਊਵਾਲ ਪ੍ਰਧਾਨ ਕਿਸਾਨ ਯੂਨੀਅਨ , ਮੰਨੂ ਢਿੱਲੋ, ਪਰਮਜੀਤ ਸਿੰਘ ਪੰਮਾ ਪ੍ਰਧਾਨ ਮਜੀਠਾ , ਰਵਿੰਦਰ ਸਿੰਘ ਮਜੀਠਾ , ਕੁਲਦੀਪ ਸਿੰਘ ਮਜੀਠੀਆ , ਸਤਨਾਮ ਸਿੰਘ ਸਰਵਾਲੀ , ਡਾਕਟਰ ਸੁਖਪ੍ਰੀਤ ਸਿੰਘ ਭਲਾ ਪਿੰਡ, ਮਨਜੋਤ ਸਿੰਘ ਪੁਰੇਵਾਲ, ਸਰਤਾਜਪ੍ਰੀਤ ਸਿੰਘ ਭੰਗੂ,ਗੁਰਬੀਰ ਸਿੰਘ ਦੁੱਧਰਾਇ , ਫੋਜੀ, ਕੁਲਵਿੰਦਰ ਸਿੰਘ ਰਾਮਦਾਸ, ਭਾਈ ਬੱਗਾ ਸਿੰਘ, ਕੁਲਵਿੰਦਰ ਸਿੰਘ ਕੋਟ ਰਜਾਦਾ, ਮੰਗਲ ਸਿੰਘ ਮਾਛੀਵਾਲਾ, ਸੁੱਚਾ ਸਿੰਘ ਜੱਟਾ, ਨਵਰਾਜ ਸਿੰਘ ਗੱਗੋਮਾਹਲ, ਹੀਰਾ ਸਿੰਘ ਕਾਲਾ ਸਿੰਘ,ਦੀਦਾਰ ਸਿੰਘ ਚੌਧਰਪੁਰ, ਮਨਬੀਰ ਸਿੰਘ ਦਾਬਾਂਵਾਲੀ ਆਦਿ ਹਾਜ਼ਰ ਸਨ।



# ਕੇਂਦਰ ਸਰਕਾਰ ਵੱਲੋਂ ਸੰਸਦੀ ਹਲਕਿਆਂ ਦੀ ਆਬਾਦੀ-ਅਧਾਰਿਤ ਹੱਦਬੰਦੀ ਦਾ ਪ੍ਰਸਤਾਵਿਤ ਕਦਮ ਪੰਜਾਬ ਲਈ ਗੰਭੀਰ ਖ਼ਤਰਾ- ਗਿਆਨੀ ਹਰਪ੍ਰੀਤ ਸਿੰਘ

**ਚੰਡੀਗੜ੍ਹ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪਹਿਲਾਂ ਹੀ ਦੇਸ਼ ਦੀ ਸੰਸਦ ਦੇ ਦੋਨਾਂ ਸਦਨਾਂ ਵਿੱਚ ਘੱਟ ਗਿਣਤੀ ਕਾਰਨ ਆਪਣੀ ਆਵਾਜ਼ ਪੂਰੀ ਤਰ੍ਹਾਂ ਬੁਲੰਦ ਨਹੀਂ ਕਰ ਪਾ ਰਿਹਾ, ਉਸ ਵੇਲੇ ਆਬਾਦੀ ਅਧਾਰਿਤ ਹੱਦਬੰਦੀ ਸੂਬੇ ਦੀ ਨੁਮਾਇੰਦਗੀ ਨੂੰ ਹੋਰ ਕਮਜ਼ੋਰ ਕਰੇਗੀ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਗਿਆਨੀ ਹਰਪ੍ਰੀਤ ਸਿੰਘ ਪਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਕੀਤਾ। ਉਹਨਾਂ ਕਿਹਾ ਜੇ ਆਬਾਦੀ ਹੀ



ਆਵਾਜ਼ਿ ਕੌਮ AWAZE QAUM International Newspaper & WEB TV

ਇਕੱਲਾ ਮਾਪਦੰਡ ਬਣਾਇਆ ਜਾਂਦਾ ਹੈ, ਤਾਂ ਕੀ ਆਬਾਦੀ ਕੰਟਰੋਲ ਕਰਨ ਵਾਲੇ ਸੂਬਿਆਂ ਨੂੰ ਇਸ ਦੀ ਸਜ਼ਾ ਦਿੱਤੀ ਜਾ ਰਹੀ ਹੈ? ਜਦਕਿ ਇਸ ਲਈ ਖੁਦ ਕੇਂਦਰ ਵੱਲੋਂ ਹੀ ਸੂਬਿਆਂ ਨੂੰ ਉਤਸ਼ਾਹਿਤ ਕੀਤਾ ਗਿਆ ਸੀ। ਆਰਥਿਕ ਪੈਕੇਜਾਂ ਵਿੱਚ ਅਣਦੇਖੀ ਤੋਂ ਬਾਅਦ ਹੁਣ ਹੱਦਬੰਦੀ ਰਾਹੀਂ ਵੀ ਪੰਜਾਬ ਨਾਲ ਧੱਕਾ ਕੀਤਾ ਜਾਵੇਗਾ। ਉਹਨਾਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੀ ਬਤੌਰ ਖੇਤਰੀ ਪਾਰਟੀ ਇਹ ਮੰਗ ਹੈ ਕਿ ਰਾਜ ਸਭਾ ਵਿੱਚ ਸਾਰੇ ਸੂਬਿਆਂ ਨੂੰ ਬਰਾਬਰ ਪ੍ਰਤੀਨਿਧਤਾ ਮਿਲੇ, ਤਾਂ ਜੋ ਹਰ ਸੂਬੇ ਦੀ ਆਵਾਜ ਦੋਹਾਂ ਸਦਨਾਂ ਵਿੱਚ ਬਰਾਬਰ ਉਠ ਸਕੇ। ਗਿਆਨੀ ਹਰਪ੍ਰੀਤ ਸਿੰਘ ਨੇ ਪੰਜਾਬ ਦੇ ਸਾਰੇ ਸੰਸਦ ਮੈਂਬਰਾਂ ਸਮੇਤ ਦੇਸ਼ ਦੀਆਂ ਸਾਰੀਆਂ ਸਿਆਸੀ ਪਾਰਟੀਆਂ ਅਤੇ ਸੰਸਦ ਮੈਂਬਰਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਲੋਕਤੰਤਰ ਦੀ ਅਸਲ ਰੂਹ ਨੂੰ ਬਚਾਉਣ ਲਈ ਇਕੱਠੇ ਹੋਣ ਅਤੇ ਇਸ ਆਬਾਦੀ ਅਧਾਰਿਤ ਹੱਦਬੰਦੀ ਦਾ ਡਟ ਕੇ ਵਿਰੋਧ ਕਰਨ।

# ਕਿਸਾਨਾ ਦੀ ਕਣਕ ਮੰਡੀਆਂ ਚੋਂ ਚੁੱਕਾਈ ਅਤੇ ਬੇਮੌਸਮੀ ਵਰਖਾ ਦੇ ਖਰਾਬੇ ਦਾ ਮੁਆਵਜਾ ਤੁਰੰਤ ਦਿੱਤਾ ਜਾਵੇ : ਰਵੀਇੰਦਰ ਸਿੰਘ

**ਚੰਡੀਗੜ੍ਹ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਵਿਧਾਨ ਸਭਾ ਸਪੀਕਰ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸਰਪ੍ਰਸਤ ਸ੍ਰੀ ਰਵੀਇੰਦਰ ਸਿੰਘ ਨੇ ਪੰਜਾਬ ਦੀਆਂ ਅਨਾਜ ਮੰਡੀਆਂ ਵਿੱਚ ਪਈ ਕਣਕ ਦੇ ਢੇਰਾਂ ਸਬੰਧੀ ਗੰਭੀਰ ਚਿੰਤਾ ਜਿਤਾਉਂਦੇ ਹੋਏ ,ਸਰਕਾਰ ਤੋਂ ਤੁਰੰਤ ਕਾਰਵਾਈ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਫਸਲ ਲੰਮੇ ਸਮੇਂ ਤੋਂ



ਆਵਾਜ਼ਿ ਕੌਮ AWAZE QAUM International Newspaper & WEB TV

ਪਈ ਹੋਣ ਕਾਰਨ ਉਹਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਉੱਪਰੋਂ ਬੇਮੌਸਮੀ ਵਰਖਾ ਨੇ ਹਾਲਾਤ ਹੋਰ ਵੀ ਵਿਗਾੜ ਦਿੱਤੇ ਹਨ। ਉਨ੍ਹਾਂ ਦੱਸਿਆ ਕਿ ਕਈ ਥਾਵਾਂ 'ਤੇ ਵਰਖਾ ਕਾਰਨ ਕਣਕ ਭਿੱਜ ਕੇ ਖਰਾਬ ਹੋ ਰਹੀ ਹੈ, ਜਿਸ ਨਾਲ ਕਿਸਾਨਾਂ ਦੀ ਸਾਲ ਭਰ ਦੀ ਮੇਹਨਤ ਨੂੰ ਵੱਡਾ ਝਟਕਾ ਲੱਗਿਆ ਹੈ। ਰਵੀਇੰਦਰ ਸਿੰਘ ਨੇ ਕਿਹਾ ਕਿ ਸਰਕਾਰ ਦੀ ਲਾਪਰਵਾਹੀ ਕਾਰਨ ਮੰਡੀਆਂ ਵਿੱਚ ਪ੍ਰਬੰਧ ਨਾਕਾਮ ਸਾਬਤ ਹੋ ਰਹੇ ਹਨ ਅਤੇ ਕਿਸਾਨ ਆਪਣੇ ਹੱਕ ਲਈ ਤਰਸ ਰਹੇ ਹਨ। ਉਨ੍ਹਾਂ ਸਰਕਾਰ ਨੂੰ ਜੋਰ ਦਿੱਤਾ ਹੈ ਕਿ ਤੁਰੰਤ ਮੰਡੀਆਂ ਵਿੱਚੋਂ ਕਣਕ ਦੀ ਲਿਫਟਿੰਗ ਕਰਵਾਈ ਜਾਵੇ ਅਤੇ ਜਿਨ੍ਹਾਂ ਕਿਸਾਨਾਂ ਦੀ ਫਸਲ ਬੇਮੌਸਮੀ ਵਰਖਾ ਕਾਰਨ ਨੁਕਸਾਨੀ ਗਈ ਹੈ, ਉਹਨਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ। ਇਸਦੇ ਨਾਲ ਹੀ ਉਨ੍ਹਾਂ ਮੰਗ ਕੀਤੀ ਕਿ ਖਰਾਬ ਹੋਈ ਫਸਲ ਦੀ ਵਿਸ਼ੇਸ਼ ਗਿਰਦਾਵਰੀ ਕਰਕੇ ਪਾਰਦਰਸ਼ੀ ਢੰਗ ਨਾਲ ਮੁਆਵਜ਼ਾ ਜਾਰੀ ਕੀਤਾ ਜਾਵੇ। ਰਵੀਇੰਦਰ ਸਿੰਘ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਤੁਰੰਤ ਕਦਮ ਨਾ ਚੁੱਕੇ ਤਾਂ ਕਿਸਾਨਾਂ ਵਿੱਚ ਗੁੱਸਾ ਵੱਧੇਗਾ ਅਤੇ ਇਸਦੀ ਪੂਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਲਈ ਹਰ ਸੰਭਵ ਜਤਨ ਕੀਤਾ ਜਾਵੇਗਾ

# ਆਗੂ ਦੀ ਪਤਨੀ ਦੀ ਸਿਹਤਯਾਬੀ ਦੀ ਕੀਤੀ ਕਾਮਨਾ

ਫ਼ਿਰੋਜ਼ਪੁਰ, 15 ਅਪ੍ਰੈਲ (ਮਨੋਹਰ ਲਾਲ) :— ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਸਮੂਹ ਮੈਬਰ ਵੱਲੋਂ ਪਰਮਾਤਮਾ ਅੱਗੇ ਅਰਦਾਸ ਕਰਕੇ ਸ਼੍ਰੀ ਪੀ.ਡੀ ਸ਼ਰਮਾ ਪ੍ਰਧਾਨ ਸੀਨੀਅਰ ਸਿਟੀਜਨ ਕੌਂਸ਼ਲ ਫਿਰੋਜਪੁਰ ਦੀ ਧਰਮ ਪਤਨੀ ਸ਼੍ਰੀਮਤੀ ਅਵਿਨਾਸ਼ ਸ਼ਰਮਾ ਜੋ ਦਯਾਨੰਦ ਮੈਡੀਕਲ ਕਾਲਜ ਹਸਪਤਾਲ ਲੁਧਿਆਣਾ ਵਿਖੇ ਇਲਾਜ ਅਧੀਨ ਹਨ ਦੀ ਬਿਮਾਰੀ ਤੋਂ ਛੇਤੀ ਰਾਹਤ ਅਤੇ ਤੰਦਰੁਸਤੀ ਦੀ ਕਾਮਨਾ ਕੀਤੀ ਹੈ। ਇਸ ਸਮੇਂ ਸ਼੍ਰੀ ਪਰਦੀਪ ਧਵਨ ਪ੍ਰਧਾਨ, ਐਸ.ਪੀ ਖੇੜਾ ਚੇਅਰਮੈਨ, ਦੇਸ ਬੰਧੂ ਤੁਲੀ ਪੈਟਰਨ, ਸਤੀਸ਼ ਪੁਰੀ ਸੀਨੀਅਰ ਮੀਤ ਪ੍ਰਧਾਨ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਗਤਿੰਦਰ ਕੁਮਾਰ ਕਮਲ ਕੈਸ਼ੀਅਰ, ਕੁਲਭੂਸ਼ਨ ਗੌਤਮ, ਸ਼ਾਮ ਲਾਲ ਕੱਕੜ, ਸ਼ਾਮ ਲਾਲ ਗੱਖੜ, ਸੁਰਿੰਦਰ ਸਿੰਘ ਬਲਾਸੀ, ਚਰਨਜੀਤ ਮਹਾਜਨ, ਪਰਵੀਨ ਤਲਵਾੜ, ਗੁਰਦੇਵ ਸਿੰਘ, ਡਾਕਟਰ ਸੁਰਿੰਦਰ ਸਿੰਘ, ਪਰਦੀਪ ਸਿੰਘ ਰਾਣਾ, ਰਾਕੇਸ਼ ਸ਼ਰਮਾ ਕੋਆਰਡੀਨੇਟਰ, ਯੋਗਿੰਦਰ ਨਾਥ ਕੱਕੜ, ਅਵਤਾਰ ਸਿੰਘ ਭੋਲਾ, ਅਸ਼ੋਕ ਕਾਪਾਹੀ, ਬਲਦੇਵ ਸਚਦੇਵਾ, ਚੰਦਰ ਪਰਕਾਸ਼, ਰਮੇਸ਼ ਅੱਗਰਵਾਲ, ਸੁਰਿੰਦਰ ਬੇਰੀ, ਸੁਰਿੰਦਰ ਵਿੱਜ, ਮਨੋਹਰ ਲਾਲ, ਮਦਨ ਲਾਲ ਤਿਵਾੜੀ, ਅਸ਼ੋਕ ਕੱਕੜ, ਪਰੇਮ ਚੰਦ, ਪ੍ਰੇਮ ਨਾਥ ਰਸੀਆ, ਵਜ਼ੀਰਚੰਦ, ਦਿਨੇਸ਼ ਕਟਾਰੀਆ, ਸੁਰਜੀਤ ਸਿੰਘ ਆਦਿ ਨੇ ਪਰਮਾਤਮਾ ਅੱਗੇ ਸ਼੍ਰੀਮਤੀ ਅਵਿਨਾਸ਼ ਸ਼ਰਮਾ ਦੀ ਤੰਦਰੁਸਤੀ ਲਈ ਅਰਦਾਸ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਨਿਰਭਉ ਹੋਇਓ ਭਇਆ ਨਿਹੰਗਾ: ਬਾਣੇ ਦੇ ਸਤਿਕਾਰ ਤੋਂ ਕਿਰਦਾਰ ਦੀ ਉੱਚਤਾ ਤੱਕ ਦਾ ਸਫ਼ਰ

ਮੇਰੇ ਪਿਆਰੇ ਵੀਰੋ ਤੇ ਭੈਣੋ, ਅੱਜ ਮੈਂ ਤੁਹਾਡੇ ਨਾਲ ਕੋਈ ਭਾਸ਼ਣ ਕਰਨ ਨਹੀਂ ਆਇਆ, ਸਗੋਂ ਉਹ ਗੱਲਾਂ ਸਾਂਝੀਆਂ ਕਰਨ ਆਇਆ ਹਾਂ ਜੋ ਸਾਡੇ ਪੰਥ ਦੇ ਵਿਹੜੇ ਵਿੱਚ ਅੱਜ ਬੜੀਆਂ ਜ਼ਰੂਰੀ ਹੋ ਗਈਆਂ ਹਨ। ਜਦੋਂ ਅਸੀਂ ਰੋਜ਼ ਅਰਦਾਸ ਤੋਂ ਬਾਅਦ ਦੋਹਰਾ ਪੜ੍ਹਦੇ ਹਾਂ -'ਸਭ ਸਿੱਖਨ ਕੋ ਹੁਕਮ ਹੈ ਗੁਰੂ ਮਾਨੀਓ ਗ੍ਰੰਥ' -ਤਾਂ ਕੀ ਅਸੀਂ ਕਦੇ ਰੁਕ ਕੇ ਸੋਚਿਆ ਹੈ ਕਿ ਇਸ

## ਇੱਕ ਅਧਿਆਤਮਿਕ, ਦਾਰਸ਼ਨਿਕ ਅਤੇ ਮਨੁੱਖੀ ਸੰਵਾਦ

ਇੱਕ ਲਾਈਨ ਵਿੱਚ ਦਸਮ ਪਿਤਾ ਨੇ ਸਾਡੇ ਸਾਰੇ ਝਗੜਿਆਂ ਦਾ ਨਿਬੇੜਾ ਕਰ ਦਿੱਤਾ ਸੀ ? ਅੱਜ ਅਸੀਂ ਵੱਖ-ਵੱਖ ਜਥੇਬੰਦੀਆਂ, ਡੇਰਿਆਂ ਤੇ ਧੜਿਆਂ ਵਿੱਚ ਵੰਡੇ ਗਏ ਹਾਂ, ਪਰ ਸਾਡਾ ਕੇਂਦਰ ਇਕੋ ਹੈ। ਆਓ, ਬੜੇ ਸਲੀਕੇ ਤੇ ਪਿਆਰ ਨਾਲ ਕੁਝ ਅਜਿਹੀਆਂ ਗੱਲਾਂ ਫੋਲੀਏ, ਜੋ ਸਾਨੂੰ ਮੁੜ ਉਸੇ 'ਇੱਕ' ਨਾਲ ਜੋੜ ਸਕਣ।

**1. 'ਜਾਗਤ ਜੋਤ' ਦੀ ਸਰਵਉੱਚਤਾ: ਗੁਰੂ ਇੱਕੋ ਹੀ ਹੈ**

ਸਾਡੇ ਪੰਥ ਵਿੱਚ ਅੱਜ ਬਹੁਤ ਸਾਰੀਆਂ ਜਥੇਬੰਦੀਆਂ ਹਨ, ਹਰ ਇੱਕ ਦੀ ਆਪਣੀ ਮਰਯਾਦਾ ਤੇ ਆਪਣਾ ਇਤਿਹਾਸ ਹੈ। ਇਹ ਸਭ ਠੀਕ ਹੈ, ਪਰ ਦੁੱਖ ਉਦੋਂ ਹੁੰਦਾ ਹੈ, ਜਦੋਂ ਅਸੀਂ ਕਿਸੇ ਹੋਰ ਲਿਖਤ ਜਾਂ ਗ੍ਰੰਥ ਨੂੰ 'ਸ਼ਕਤੀ' ਦੇ ਨਾਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਬਰਾਬਰ ਖੜ੍ਹਾ ਕਰਨ ਦੀ ਕੋਸ਼ਿਸ਼ ਕਰਦੇ ਹਾਂ। ਗੁਰੂ ਗੋਬਿੰਦ ਸਿੰਘ ਜੀ ਨੇ ਨਾਂਦੇੜ ਦੀ ਧਰਤੀ 'ਤੇ ਸਪੱਸ਼ਟ ਕਰ ਦਿੱਤਾ ਸੀ ਕਿ ਹੁਣ ਦੇਹ ਦਾ ਸਫ਼ਰ ਖ਼ਤਮ ਹੈ ਅਤੇ ਚੇਤਨਾ ਦਾ ਸਫ਼ਰ 'ਸ਼ਬਦ' ਰਾਹੀਂ ਹੋਵੇਗਾ।

ਉਦਾਹਰਨ: ਇੰਝ ਸਮਝੋ ਕਿ ਜਿਵੇਂ ਅਕਾਸ਼ ਵਿੱਚ ਲੱਖਾਂ ਤਾਰੇ ਹੋਣ, ਪਰ ਸੂਰਜ ਦੇ ਚੜ੍ਹਦਿਆਂ ਹੀ ਸਾਰਿਆਂ ਦੀ ਰੌਸ਼ਨੀ ਮੱਧਮ ਪੈ ਜਾਂਦੀ ਹੈ। ਸਾਡੇ ਇਤਿਹਾਸਕ ਸਰੋਤ, ਰਹਿਤਨਾਮੇ ਜਾਂ ਹੋਰ ਲਿਖਤਾਂ ਉਨ੍ਹਾਂ ਤਾਰਿਆਂ ਵਾਂਗ ਹਨ, ਜੋ ਸਾਨੂੰ ਰਸਤਾ ਤਾਂ ਦਿਖਾ ਸਕਦੇ ਹਨ, ਪਰ ਜੀਵਨ ਵਿੱਚ ਅਸਲ ਚਾਨਣ (ਜਾਗਤ ਜੋਤ) ਸਿਰਫ਼ ਸ੍ਰੀ ਗੁਰੂ ਗ੍ਰੰਥ ਸਾਹਿਬ ਰੂਪੀ ਸੂਰਜ ਤੋਂ ਹੀ ਮਿਲਣਾ ਹੈ। ਜੇ ਅਸੀਂ ਸੂਰਜ ਨੂੰ ਛੱਡ ਕੇ ਦੀਵਿਆਂ ਪਿੱਛੇ ਭੱਜਾਂਗੇ, ਤਾਂ ਅਸੀਂ ਅਸਲ ਮੰਜ਼ਿਲ ਤੋਂ ਭਟਕ ਜਾਵਾਂਗੇ।

**2. ਬਹਿਸਾਂ ਦੀ ਬਜਾਏ ਬਿਬੇਕ: ਪਹਿਲਾਂ ਗੁਰੂ, ਫਿਰ ਸਭ ਕੁਝ**

ਅੱਜ ਕੱਲ੍ਹ ਸੋਸ਼ਲ ਮੀਡੀਆ 'ਤੇ ਜਾਂ ਸੱਥਾਂ ਵਿੱਚ ਅਸੀਂ ਅਕਸਰ ਦੇਖਦੇ ਹਾਂ ਕਿ ਸਿੱਖ ਆਪਸ ਵਿੱਚ ਹੀ ਲੜ ਰਹੇ ਹਨ। ਕੋਈ ਕਿਸੇ ਗ੍ਰੰਥ ਦੀ ਪ੍ਰੌੜਤਾ ਕਰ ਰਿਹਾ ਹੈ, ਕੋਈ ਕਿਸੇ ਦੀ। ਪਰ ਸਵਾਲ ਇਹ ਹੈ ਕਿ ਕੀ ਅਸੀਂ ਗੁਰੂ ਦੇ ਹੁਕਮ ਤੋਂ ਉੱਪਰ ਹਾਂ ? ਜੇ ਦਸਮ ਪਿਤਾ ਨੇ 'ਗੁਰੂ ਮਾਨੀਓ ਗ੍ਰੰਥ' ਕਹਿ ਦਿੱਤਾ, ਤਾਂ ਫਿਰ 'ਕਿਉਂ' ਤੇ 'ਕਿਵੇਂ' ਦੀ ਗੁੰਜਾਇਸ਼ ਹੀ ਨਹੀਂ ਬਚਦੀ।

ਉਦਾਹਰਨ: ਜਦੋਂ ਇੱਕ ਫੌਜ ਜੰਗ ਦੇ ਮੈਦਾਨ ਵਿੱਚ ਹੁੰਦੀ ਹੈ, ਤਾਂ ਉੱਥੇ ਹਰ ਰੈਜੀਮੈਂਟ ਦਾ ਆਪਣਾ ਨਿਸ਼ਾਨ ਹੋ ਸਕਦਾ ਹੈ, ਪਰ ਸਾਰਿਆਂ ਲਈ 'ਸੁਪਰੀਮ ਕਮਾਂਡਰ' ਦਾ ਹੁਕਮ ਇੱਕੋ ਹੁੰਦਾ ਹੈ। ਜੇ ਫੌਜੀ ਆਪਸ ਵਿੱਚ ਹੀ ਇਸ ਗੱਲ 'ਤੇ ਲੜਨ ਲੱਗ ਪੈਣ ਕਿ ਕਿਸ ਦੀ ਟੁਕੜੀ ਦਾ ਇਤਿਹਾਸ ਵੱਡਾ ਹੈ, ਤਾਂ ਦੁਸ਼ਮਣ ਜਿੱਤ ਜਾਵੇਗਾ। ਸਾਡੇ ਪੰਥ ਦੀ ਤਾਕਤ ਸਾਡੇ ਇਕੱਠੇ ਹੋਣ ਵਿੱਚ ਹੈ, ਅਤੇ ਉਹ ਇਕੱਠ ਸਿਰਫ਼ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨਾਂ ਵਿੱਚ ਹੀ ਹੋ ਸਕਦਾ ਹੈ। ਬਾਕੀ ਸਭ ਇਤਿਹਾਸਕ ਸਰੋਤ ਹੋ ਸਕਦੇ ਹਨ, ਪਰ ਗੁਰੂ ਨਹੀਂ।

ਆਵਾਜ਼ਿ ਕੌਮ AWAZE QAUM International Newspaper & WEB TV

**3. ਨਿਹੰਗਪੁਣਾ ਅਤੇ ਨਸ਼ਾ: ਸੁਚੇਤ ਹੋਣ ਦਾ ਵੇਲਾ**

ਵੀਰੋ, ਨਿਹੰਗ ਦਾ ਅਰਥ ਹੈ 'ਨਿਰਲੇਪ'। ਪਰ ਅੱਜ ਕਈ ਥਾਈਂ 'ਸੁੱਖੇ' (ਭੰਗ) ਨੂੰ ਸ਼ਹੀਦੀ ਦੇਗ ਦਾ ਨਾਂ ਦੇ ਕੇ ਧਰਮ ਦਾ ਹਿੱਸਾ ਬਣਾਇਆ ਜਾ ਰਿਹਾ ਹੈ। ਬੜੀ ਨਿਮਰਤਾ ਨਾਲ ਸੋਚੋ, ਕੀ ਗੁਰੂ ਸਾਹਿਬ ਸਾਨੂੰ ਬੇਹੋਸ਼ੀ ਵੱਲ ਲੈ ਕੇ ਜਾਣਾ ਚਾਹੁੰਦੇ ਸਨ ? ਸਿੱਖੀ ਤਾਂ 'ਸੁਰਤ' ਨੂੰ ਜਗਾਉਣ ਦਾ ਮਾਰਗ ਹੈ। ਕੋਈ ਵੀ ਨਸ਼ਾ, ਭਾਵੇਂ ਉਹ ਸੁੱਖਾ ਹੋਵੇ ਜਾਂ ਸ਼ਰਾਬ, ਉਹ ਮਨੁੱਖ ਦੀ ਮੱਤ ਮਾਰ ਦਿੰਦਾ ਹੈ।

ਉਦਾਹਰਨ: ਜਿਵੇਂ ਇੱਕ ਕੀਮਤੀ ਤਲਵਾਰ ਨੂੰ ਜੇ ਜੰਗਾਲ (Rust) ਲੱਗ ਜਾਵੇ, ਤਾਂ ਉਹ ਜੰਗ ਦੇ ਮੈਦਾਨ ਵਿੱਚ ਕੰਮ ਨਹੀਂ ਆਉਂਦੀ। ਨਸ਼ਾ ਸਾਡੇ ਸਰੀਰ ਅਤੇ ਬੁੱਧੀ ਨੂੰ ਲੱਗਿਆ ਉਹ ਜੰਗਾਲ ਹੈ। ਸਿੰਘ ਤਾਂ ਉਹ ਹੈ, ਜਿਸ ਦੀ ਅੱਖ ਬਾਜ਼ ਵਰਗੀ ਤੇਜ਼ ਅਤੇ ਸੁਰਤ ਹਮੇਸ਼ਾ ਗੁਰੂ ਦੇ ਚਰਨਾਂ ਵਿੱਚ ਹੋਵੇ। ਨਸ਼ੇ ਵਿੱਚ ਝੂਮਣਾ ਨਿਹੰਗਪੁਣਾ ਨਹੀਂ, ਸਗੋਂ ਆਪਣੀ ਕਮਜ਼ੋਰੀ ਨੂੰ ਲੁਕਾਉਣ ਦਾ ਇੱਕ ਬਹਾਨਾ ਹੈ। ਅਸਲ 'ਦੇਗ' ਤਾਂ ਨਾਮ ਦੀ ਹੈ, ਜਿਸ ਨੂੰ ਪੀ ਕੇ ਮੌਤ ਦਾ ਡਰ ਮੁੱਕ ਜਾਂਦਾ ਹੈ।

**'ਜਿਤੁ ਪੀਤੈ ਮਤਿ ਦੂਰਿ ਹੋਇ ਬਰਲੁ ਪਵੈ ਵਿਚਿ ਆਇ॥'** (ਪੰਨਾ 554)

**4. ਕਿਰਦਾਰ ਦੀ ਉੱਚਤਾ: ਪਹਿਰਾਵੇ ਤੋਂ ਅੱਗੇ ਵਧੋ**

ਬਾਣਾ ਪਹਿਨਣਾ ਗੁਰੂ ਦੀ ਲਾਡਲੀ ਫੌਜ ਦਾ ਹਿੱਸਾ ਹੋਣਾ ਹੈ, ਪਰ ਬਾਣਾ ਤਾਂ ਹੀ ਸੋਹਣਾ ਲੱਗਦਾ ਹੈ ਜੇ ਅੰਦਰ ਕਿਰਦਾਰ ਹੋਵੇ। ਜੇ ਅਸੀਂ ਬਾਣਾ ਪਾ ਕੇ ਦੂਜਿਆਂ ਨੂੰ ਨੀਵਾਂ ਦਿਖਾਉਂਦੇ ਹਾਂ ਜਾਂ ਆਪਣੀ ਜਥੇਬੰਦੀ ਦਾ ਹੰਕਾਰ ਕਰਦੇ ਹਾਂ, ਤਾਂ ਅਸੀਂ ਗੁਰੂ ਦੇ ਮਾਰਗ ਤੋਂ ਦੂਰ ਹਾਂ।

ਉਦਾਹਰਨ: ਇੰਝ ਸਮਝੋ ਜਿਵੇਂ ਕਿਸੇ ਕੋਲ ਬਹੁਤ ਮਹਿੰਗੀ ਗੱਡੀ ਹੋਵੇ, ਪਰ ਉਸ ਨੂੰ ਚਲਾਉਣੀ ਨਾ ਆਉਂਦੀ ਹੋਵੇ। ਉਹ ਗੱਡੀ ਸਿਰਫ਼ ਖੜ੍ਹੀ ਹੀ ਸੋਹਣੀ ਲੱਗੇਗੀ, ਮੰਜ਼ਿਲ 'ਤੇ ਨਹੀਂ ਪਹੁੰਚਾਏਗੀ। ਸਾਡਾ ਬਾਣਾ ਉਸ ਗੱਡੀ ਵਾਂਗ ਹੈ, ਪਰ 'ਬਾਣੀ' ਉਹ ਡਰਾਈਵਰ ਹੈ, ਜੋ ਸਾਨੂੰ ਪਰਮਾਤਮਾ ਤੱਕ ਲੈ ਕੇ ਜਾਵੇਗੀ। ਜੇ ਅਸੀਂ ਸਿਰਫ਼ ਬਾਹਰੀ ਦਿਖਾਵੇ ਵਿੱਚ ਫਸ ਗਏ, ਤਾਂ ਅਸੀਂ ਸਿਰਫ਼ 'ਭੇਖੀ' ਰਹਿ ਜਾਵਾਂਗੇ, 'ਨਿਹੰਗ' ਨਹੀਂ ਬਣ ਸਕਾਂਗੇ।

**5. ਸ਼ਕਤੀ ਦਾ ਸਰੋਤ: ਬਾਣੀ ਹੀ ਸਭ ਕੁਝ ਹੈ**

ਕਈ ਵਾਰ ਤਰਕ ਦਿੱਤਾ ਜਾਂਦਾ ਹੈ ਕਿ ਬੀਰ ਰਸ ਲਈ ਹੋਰ ਲਿਖਤਾਂ ਜ਼ਰੂਰੀ ਹਨ। ਇੱਥੇ ਇਹ ਗੱਲ ਸਮਝਣੀ ਬਹੁਤ ਜ਼ਰੂਰੀ ਹੈ ਕਿ ਕਈ ਲੋਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਮਹਿਜ਼ 'ਭਗਤੀ' ਦਾ ਪ੍ਰਤੀਕ ਦੱਸ ਕੇ, ਸ਼ਕਤੀ ਲਈ ਹੋਰਨਾਂ ਗ੍ਰੰਥਾਂ ਦਾ ਓਟ-ਆਸਰਾ ਲੈਣ ਦੀ ਵਕਾਲਤ ਕਰਦੇ ਹਨ। ਪਰ ਇਹ ਇੱਕ ਵੱਡੀ ਦਾਰਸ਼ਨਿਕ ਭੁੱਲ ਹੈ। ਇਤਿਹਾਸ ਗਵਾਹ ਹੈ ਕਿ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਸਮੇਂ, ਜਦੋਂ ਉਨ੍ਹਾਂ ਨੇ ਮਹਾਨ ਜੰਗਾਂ ਲੜੀਆਂ ਅਤੇ ਮੀਰੀ-ਪੀਰੀ ਦਾ ਸਿਧਾਂਤ ਦਿੱਤਾ, ਉਸ ਵੇਲੇ ਵੀ ਸਿੱਖੀ ਦਾ ਇੱਕੋ-ਇੱਕ ਮਾਰਗ-ਦਰਸ਼ਕ 'ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ' ਜੀ ਹੀ ਸਨ। ਗੁਰੂ ਸਾਹਿਬ ਜੀ ਦੀ ਬਾਣੀ ਸਿਰਫ਼ ਮਨ ਦੀ ਸ਼ਾਂਤੀ ਦਾ ਸਾਧਨ ਨਹੀਂ, ਸਗੋਂ ਰੂਹਾਨੀ ਸ਼ਕਤੀ ਦਾ ਉਹ ਸੋਮਾ ਹੈ, ਜੋ ਕਾਇਰਾਂ ਨੂੰ ਸੂਰਬੀਰ ਬਣਾ ਦਿੰਦੀ ਹੈ। ਇਸ ਲਈ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ 'ਭਗਤੀ' ਅਤੇ 'ਸ਼ਕਤੀ' ਦੋਵਾਂ ਅਵਸਥਾਵਾਂ ਵਿੱਚ ਸਿੱਖ ਦੀ ਸੰਪੂਰਨ ਅਗਵਾਈ ਕਰਦੇ ਹਨ। ਕਿਸੇ ਹੋਰ ਲਿਖਤ ਨੂੰ ਸ਼ਕਤੀ ਦੇ ਬਹਾਨੇ ਗੁਰੂ ਦੇ ਬਰਾਬਰ ਖੜ੍ਹਾ ਕਰਨਾ ਗੁਰਮਤਿ ਸਿਧਾਂਤਾਂ ਦੇ ਉਲਟ ਹੈ।

ਉਦਾਹਰਨ: ਜਿਵੇਂ ਇੱਕ ਮਾਂ ਦੇ ਦੁੱਧ ਵਿੱਚ ਬੱਚੇ ਲਈ ਸਾਰੇ ਪੋਸ਼ਕ ਤੱਤ ਹੁੰਦੇ ਹਨ, ਉਸ ਨੂੰ ਬਾਹਰੋਂ ਕਿਸੇ ਵਾਧੂ ਚੀਜ਼ ਦੀ ਲੋੜ ਨਹੀਂ ਹੁੰਦੀ। ਸਾਡੇ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਉਹ 'ਆਤਮਿਕ ਮਾਂ' ਹਨ ਜਿਨ੍ਹਾਂ ਕੋਲ ਸ਼ਾਂਤੀ ਵੀ ਹੈ ਤੇ ਸ਼ਕਤੀ ਵੀ। ਜਦੋਂ ਅਸੀਂ ਇਹ ਕਹਿੰਦੇ ਹਾਂ ਕਿ ਸ਼ਕਤੀ ਲਈ ਸਾਨੂੰ ਕਿਸੇ ਹੋਰ ਵੱਲ ਜਾਣਾ ਪਵੇਗਾ, ਤਾਂ ਅਸੀਂ ਅਣਜਾਣੇ ਵਿੱਚ ਆਪਣੇ ਗੁਰੂ ਦੀ ਸੰਪੂਰਨਤਾ 'ਤੇ ਸ਼ੱਕ ਕਰ ਰਹੇ ਹੁੰਦੇ ਹਾਂ।

**6. ਨਿਮਰਤਾ ਅਤੇ ਏਕਤਾ: ਸਮੇਂ ਦੀ ਮੁੱਖ ਲੋੜ**

ਮੇਰੇ ਵੀਰੋ, ਸਮਾਂ ਬੜਾ ਨਾਜ਼ੁਕ ਹੈ। ਬਾਹਰੀ ਤਾਕਤਾਂ ਸਾਨੂੰ ਵੰਡਣਾ ਚਾਹੁੰਦੀਆਂ ਹਨ। ਜੇ ਅਸੀਂ ਜਥੇਬੰਦੀਆਂ ਦੇ ਨਾਂ 'ਤੇ ਇੱਕ-ਦੂਜੇ ਦੇ ਸਿਰ ਪਾੜਾਂਗੇ, ਤਾਂ ਅਸੀਂ ਗੁਰੂ ਦੇ ਲਾਡਲੇ ਕਿਵੇਂ ਹੋਏ ? ਲਾਡਲਾ ਤਾਂ ਉਹ ਹੁੰਦਾ ਹੈ ਜਿਸ ਨੂੰ ਦੇਖ ਕੇ ਸਭ ਨੂੰ ਪਿਆਰ ਆਵੇ।



ਉਦਾਹਰਨ: ਇੱਕ ਮਾਲਾ ਵਿੱਚ ਬਹੁਤ ਸਾਰੇ ਮਣਕੇ ਹੁੰਦੇ ਹਨ, ਹਰ ਇੱਕ ਦੀ ਆਪਣੀ ਜਗ੍ਹਾ ਹੈ। ਪਰ ਉਹ ਮਾਲਾ ਤਾਂ ਹੀ ਕਹਾਉਂਦੀ ਹੈ ਜੇ ਉਹ ਸਾਰੇ ਇੱਕ ਸਾਂਝੇ ਧਾਗੇ ਵਿੱਚ ਪਰੋਏ ਹੋਣ। ਸਾਡਾ ਉਹ ਸਾਂਝਾ ਧਾਗਾ 'ਸ੍ਰੀ ਗੁਰੂ ਗ੍ਰੰਥ ਸਾਹਿਬ ਜੀ' ਹਨ। ਜੇ ਧਾਗਾ ਟੁੱਟ ਗਿਆ, ਤਾਂ ਮਣਕੇ ਖਿੱਲਰ ਜਾਣਗੇ ਤੇ ਉਨ੍ਹਾਂ ਦੀ ਕੋਈ ਕੀਮਤ ਨਹੀਂ ਰਹੇਗੀ।

**ਹਮ ਮਸਕੀਨ ਖੁਦਾਈ ਬੰਦੇ ਤੁਮ ਰਾਜਸੁ ਮਨਿ ਭਾਵੈ ॥**
**ਅਲਹ ਅਵਲਿ ਦੀਨ ਕੋ ਸਾਹਿਬੁ ਜੋਰੁ ਨਹੀ ਫੁਰਮਾਵੈ ॥1॥** (ਪੰਨਾ 480)

ਭਗਤ ਕਬੀਰ ਜੀ ਦੇ ਇਹ ਬੋਲ ਸਿਰਫ਼ ਇੱਕ ਧਾਰਮਿਕ ਬਹਿਸ ਦਾ ਹਿੱਸਾ ਨਹੀਂ ਹਨ, ਸਗੋਂ ਇਹ ਮਨੁੱਖੀ ਮਾਨਸਿਕਤਾ ਅਤੇ ਰੂਹਾਨੀ ਗੁਲਾਮੀ ਦੇ ਖਿਲਾਫ਼ ਇੱਕ ਬਹੁਤ ਵੱਡਾ ਐਲਾਨਨਾਮਾ ਹਨ। ਜਦੋਂ ਅਸੀਂ ਇਸ ਸ਼ਬਦ ਨੂੰ ਗਹਿਰਾਈ ਵਿੱਚ ਦੇਖਦੇ ਹਾਂ, ਤਾਂ ਇਹ ਅੱਜ ਦੇ ਜਥੇਬੰਦਕ ਹੰਕਾਰ ਅਤੇ ਧਾਰਮਿਕ ਆਕੜ 'ਤੇ ਬਹੁਤ ਕਰਾਰੀ ਪਰ ਨਿਮਰ ਸੱਟ ਮਾਰਦੇ ਹਨ।

ਆਓ, ਇਸ ਨੂੰ ਇੱਕ ਸੰਵਾਦ ਦੇ ਰੂਪ ਵਿੱਚ ਹੋਰ ਖੋਲ੍ਹ ਕੇ ਵਿਚਾਰੀਏ:

'ਹਮ ਮਸਕੀਨ' : ਅਸਲ ਸ਼ਕਤੀ ਦਾ ਸਰੋਤ

'ਹਮ ਮਸਕੀਨ ਖੁਦਾਈ ਬੰਦੇ...' ਇੱਥੇ ਕਬੀਰ ਜੀ ਆਪਣੇ ਆਪ ਨੂੰ 'ਮਸਕੀਨ' (ਨਿਮਾਣਾ) ਕਹਿ ਰਹੇ ਹਨ। ਪਰ ਇਹ ਕਮਜ਼ੋਰੀ ਵਾਲੀ ਨਿਮਰਤਾ ਨਹੀਂ ਹੈ। ਇਹ ਉਹ ਨਿਮਰਤਾ ਹੈ, ਜੋ ਰੱਬੀ ਸ਼ਕਤੀ ਨਾਲ ਜੁੜਨ ਤੋਂ ਬਾਅਦ ਆਉਂਦੀ ਹੈ। ਜਦੋਂ ਮਨੁੱਖ ਨੂੰ ਇਹ ਸਮਝ ਆ ਜਾਂਦੀ ਹੈ ਕਿ ਉਹ ਖੁਦਾ ਦਾ ਬੰਦਾ ਹੈ, ਤਾਂ ਉਸ ਨੂੰ ਦੁਨੀਆਂ ਦੇ ਕਿਸੇ ਰਾਜੇ ਜਾਂ ਚੌਧਰੀ ਦਾ ਡਰ ਨਹੀਂ ਰਹਿੰਦਾ।

ਉਦਾਹਰਨ: ਜਿਵੇਂ ਇੱਕ ਛੋਟਾ ਬੱਚਾ ਜਦੋਂ ਆਪਣੇ ਪਿਤਾ ਦੀ ਗੋਦੀ ਵਿੱਚ ਹੁੰਦਾ ਹੈ, ਤਾਂ ਉਹ ਆਪਣੇ ਆਪ ਨੂੰ ਸਭ ਤੋਂ ਸੁਰੱਖਿਅਤ ਮਹਿਸੂਸ ਕਰਦਾ ਹੈ। ਉਹ ਬਾਹਰਲੇ ਸੰਸਾਰ ਲਈ ਭਾਵੇਂ ਮਸਕੀਨ (ਛੋਟਾ) ਹੋਵੇ, ਪਰ ਅੰਦਰੋਂ ਉਹ ਨਿਰਭਉ ਹੁੰਦਾ ਹੈ ਕਿਉਂਕਿ ਉਸ ਦਾ ਪਿਤਾ ਉਸ ਦੇ ਨਾਲ ਹੈ। ਇੱਕ ਸਿੱਖ ਜਾਂ ਨਿਹੰਗ ਜਦੋਂ 'ਮਸਕੀਨ' ਬਣ ਕੇ ਗੁਰੂ ਗ੍ਰੰਥ ਸਾਹਿਬ ਅੱਗੇ ਝੁਕਦਾ ਹੈ, ਤਾਂ ਉਹ ਦੁਨੀਆਂ ਦਾ ਸਭ ਤੋਂ ਤਾਕਤਵਰ ਮਨੁੱਖ ਬਣ ਜਾਂਦਾ ਹੈ।

**'ਤੁਮ ਰਾਜਸੁ ਮਨਿ ਭਾਵੈ' : ਹੰਕਾਰ ਦੀ ਕੈਦ**

'...ਤੁਮ ਰਾਜਸੁ ਮਨਿ ਭਾਵੈ॥' ਕਬੀਰ ਜੀ ਕਾਜ਼ੀ (ਜਾਂ ਕਿਸੇ ਵੀ ਹਾਕਮ) ਨੂੰ ਕਹਿੰਦੇ ਹਨ ਕਿ ਤੁਹਾਨੂੰ ਆਪਣੀ ਹਕੂਮਤ, ਆਪਣੇ ਅਹੁਦੇ ਅਤੇ ਆਪਣੀ ਤਾਕਤ 'ਤੇ ਬਹੁਤ ਮਾਣ ਹੈ। ਇਹ 'ਰਾਜਸੁ' (ਹੰਕਾਰ) ਤੁਹਾਨੂੰ ਦੂਜਿਆਂ ਨੂੰ ਨੀਵਾਂ ਦਿਖਾਉਣ ਲਈ ਉਕਸਾਉਂਦਾ ਹੈ।

ਉਦਾਹਰਨ: ਅੱਜ ਜਦੋਂ ਅਸੀਂ ਆਪਣੀ ਜਥੇਬੰਦੀ ਨੂੰ ਦੂਜਿਆਂ ਨਾਲੋਂ ਉੱਪਰ ਦਿਖਾਉਣ ਲਈ ਬਹਿਸਦੇ ਹਾਂ, ਜਾਂ ਆਪਣੇ ਪਹਿਰਾਵੇ ਦੇ ਹੰਕਾਰ ਵਿੱਚ ਦੂਜੇ ਸਿੱਖ ਨੂੰ ਤੁੱਛ ਸਮਝਦੇ ਹਾਂ, ਤਾਂ ਅਸੀਂ ਉਸੇ 'ਰਾਜਸੁ' ਦਾ ਸ਼ਿਕਾਰ ਹੁੰਦੇ ਹਾਂ, ਜਿਸ ਦੀ ਗੱਲ ਕਬੀਰ ਜੀ ਕਰ ਰਹੇ ਹਨ। ਇਹ ਹੰਕਾਰ ਸਾਨੂੰ ਗੁਰੂ ਤੋਂ ਦੂਰ ਲੈ ਜਾਂਦਾ ਹੈ, ਕਿਉਂਕਿ ਗੁਰੂ ਦੇ ਦਰ 'ਤੇ ਤਾਂ ਸਿਰਫ਼ 'ਗਰੀਬੀ' (ਨਿਮਰਤਾ) ਪ੍ਰਵਾਨ ਹੈ।

**'ਅਲਹ ਅਵਲਿ ਦੀਨ ਕੋ ਸਾਹਿਬੁ' : ਸਰਵਉੱਚ ਅਧਿਕਾਰ ਸਿਰਫ਼ ਰੱਬ ਦਾ**

'ਅਲਹ ਅਵਲਿ ਦੀਨ ਕੋ ਸਾਹਿਬੁ...' ਭਗਤ ਜੀ ਸਮਝਾਉਂਦੇ ਹਨ ਕਿ ਧਰਮ ਦਾ ਅਸਲ ਮਾਲਕ, 'ਸਾਹਿਬ', ਸਿਰਫ਼ ਉਹ ਅਕਾਲ ਪੁਰਖ ਹੈ। ਕੋਈ ਵੀ ਇਨਸਾਨ, ਸੰਸਥਾ ਜਾਂ ਜਥੇਬੰਦੀ ਧਰਮ ਦੀ ਠੇਕੇਦਾਰ ਨਹੀਂ ਹੋ ਸਕਦੀ। ਸਿੱਖੀ ਵਿੱਚ 'ਜਾਗਤ ਜੋਤ' ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਨ। ਬਾਕੀ ਸਭ ਅਸੀਂ ਉਸ ਮਾਲਕ ਦੇ ਸੇਵਾਦਾਰ ਹਾਂ।

ਉਦਾਹਰਨ: ਇੱਕ ਸਰਕਾਰੀ ਦਫ਼ਤਰ ਵਿੱਚ ਚਪੜਾਸੀ ਤੋਂ ਲੈ ਕੇ ਅਫ਼ਸਰ ਤੱਕ ਸਾਰੇ ਸਰਕਾਰ ਦੇ ਨੌਕਰ ਹੁੰਦੇ ਹਨ। ਜੇ ਕੋਈ ਅਫ਼ਸਰ ਇਹ ਸੋਚਣ ਲੱਗ ਪਵੇ ਕਿ 'ਮੈਂ ਹੀ ਸਰਕਾਰ ਹਾਂ', ਤਾਂ ਉਹ ਗਲਤ ਹੈ। ਠੀਕ ਉਸੇ ਤਰ੍ਹਾਂ, ਅਸੀਂ ਸਾਰੇ ਗੁਰੂ ਗ੍ਰੰਥ ਸਾਹਿਬ ਜੀ ਦੇ ਸੇਵਾਦਾਰ ਹਾਂ। ਕੋਈ ਜਥੇਬੰਦੀ ਜਾਂ ਵਿਅਕਤੀ ਗੁਰੂ ਦੇ ਬਰਾਬਰ ਨਹੀਂ ਹੋ ਸਕਦਾ। ਜਦੋਂ ਅਸੀਂ ਕਿਸੇ ਹੋਰ ਲਿਖਤ ਨੂੰ ਗੁਰੂ ਦੇ ਬਰਾਬਰ ਖੜ੍ਹਾ ਕਰਦੇ ਹਾਂ, ਤਾਂ ਅਸੀਂ 'ਦੀਨ ਕੇ ਸਾਹਿਬ' ਦੀ ਤੌਹੀਨ ਕਰਦੇ ਹਾਂ।

**'ਜੋਰੁ ਨਹੀ ਫੁਰਮਾਵੈ' : ਧੱਕੇਸ਼ਾਹੀ ਦੀ ਮਨਾਹੀ**

'...ਜੋਰੁ ਨਹੀ ਫੁਰਮਾਵੈ॥1॥' ਰੱਬ ਕਦੇ ਵੀ ਕਿਸੇ 'ਤੇ 'ਜ਼ੋਰ' (ਧੱਕਾ ਜਾਂ ਜ਼ਬਰਦਸਤੀ) ਕਰਨ ਦੀ ਇਜਾਜ਼ਤ ਨਹੀਂ ਦਿੰਦਾ। ਸੱਚਾ ਧਰਮ ਉਹ ਹੈ ਜੋ ਦੂਜਿਆਂ ਦੇ ਦੁੱਖ ਹਰੇ, ਨਾ ਕਿ ਦੂਜਿਆਂ 'ਤੇ ਆਪਣੀ ਮਰਜ਼ੀ ਥੋਪੇ।

ਉਦਾਹਰਨ: ਜੇ ਇੱਕ ਨਿਹੰਗ ਸਿੰਘ ਆਪਣੇ ਸ਼ਸਤਰਾਂ ਦੀ ਵਰਤੋਂ ਕਿਸੇ ਨੂੰ ਡਰਾਉਣ ਜਾਂ ਆਪਣੀ ਗੱਲ ਜ਼ਬਰਦਸਤੀ ਮੰਨਵਾਉਣ ਲਈ ਕਰਦਾ ਹੈ, ਤਾਂ ਉਹ ਗੁਰੂ ਦੇ ਇਸ ਅਸੂਲ ਨੂੰ ਤੋੜ ਰਿਹਾ ਹੈ। ਤਾਕਤ ਸੇਵਾ ਲਈ ਹੁੰਦੀ ਹੈ, ਸਰੀਰਕ ਜਾਂ ਮਾਨਸਿਕ ਧੱਕਾ ਕਰਨ ਲਈ ਨਹੀਂ। ਧਰਮ ਪ੍ਰੇਮ ਦਾ ਮਾਰਗ ਹੈ, ਜ਼ੋਰ ਦਾ ਨਹੀਂ।

ਸਿੱਟਾ (ਲੇਖਕ ਵਲੋਂ ਸੰਵਾਦ): ਵੀਰੋ, ਭਗਤ ਕਬੀਰ ਜੀ ਦੀ ਇਹ ਪੰਕਤੀ ਸਾਨੂੰ ਸਾਡਾ ਅਸਲ ਸ਼ੀਸ਼ਾ ਦਿਖਾਉਂਦੀ ਹੈ। ਉਹ ਸਾਨੂੰ ਕਹਿ ਰਹੇ ਹਨ ਕਿ 'ਮਸਕੀਨ' ਬਣ ਕੇ ਉਸ ਇੱਕ ਸੱਚੇ ਸਾਹਿਬ (ਗੁਰੂ ਗ੍ਰੰਥ ਸਾਹਿਬ) ਦੇ ਲੜ ਲੱਗੋ। ਜਦੋਂ ਅਸੀਂ ਦੁਨਿਆਵੀ ਚੌਧਰਾਂ, ਜਥੇਬੰਦਕ ਹੰਕਾਰ ਅਤੇ ਮਨ-ਮੱਤ ਦੇ ਨਸ਼ਿਆਂ ਨੂੰ ਤਿਆਗ ਕੇ ਗੁਰੂ ਦੇ ਚਰਨਾਂ ਵਿੱਚ ਬੈਠਾਂਗੇ, ਤਾਂ ਸਾਰੀਆਂ ਬਹਿਸਾਂ ਖ਼ਤਮ ਹੋ ਜਾਣਗੀਆਂ।

ਜੇ ਸਾਡਾ ਗੁਰੂ 'ਸਾਹਿਬ' ਇੱਕੋ ਹੈ, ਤਾਂ ਸਾਡੀ ਦਿਸ਼ਾ ਵੀ ਇੱਕੋ ਹੋਣੀ ਚਾਹੀਦੀ ਹੈ। ਨਿਹੰਗਪੁਣੇ ਦਾ ਅਸਲ ਜਲੌਅ 'ਜੋਰ' (ਧੱਕਾ) ਦਿਖਾਉਣ ਵਿੱਚ ਨਹੀਂ, ਸਗੋਂ ਗੁਰੂ ਦੀ ਰਜ਼ਾ ਵਿੱਚ 'ਮਸਕੀਨ' ਹੋ ਕੇ ਰਹਿਣ ਵਿੱਚ ਹੈ। ਜਿਸ ਦਿਨ ਸਾਨੂੰ ਇਹ ਸਮਝ ਆ ਗਈ ਕਿ 'ਸਾਹਿਬ' ਸਿਰਫ਼ ਇੱਕ ਹੈ, ਉਸ ਦਿਨ ਅਸੀਂ ਸੱਚੇ ਅਰਥਾਂ ਵਿੱਚ 'ਨਿਹੰਗ' ਹੋ ਜਾਵਾਂਗੇ।

**ਸਮਾਪਤੀ: ਇੱਕ ਅਰਦਾਸ**

ਵੀਰੋ, ਆਓ ਅੱਜ ਇੱਕ ਪ੍ਰਣ ਕਰੀਏ। ਅਸੀਂ ਕਿਸੇ ਵੀ ਜਥੇਬੰਦੀ ਨਾਲ ਸਬੰਧਤ ਹੋਈਏ, ਸਾਡਾ ਪਹਿਲਾ ਤੇ ਆਖਰੀ ਪਿਆਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹੀ ਹੋਣਗੇ। ਅਸੀਂ ਕਿਸੇ ਵੀ ਨਸ਼ੇ ਦੀ ਗੁਲਾਮੀ ਨਹੀਂ ਕਰਾਂਗੇ, ਸਗੋਂ ਗੁਰੂ ਦੇ ਸ਼ਬਦ ਦੇ ਗੁਲਾਮ ਬਣਾਂਗੇ।

ਕੁਝ ਪਲ ਰੁਕ ਕੇ ਸੋਚੋ... ਜਦੋਂ ਅਸੀਂ ਗੁਰੂ ਦੇ ਦਰਬਾਰ ਵਿੱਚ ਜਾਵਾਂਗੇ, ਤਾਂ ਗੁਰੂ ਸਾਹਿਬ ਸਾਡੀ ਜਥੇਬੰਦੀ ਨਹੀਂ ਪੁੱਛਣਗੇ, ਉਹ ਸਾਡਾ 'ਸਿਦਕ' ਤੇ ਸਾਡਾ 'ਕਿਰਦਾਰ' ਦੇਖਣਗੇ। ਕੀ ਅਸੀਂ ਉਸ ਲਈ ਤਿਆਰ ਹਾਂ ?

**-ਗੁਰਦੇਵ ਸਿੰਘ ਬਠਿੰਡਾ।**
**ਮੋਬ : 9316949649, ਈਮੇਲ : gskbathinda@gmail.com**

ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਖਾਲਸਾ ਸਾਜਨਾ ਦਿਵਸ ਵਿਸਾਖੀ ਦੀਆਂ ਖੁਸ਼ੀਆਂ ਮੌਕੇ

# ਗੁਰੂ ਦੀਆਂ ਲਾਡਲੀਆਂ ਫੌਜਾਂ ਨਿਹੰਗ ਸਿੰਘਾਂ ਨੇ ਮਹੱਲਾ ਕੱਢਿਆ

## ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵਿਸ਼ੇਸ਼ ਸੰਬੋਧਨ ਕੀਤਾ













ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਅੱਜ ਖਾਲਸਾ ਸਾਜਨਾ ਦਿਵਸ ਵਿਸਾਖੀ ਦੀਆਂ ਖੁਸ਼ੀਆਂ ਮੌਕੇ ਗੁਰੂ ਦੀਆਂ ਲਾਡਲੀਆਂ ਫੌਜਾਂ ਨਿਹੰਗ ਸਿੰਘਾਂ ਨੇ ਜਥੇਦਾਰ ਬਾਬਾ ਬਲਬੀਰ ਸਿੰਘ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ,ਜਥੇਦਾਰ ਬਾਬਾ ਜੋਗਾ ਸਿੰਘ ਮੁੱਖੀ ਪੰਥ ਅਕਾਲੀ ਤਰਨਾ ਦਲ ਬਾਬਾ ਬਕਾਲਾ ਸਾਹਿਬ,ਜਥੇਦਾਰ ਬਾਬਾ ਅਵਤਾਰ ਸਿੰਘ ਮੁੱਖੀ ਦਲ ਬਾਬਾ ਬਿਧੀ ਚੰਦ ਸੁਰਸਿੰਘ,ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਮੁਖੀ ਦਸਮੇਸ਼ ਤਰਨਾ ਦੀ ਅਗਵਾਈ ਵਿੱਚ ਮਹੱਲਾ ਕੱਢਿਆ ਗਿਆ ਖਾਲਸਾ ਸਾਜਨਾ ਦਿਵਸ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਖੁੱਲੇ ਮੈਦਾਨ ਵਿੱਚ ਗੁਰੂ ਦੀਆਂ ਲਾਡਲੀਆਂ ਫੌਜਾਂ ਨਿਹੰਗ ਸਿੰਘਾਂ ਵਲੋਂ ਮਹਾਨ ਪਰੰਪਰਾ ਨੂੰ ਮੁੱਖ ਰੱਖਦੇ ਘੋੜ ਦੌੜਾਂ ਨੇਜੇ ਬਾਜ਼ੀ ਕੁਸ਼ਤੀਆਂ ਘੋੜੇ ਹਾਥੀਆਂ ਨਾਲ ਮਹੱਲਾ ਕੱਢਿਆ ਗਿਆ ਇਸ ਸਮੇਂ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵਿਸ਼ੇਸ਼ ਸੰਬੋਧਨ ਕੀਤਾ ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਨਿਹੰਗ ਸਿੰਘ ਖਾਲਸਾ ਪੰਥ ਦੀ ਸ਼ਾਨ ਹਨ ਅਤੇ ਸਿੱਖ ਇਤਿਹਾਸ ਵਿੱਚ ਉਨ੍ਹਾਂ ਦੀ ਬੇਮਿਸਾਲ ਸੇਵਾ ਅਤੇ ਬਹਾਦਰੀ ਸਦਾ ਯਾਦ ਰੱਖੀ ਜਾਵੇਗੀ ਉਨ੍ਹਾਂ ਕਿਹਾ ਕਿ ਖਾਲਸਾ ਸਾਜਨਾ ਦਿਵਸ ਸਾਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ 'ਤੇ ਚੱਲਣ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਇਕੱਠੇ ਹੋ ਕੇ ਜਬਰ ਜ਼ੁਲਮ ਖ਼ਿਲਾਫ਼ ਜੂਝਣ ਦਾ ਸੰਦੇਸ਼ ਦਿੰਦਾ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਨਿਹੰਗ ਸਿੰਘ ਫੌਜਾਂ ਨੇ ਹਾਜ਼ਰੀ ਭਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਐਮ.ਪੀ. ਭਾਈ ਅੰਮ੍ਰਿਤਪਾਲ ਸਿੰਘ 'ਤੇ ਲੱਗੀ

# ਐਨ. ਐਸ. ਏ. ਤੁਰੰਤ ਹਟਾਈ ਜਾਵੇ : ਭਾਈ ਸੁਖਵਿੰਦਰ ਸਿੰਘ ਅਗਵਾਨ

**ਬਟਾਲਾ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਦੇ ਮਾਮਲੇ ਨੂੰ ਲੈ ਕੇ ਚਰਚਾ ਲਗਾਤਾਰ ਤੇਜ਼ ਹੋ ਰਹੀ ਹੈ। ਇਸ ਸੰਦਰਭ ਵਿੱਚ ਕਾਰ ਸੇਵਾ ਅਗਵਾਨਾਂ ਵਾਲੇ ਦੇ ਮੁੱਖ ਸੇਵਾਦਾਰ ਸੁਖਵਿੰਦਰ ਸਿੰਘ ਅਗਵਾਨ ਨੇ ਇੱਕ ਬਿਆਨ ਜਾਰੀ ਕਰਦੇ ਹੋਏ ਅੰਮ੍ਰਿਤਪਾਲ ਸਿੰਘ 'ਤੇ ਲੱਗੀ ਰਾਸ਼ਟਰੀ ਸੁਰੱਖਿਆ ਕਾਨੂੰਨ (ਐਨ. ਐਸ. ਏ.) ਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਹੈ।

ਉਨ੍ਹਾਂ ਕਿਹਾ ਕਿ ਅੰਮ੍ਰਿਤਪਾਲ ਸਿੰਘ ਇੱਕ ਸੱਚੇ ਤੇ ਸੁੱਚੇ ਸਿੱਖ ਨੌਜਵਾਨ ਆਗੂ ਹਨ, ਜਿਨ੍ਹਾਂ ਨੇ ਪੰਜਾਬ ਦੀ ਨੌਜਵਾਨੀ ਨੂੰ ਧਾਰਮਿਕ ਅਤੇ ਸਹੀ ਜੀਵਨ ਮਾਰਗ ਵੱਲ ਪ੍ਰੇਰਿਤ ਕੀਤਾ ਹੈ। ਉਨ੍ਹਾਂ ਦੇ ਮੁਤਾਬਕ, ਅੰਮ੍ਰਿਤਪਾਲ ਸਿੰਘ ਦੀ ਵਧਦੀ ਲੋਕਪ੍ਰੀਅਤਾ ਉਨ੍ਹਾਂ ਦੇ ਚੰਗੇ ਕੰਮਾਂ ਦਾ ਨਤੀਜਾ ਹੈ ਅਤੇ ਉਹ ਪੰਜਾਬ, ਸਮਾਜ ਅਤੇ ਸਿੱਖ ਕੌਮ ਦੇ ਹਿੱਤਾਂ ਲਈ ਕੰਮ ਕਰ ਰਹੇ ਹਨ।

ਸੁਖਵਿੰਦਰ ਸਿੰਘ ਅਗਵਾਨ ਨੇ ਕਿਹਾ ਕਿ ਪੰਜਾਬ ਵਿੱਚ ਬਹੁਤ ਸਾਰੇ ਆਗੂ ਆਪਣੇ ਆਪ ਨੂੰ ਪੰਥ ਦਰਦੀ ਦੱਸਦੇ ਹਨ, ਪਰ ਅਸਲ ਦਰਦ ਅਤੇ ਸੱਚੀ ਨੀਅਤ ਅੰਦਰੋਂ ਆਉਂਦੀ ਹੈ, ਜੋ ਅੰਮ੍ਰਿਤਪਾਲ ਸਿੰਘ ਵਿੱਚ ਸਪਸ਼ਟ ਤੌਰ 'ਤੇ ਵੇਖਣ ਨੂੰ ਮਿਲਦੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਨੌਜਵਾਨੀ ਅੱਜ ਅੰਮ੍ਰਿਤਪਾਲ ਸਿੰਘ ਵਿੱਚ ਆਪਣਾ ਪ੍ਰਤੀਬਿੰਬ ਵੇਖਦੀ ਹੈ ਅਤੇ ਉਨ੍ਹਾਂ ਦੇ ਰਾਹ 'ਤੇ ਚੱਲ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਅਫਸੋਸ ਜਤਾਇਆ ਕਿ ਕੁਝ ਸਿਆਸੀ ਅਤੇ ਧਾਰਮਿਕ ਧਿਰਾਂ ਅੰਮ੍ਰਿਤਪਾਲ ਸਿੰਘ ਦੀ ਵਧਦੀ ਲੋਕਪ੍ਰੀਅਤਾ ਨੂੰ ਸਹਾਰ ਨਹੀਂ ਸਕੀਆਂ ਅਤੇ ਵਿਰੋਧ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਮਸਲਾ ਸਿਰਫ ਸਿਆਸੀ ਨਹੀਂ, ਸਗੋਂ ਕੌਮੀ ਅਤੇ ਧਾਰਮਿਕ ਪੱਧਰ 'ਤੇ ਵੀ ਮਹੱਤਵਪੂਰਨ ਹੈ।

ਸੁਖਵਿੰਦਰ ਸਿੰਘ ਅਗਵਾਨ ਨੇ ਮੰਗ ਕੀਤੀ ਕਿ ਅੰਮ੍ਰਿਤਪਾਲ ਸਿੰਘ ਨੂੰ ਤੁਰੰਤ ਜਮਾਨਤ ਦਿੱਤੀ ਜਾਵੇ, ਜਾਂ ਪੂਰੀ ਤਰ੍ਹਾਂ ਰਿਹਾਅ ਕੀਤਾ ਜਾਵੇ, ਤਾਂ ਜੋ ਉਹ ਲੋਕਾਂ ਦੇ ਮੱਤ ਅਨੁਸਾਰ ਸੰਸਦ ਵਿੱਚ ਪੰਜਾਬ ਦੇ ਮੁੱਦੇ ਉਠਾ ਸਕਣ। ਉਨ੍ਹਾਂ ਕਿਹਾ ਕਿ ਕਾਨੂੰਨ ਦੀ ਪਾਲਣਾ ਕਰਵਾਉਣ ਵਾਲਿਆਂ ਨੂੰ ਖੁਦ ਕਾਨੂੰਨ ਦੀ ਉਲੰਘਣਾ ਨਹੀਂ ਕਰਨੀ ਚਾਹੀਦੀ। ਉਨ੍ਹਾਂ ਨੇ ਸਿੱਖ ਕੌਮ ਨੂੰ ਅਪੀਲ ਕੀਤੀ ਕਿ ਧਾਰਮਿਕ ਏਕਤਾ ਨੂੰ ਬਣਾਈ ਰੱਖਦਿਆਂ ਇਸ ਮਸਲੇ 'ਤੇ ਅਵਾਜ਼ ਬੁਲੰਦ ਕੀਤੀ ਜਾਵੇ। ਨਾਲ ਹੀ, ਉਨ੍ਹਾਂ ਨੇ ਪੰਥਕ ਧਿਰਾਂ ਨੂੰ ਇਕੱਠੇ ਹੋ ਕੇ ਕੌਮੀ ਮਸਲਿਆਂ, ਖ਼ਾਸ ਕਰਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਸਾਂਝੀ ਰਣਨੀਤੀ ਬਣਾਉਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਇਸ ਬਿਆਨ ਨਾਲ ਪੰਜਾਬ ਦੀ ਰਾਜਨੀਤਕ ਅਤੇ ਸਮਾਜਿਕ ਮੰਡਲ ਵਿੱਚ ਇੱਕ ਵਾਰ ਫਿਰ ਚਰਚਾ ਦਾ ਮਾਹੌਲ ਬਣ ਗਿਆ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਮਾਮਲੇ 'ਚ ਹੋਰ ਤੀਬਰਤਾ ਆ ਸਕਦੀ ਹੈ।




## ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਰਾਜ ਪੱਧਰੀ ਟੀਮ ਵੱਲੋਂ ਦਬਿਸ਼

# ਸੰਯੁਕਤ ਡਾਇਰੈਕਟਰ ਖੇਤੀਬਾੜੀ ਵੱਲੋਂ ਖ਼ਾਦ ਵਿਕਰੇਤਾਵਾਂ, ਫੀਡ ਅਤੇ ਪਲਾਈਵੁੱਡ ਇੰਡਸਟਰੀ ਦੀ ਚੈਕਿੰਗ

### ਕਿਹਾ- ਗੈਰ ਕਾਨੂੰਨੀ ਵਰਤੋਂ ਨੂੰ ਬਿਲਕੁਲ ਰੋਕਿਆ ਜਾਵੇਗਾ, ਅਜਿਹਾ ਕਰਨ ਵਾਲਿਆਂ ਖ਼ਿਲਾਫ਼ ਤੁਰੰਤ ਬਣਦੀ ਕਾਰਵਾਈ ਹੋਵੇਗੀ



**ਹੁਸ਼ਿਆਰਪੁਰ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਮਿਆਰੀ ਅਤੇ ਸਮੇਂ ਸਿਰ ਖੇਤੀ ਸਮਗਰੀ ਉਪਲਬਧ ਕਰਵਾਉਣ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀਆਂ ਰਾਜ ਪੱਧਰੀ ਨਿਗਰਾਨ ਟੀਮਾਂ ਵਲੋਂ ਸਮੂਹ ਜ਼ਿਲ੍ਹਿਆਂ ਵਿਚ ਖਾਦ ਡੀਲਰਾਂ ਦੀਆਂ ਦੁਕਾਨਾਂ , ਗੋਦਾਮਾਂ ਅਤੇ ਪਲਾਈ ਵੁਡ ਉਦਯੋਗਿਕ ਇਕਾਈਆਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਮੁਹਿੰਮ ਤਹਿਤ ਜ਼ਿਲਾ ਹੁਸ਼ਿਆਰਪੁਰ ਵਿਚ ਰਾਜ ਪੱਧਰੀ ਟੀਮ ਵੱਲੋਂ ਗੜ੍ਹਸ਼ੰਕਰ, ਮਾਹਿਲਪੁਰ, ਚੱਬੇਵਾਲ, ਹੁਸ਼ਿਆਰਪੁਰ ਅਤੇ ਮੁਕੇਰੀਆਂ ਵਿਚ ਖਾਦ ਵਿਕ੍ਰੇਤਾਵਾਂ ਦੇ ਗੁਦਾਮਾਂ ਦੀ ਚੈਕਿੰਗ ਕੀਤੀ ਗਈ। ਇਸ ਤੋਂ ਇਲਾਵਾ ਭੂੰਗਾ ਅਤੇ ਹੁਸ਼ਿਆਰਪੁਰ ਵਿਚ ਸਥਿਤ ਪਲਾਈ ਉਦਯੋਗਿਕ ਇਕਾਈਆਂ ਦੀ ਵੀ ਚੈਕਿੰਗ ਕੀਤੀ ਗਈ । ਇਸ ਟੀਮ ਵਿਚ ਡਾਕਟਰ ਅਮਰੀਕ ਸਿੰਘ ਕੇਨ ਕਮਿਸ਼ਨਰ ਪੰਜਾਬ, ਡਾਕਟਰ ਦੀਪਇੰਦਰ ਸਿੰਘ ਮੁੱਖ ਖੇਤੀਬਾੜੀ ਅਫ਼ਸਰ,ਡਾਕਟਰ ਗੁਰਪ੍ਰੀਤ ਸਿੰਘ, ਡਾਕਟਰ ਸਿਮਰਨਜੀਤ ਸਿੰਘ ਬਲਾਕ ਖੇਤੀਬਾੜੀ ਅਫ਼ਸਰ ਡਾਕਟਰ ਮਿੱਤਰਮਾਨ ਸਿੰਘ ਖੇਤੀਬਾੜੀ ਵਿਕਾਸ ਅਫਸਰ ਅਤੇ ਹੋਰ ਅਧਿਕਾਰੀ ਸ਼ਾਮਿਲ ਸਨ। ਟੀਮ ਵੱਲੋਂ ਇਹ ਪਾਇਆ ਗਿਆ ਕਿ ਕਿਸਾਨਾਂ ਖਾਸ ਕਰਕੇ ਵੱਡੇ ਕਿਸਾਨਾਂ ਵਲੋਂ ਸਾਉਣੀ ਦੀਆਂ ਫ਼ਸਲਾਂ ਲਈ ਲੋੜੀਂਦੀ ਯੂਰੀਆ ਖਾਦ ਦਾ ਹੁਣ ਤੋਂ ਹੀ ਸਟਾਕ ਕੀਤਾ ਜਾ ਰਿਹਾ ਹੈ, ਜਿਸ ਨਾਲ ਛੋਟੇ ਕਿਸਾਨਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਕਿਸਾਨਾਂ ਨੂੰ ਚਾਹੀਦਾ ਹੈ ਕਿ ਸਿਫਾਰਸ਼ਾਂ ਮੁਤਾਬਿਕ ਅਤੇ ਜ਼ਰੂਰਤ ਅਨੁਸਾਰ ਖਾਦ ਦੀ ਖਰੀਦ ਕਰਕੇ ਫ਼ਸਲਾਂ ਵਿਚ ਵਰਤੀ ਜਾਵੇ ਤਾਂ ਜੋਂ ਖੇਤੀ ਲਾਗਤ ਖਰਚੇ ਘਟਾਉਣ ਦੇ ਨਾਲ ਨਾਲ ਮਿੱਟੀ, ਹਵਾ ਅਤੇ ਪਾਣੀ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ । ਡਾ. ਅਮਰੀਕ ਸਿੰਘ ਨੇ ਇਸ ਮੌਕੇ ਦੱਸਿਆ ਕਿ ਪੰਜਾਬ ਵਿਚ ਲਗਾਤਾਰ ਯੂਰੀਆ ਖਾਦ ਦੀ ਵਰਤੋਂ ਵੱਧ ਰਹੀ ਹੈ ਅਤੇ ਅਤੇ ਵੇਖਣ ਵਿਚ ਆਇਆ ਹੈ ਕਿ ਸਬਸਿਡੀ ਵਾਲੀ ਯੂਰੀਆ ਖਾਦ ਦੀ ਵਰਤੋਂ ਪਲਾਈਵੁੱਡ ਇੰਡਸਟਰੀ ਵਿਚ ਸੰਭਵ ਹੈ, ਜੋ ਕਿ ਗੈਰ ਕਾਨੂੰਨੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਉਦਯੋਗਿਕ ਇਕਾਈਆਂ ਵਿਚ ਯੂਰੀਆ ਖਾਦ ਦੀ ਵਰਤੋਂ ਨੂੰ ਰੋਕਣ ਸਬੰਧੀ ਪੂਰੇ ਪੰਜਾਬ ਵਿਚ ਚੈਕਿੰਗ ਕੀਤੀ ਜਾ ਰਹੀ ਹੈ ਅਤੇ ਇਸੇ ਲੜੀ ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਅੱਜ ਚੈਕਿੰਗ ਕੀਤੀ ਗਈ ਹੈ। ਉਨ੍ਹਾਂ ਨੇ ਆਪਣੀ ਟੀਮ ਸਹਿਤ ਭੂੰਗਾ ਅਤੇ ਹੁਸ਼ਿਆਰਪੁਰ ਵਿਚ ਸਥਿਤ ਪਲਾਈਵੁੱਡ ਇੰਡਸਟਰੀ ਦੀ ਚੈਕਿੰਗ ਕੀਤੀ। ਉਨ੍ਹਾਂ ਸਮੂਹ ਖ਼ਾਦ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਕਿ ਪੀ.ਓ.ਐਸ ਮਸ਼ੀਨਾਂ ਵਿਚੋਂ ਸਟਾਕ ਕਲੀਅਰ ਕੀਤਾ ਜਾਵੇ ਅਤੇ ਕਿਸਾਨਾਂ ਨੂੰ ਫ਼ਸਲਾਂ ਦੀ ਲੋੜ ਅਨੁਸਾਰ ਹੀ ਖ਼ਾਦ ਦਿੱਤੀ ਜਾਵੇ ਅਤੇ ਫਾਲਤੂ ਖ਼ਾਦ ਦੀ ਵਿਕਰੀ ਬਿਲਕੁਲ ਨਾ ਕੀਤੀ ਜਾਵੇ। ਜੇਕਰ ਕੋਈ ਵੀ ਖ਼ਾਦ ਵਿਕਰੇਤਾ ਯੂਰੀਆ ਖਾਦ ਫੀਡ ਅਤੇ ਪਲਾਈਵੁੱਡ ਇੰਡਸਟਰੀਆਂ ਨੂੰ ਵੇਚਦਾ ਫੜਿਆ ਗਿਆ ਤਾਂ ਉਸ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਖੇਤੀ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਕਿ ਸਮੂਹ ਖ਼ਾਦ ਵਿਕਰੇਤਾਵਾਂ, ਫੀਡ ਅਤੇ ਪਲਾਈਵੁੱਡ ਇੰਡਸਟਰੀ ਦੀ ਲਗਾਤਾਰ ਚੈਕਿੰਗ ਕੀਤੀ ਜਾਵੇ ਅਤੇ ਜੇਕਰ ਕਿਸੇ ਇੰਡਸਟਰੀ ਵਿਚ ਸਬਸਿਡੀ ਵਾਲੇ ਯੂਰੀਆ ਦੀ ਵਰਤੋਂ ਹੁੰਦੀ ਪਾਈ ਜਾਂਦੀ ਹੈ ਤਾਂ ਉਸ ਇੰਡਸਟਰੀ 'ਤੇ ਤੁਰੰਤ ਬਣਦੀ ਕਾਰਵਾਈ ਕੀਤੀ ਜਾਵੇ ਅਤੇ ਉਸ ਨੂੰ ਸੀਜ਼ ਕੀਤਾ ਜਾਵੇ। ਮੁੱਖ ਖੇਤੀਬਾੜੀ ਅਫਸਰ ਡਾ. ਦਪਿੰਦਰ ਸਿੰਘ ਸੰਧੂ ਨੇ ਇਸ ਮੌਕੇ ਕਿਹਾ ਕਿ ਇਨ੍ਹਾਂ ਹੁਕਮਾਂ ਨੂੰ ਇੰਨ-ਬਿੰਨ ਲਾਗੂ ਕੀਤਾ ਜਾਵੇਗਾ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਖ਼ਾਦ ਦੀ ਫਾਲਤੂ ਵਿਕਰੀ ਅਤੇ ਇੰਡਸਟਰੀ ਵਿਚ ਕੀਤੀ ਜਾ ਰਹੀ ਗੈਰ ਕਾਨੂੰਨੀ ਵਰਤੋਂ ਨੂੰ ਬਿਲਕੁਲ ਰੋਕਿਆ ਜਾਵੇਗਾ ਅਤੇ ਅਜਿਹਾ ਕਰਨ ਵਾਲਿਆਂ ਖ਼ਿਲਾਫ਼ ਤੁਰੰਤ ਬਣਦੀ ਕਾਰਵਾਈ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਰਾਮਸਰ ਸਾਹਿਬ ਵਿਖੇ ਘਟਨਾ ਤੋਂ ਬਾਅਦ ਮਨਪ੍ਰੀਤ ਸਿੰਘ ਕਾਨਪੁਰੀ ਨੂੰ ਅਖੰਡ ਕੀਰਤਨੀ ਜਥੇ ਤੋਂ ਬਰਖਾਸਤ ਕਰਨ ਦਾ ਫ਼ੈਸਲਾ



ਅਖੰਡ ਕੀਰਤਨੀ ਜਥਾ (ਰਜਿ.)

ਸਤਿਕਾਰ ਯੋਗ ਸੰਗਤ ਜੀ,

ਵਾਹਿਗੁਰੂਜੀਕਾਖਾਲਸਾ ॥ ਵਾਹਿਗੁਰੂਜੀਕੀਫਤਿਹ ॥

ਸਮੂਹ ਸਾਧ ਸੰਗਤ ਨੂੰ ਇਹ ਜਾਣਕਾਰੀ ਦਿੱਤੀ ਜਾਂਦੀ ਹੈ ਕਿ ਮਨਪ੍ਰੀਤ ਸਿੰਘ ਕੀਰਤਨੀਆ ਜਿਸ ਨੇ ਕਿ ਅਨੰਦਪੁਰ ਸਾਹਿਬ ਵਿਖੇ ਪੰਚਾਂ ਵੱਲੋਂ ਹੋਏ ਹੁਕਮ ਦੀ ਉਲੰਘਣਾ ਕਰਕੇ ਗੁਰਦੁਆਰਾ ਸ੍ਰੀ ਰਾਮਸਰ ਅੰਮ੍ਰਿਤਸਰ ਸਾਹਿਬ ਵਿਖੇ ਚੱਲ ਰਹੇ ਅਖੰਡ ਕੀਰਤਨ ਸਮਾਗਮ ਦੇ ਸਟੇਜ ਸਕੱਤਰ ਦੀ ਆਗਿਆ ਤੋਂ ਬਿਨਾਂ ਆਪਣੇ ਕੁਝ ਸਾਥੀਆਂ ਨਾਲ ਸਟੇਜ ਦੇ ਉਤੇ ਕਬਜ਼ਾ ਕਰਕੇ ਕੀਰਤਨ ਕਰਨ ਦੀ ਕੋਸ਼ਿਸ਼ ਕਰਕੇ ਗੁਰ ਮਰਿਆਦਾ ਦੀ ਘੋਰ ਉਲੰਘਣਾ ਕੀਤੀ ਹੈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਨੂੰ ਠੇਸ ਪਹੁੰਚਾਈ ਹੈ।

ਇਸ ਲਈ ਸਮੂਹ ਸਾਧ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਮਨਪ੍ਰੀਤ ਸਿੰਘ ਨੂੰ ਅਖੰਡ ਕੀਰਤਨੀ ਜਥੇ ਵਿੱਚੋਂ ਅਣਮਿਥੇ ਸਮੇਂ ਲਈ ਬਰਖਾਸਤ ਕੀਤਾ ਜਾਂਦਾ ਹੈ। ਕੋਈ ਵੀ ਸੰਗਤ ਇਸ ਨੂੰ ਮੂੰਹ ਨਾ ਲਾਵੇ।

ਵਾਹਿਗੁਰੂਜੀਕਾਖਾਲਸਾ ॥ ਵਾਹਿਗੁਰੂਜੀਕੀਫਤਿਹ ॥

ਅਖੰਡ ਕੀਰਤਨੀ ਜਥਾ
ਅਖੰਡ ਕੀਰਤਨੀ ਜਥਾ ੩੧ ਮੈਂਬਰੀ ਵਿਸ਼ਵ ਵਿਆਪੀ ਕਮੇਟੀ

ਮਿਤੀ ੧੪ ਅਪ੍ਰੈਲ ੨੦੨੬

www.akj.org | ਵਿਸ਼ਵਵਿਆਪੀ ੩੧ ਮੈਂਬਰੀ ਕਮੇਟੀ | akjworldwide@akj.org

**ਅੰਮ੍ਰਿਤਸਰ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਰਾਮਸਰ ਸਾਹਿਬ ਵਿਖੇ ਚੱਲ ਰਹੇ ਅਖੰਡ ਕੀਰਤਨ ਸਮਾਗਮ ਦੌਰਾਨ ਇੱਕ ਵਿਵਾਦਿਤ ਘਟਨਾ ਸਾਹਮਣੇ ਆਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮਨਪ੍ਰੀਤ ਸਿੰਘ ਕਾਨਪੁਰੀ ਵੱਲੋਂ ਸਟੇਜ ਸਕੱਤਰ ਦੀ ਆਗਿਆ ਤੋਂ ਬਿਨਾਂ ਸਟੇਜ 'ਤੇ ਜਾ ਕੇ ਕੀਰਤਨ ਕਰਨ ਦੀ ਕੋਸ਼ਿਸ਼ ਕੀਤੀ ਗਈ। ਦੱਸਿਆ ਜਾ ਰਿਹਾ ਹੈ ਕਿ ਇਸ ਕਦਮ ਨੂੰ ਆਨੰਦਪੁਰ ਸਾਹਿਬ ਦੇ ਪੰਚਾਂ ਵੱਲੋਂ ਜਾਰੀ ਹੁਕਮ ਦੀ ਉਲੰਘਣਾ ਵਜੋਂ ਵੇਖਿਆ ਗਿਆ ਅਤੇ ਇਸ ਨਾਲ ਗੁਰੂ ਘਰ ਦੇ ਮਰਯਾਦਾ ਅਤੇ ਸਤਿਕਾਰ ਨੂੰ ਠੇਸ ਪਹੁੰਚਣ ਦੀ ਗੱਲ ਵੀ ਸਾਹਮਣੇ ਆਈ ਹੈ। ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਸਾਧ ਸੰਗਤ ਵੱਲੋਂ ਬੇਨਤੀ ਕੀਤੀ ਗਈ ਕਿ ਮਨਪ੍ਰੀਤ ਸਿੰਘ ਕਾਨਪੁਰੀ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਤੋਂ ਬਾਅਦ ਅਖੰਡ ਕੀਰਤਨੀ ਜੱਥਾ ਦੀ 31 ਮੈਂਬਰੀ ਵਿਸ਼ਵ ਪੱਧਰੀ ਕਮੇਟੀ ਵੱਲੋਂ ਮੀਟਿੰਗ ਕਰਕੇ ਫੈਸਲਾ ਲਿਆ ਗਿਆ ਕਿ ਮਨਪ੍ਰੀਤ ਸਿੰਘ ਕਾਨਪੁਰੀ ਨੂੰ ਅਣਮਿਥੇ ਸਮੇਂ ਲਈ ਜਥੇ ਵਿੱਚੋਂ ਬਰਖਾਸਤ ਕੀਤਾ ਜਾਵੇ। ਕਮੇਟੀ ਵੱਲੋਂ ਕਿਹਾ ਗਿਆ ਹੈ ਕਿ ਧਾਰਮਿਕ ਮਰਯਾਦਾ ਅਤੇ ਗੁਰੂ ਘਰ ਦੀ ਸ਼ਾਨ ਨੂੰ ਕਾਇਮ ਰੱਖਣ ਲਈ ਇਸ ਤਰ੍ਹਾਂ ਦੇ ਫੈਸਲੇ ਲੈਣ ਲਾਜ਼ਮੀ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

## ਸੂਬਾ ਸਰਕਾਰ ਨੇ ਹਰ ਇੱਕ ਗਾਰੰਟੀ ਨੂੰ ਅਮਲੀ ਜਾਮਾ ਪਹਿਨਾਇਆ: ਡਾ. ਰਾਜ ਕੁਮਾਰ ਚੱਬੇਵਾਲ

**ਹੁਸ਼ਿਆਰਪੁਰ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਸਰਕਾਰ ਦੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਪੂਰਾ ਲਾਭ ਵਿਧਾਨ ਸਭਾ ਹਲਕਾ ਚੱਬੇਵਾਲ ਦੀਆਂ ਮਹਿਲਾਵਾਂ ਤੱਕ ਪਹੁੰਚੇ ਇਸ ਮੰਤਵ ਨਾਲ ਹਲਕੇ ਦੀਆਂ ਮਹਿਲਾਵਾਂ ਨਾਲ ਇਸ ਸਬੰਧੀ ਜਾਣਕਾਰੀ ਸਾਂਝੀ ਕਰਨ ਲਈ ਵਿਧਾਇਕ ਡਾ. ਇਸ਼ਾਂਕ ਕੁਮਾਰ ਦੀ ਅਗਵਾਈ ਹੇਠ ਇਕ ਵੱਡੀ ਬੈਠਕ ਕੀਤੀ ਗਈ , ਜਿਸ ਵਿੱਚ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਵੀ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ । ਇਸ ਮੌਕੇ ਹਲਕੇ ਵਿਚ ਪਾਰਟੀ ਦੇ ਸਾਰੇ ਅਹੁਦੇਦਾਰਾਂ ਅਤੇ ਵੱਡੀ ਗਿਣਤੀ ਵਿਚ ਪਹੁੰਚੀਆਂ ਮਹਿਲਾਵਾਂ ਤੋਂ ਇਲਾਵਾ ਡਾ. ਜਤਿੰਦਰ ਕੁਮਾਰ ਵੀ ਮੌਜੂਦ ਰਹੇ। ਇਸ ਮੀਟਿੰਗ ਵਿਚ ਇਕੱਠ ਨੂੰ ਸੰਬੋਧਨ ਕਰਦੇ ਹੋਏ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਸਕੀਮ ਦਾ ਲਾਭ ਸੂਬੇ ਦੀ ਹਰ ਇੱਕ ਮਹਿਲਾ ਨੂੰ ਦਿੱਤਾ ਜਾ ਰਿਹਾ ਹੈ ਜਿਸ ਨਾਲ ਆਉਂਦੇ ਸਮੇਂ ਵਿੱਚ ਮਹਿਲਾਵਾਂ ਦੀ ਆਰਥਿਕ ਹਾਲਾਤ ਵਿੱਚ ਵੱਡਾ ਸੁਧਾਰ ਦੇਖਣ ਲਈ ਮਿਲੇਗਾ, ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੀ ਆਪ ਸਰਕਾਰ ਨੇ ਉਹ ਸਾਰੀਆਂ ਗਾਰੰਟੀਆਂ ਨੂੰ 4 ਸਾਲ ਦੇ ਸ਼ਾਸ਼ਨ ਵਿੱਚ ਲਾਗੂ ਕਰ ਦਿੱਤਾ ਹੈ ਜਿਨ੍ਹਾਂ ਪ੍ਰਤੀ ਸੂਬਾ ਵਾਸੀਆਂ ਨਾਲ ਵਾਅਦੇ ਕੀਤੇ ਗਏ ਸਨ। ਉਹਨਾਂ ਕਿਹਾ ਕਿ ਇਸ ਸਕੀਮ ਦੀ ਖ਼ਾਸੀਅਤ ਇਹ ਹੈ ਕਿ ਇਸ ਦੇ ਤਹਿਤ ਮਿਲਣ ਵਾਲੀ ਰਕਮ ਸਿੱਧੀ ਮਹਿਲਾਵਾਂ ਦੇ ਖਾਤਿਆਂ ਵਿਚ ਪਾਈ ਜਾਵੇਗੀ, ਉਹਨਾਂ ਅਪੀਲ ਕੀਤੀ ਕਿ ਸਾਰੀਆਂ ਮਹਿਲਾਵਾਂ ਇਸ ਸਕੀਮ ਦਾ ਲਾਭ ਲੈਣ ਲਈ ਆਪਣੇ ਬੈਂਕ ਖਾਤੇ ਜ਼ਰੂਰ ਖੁਲਵਾਉਣ ਅਤੇ ਦਲਿਤ ਮਹਿਲਾਵਾਂ ਆਪਣਾ ਐੱਸ ਸੀ ਸਰਟੀਫਿਕੇਟ ਜ਼ਰੂਰ ਬਣਵਾਉਣ ਜਿਸ ਦੇ ਲਈ ਉਹਨਾਂ ਦੇ ਚੱਬੇਵਾਲ ਦਫਤਰ ਵੀ ਖਾਸ ਤੌਰ 'ਤੇ ਕੈਂਪ ਲਗਾ ਕੇ ਇਹ ਸੁਵਿਧਾ ਮਹਿਲਾਵਾਂ ਨੂੰ ਉਪਲਬਧ ਕਾਰਵਾਈ ਜਾ ਰਹੀ ਹੈ, ਇਸ ਮੌਕੇ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਸੂਬੇ ਦੀ ਆਪ ਸਰਕਾਰ ਨੇ 4 ਸਾਲ ਵਿੱਚ ਰਿਕਾਰਡ ਵਿਕਾਸ ਕਾਰਜ ਕਰਵਾਏ ਹਨ ਅਤੇ ਇਨ੍ਹਾਂ ਸਾਲਾਂ ਦੌਰਾਨ ਹਰ ਵਰਗ ਦੇ ਲੋਕਾਂ ਨੂੰ ਸਹੂਲਤਾਂ ਦਿੱਤੀਆਂ ਗਈਆਂ ਹਨ, ਉਨ੍ਹਾਂ ਕਿਹਾ ਕਿ ਮਹਿਲਾਵਾਂ ਨੂੰ ਫ੍ਰੀ ਬੱਸ ਸਫਰ ਦੀ ਸਹੂਲਤ, 600 ਯੂਨਿਟ ਤੱਕ ਘਰਾਂ ਲਈ ਫ੍ਰੀ ਬਿਜਲੀ, 10 ਲੱਖ ਰੁਪਏ ਦੀ ਸੇਹਤ ਬੀਮਾ ਯੋਜਨਾ ਅਤੇ ਹੁਣ ਮਾਵਾਂ-ਧੀਆਂ ਦਾ ਸਤਿਕਾਰ ਯੋਜਨਾ ਨੂੰ ਲਾਗੂ ਕਰਕੇ ਆਪ ਸਰਕਾਰ ਨੇ ਇਹ ਦਰਸਾ ਦਿੱਤਾ ਹੈ ਕਿ ਜੇਕਰ ਕੰਮ ਕਰਨ ਦੀ ਚਾਹਤ ਹੋਵੇ ਤਾਂ ਫਿਰ ਕੁਝ ਵੀ ਮੁਮਕਿਨ ਹੈ। ਹਲਕਾ ਮਹਿਲਾ ਵਿੰਗ ਕੋਆਰਡੀਨੇਟਰ ਸੁਮਨਦੀਪ ਕੌਰ ਨੇ ਇਸ ਮੌਕੇ 'ਤੇ ਮੁਖ ਮੰਤਰੀ ਭਗਵੰਤ ਮਾਨ , ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਅਤੇ ਵਿਧਾਇਕ ਡਾ . ਇਸ਼ਾਂਕ ਕੁਮਾਰ ਦਾ ਸਮੂਹ ਮਹਿਲਾਵਾਂ ਵਲੋਂ ਧੰਨਵਾਦ ਕੀਤਾ ਕਿ ਉਹ ਘਰ-ਗ੍ਰਿਹਸਥੀ ਸੰਭਾਲ ਰਹੀਆਂ ਮਹਿਲਾਵਾਂ ਪ੍ਰਤੀ ਵੀ ਅਗਾਂਹ ਵਧੂ ਸੋਚ ਰੱਖਦੇ ਹੋਏ ਉਹਨਾਂ ਦੇ ਖਾਤਿਆਂ ਵਿਚ 1000-1500 ਦੀ ਰਕਮ ਦੇ ਕੇ ਉਹਨਾਂ ਨੂੰ ਆਰਥਿਕ ਰੂਪ ਵਿਚ ਵੀ ਮਜ਼ਬੂਤੀ ਦੇ ਰਹੇ ਹਨ

ਇਸ ਬੈਠਕ ਵਿਚ ਹਲਕੇ ਦੀਆਂ ਮਹਿਲਾਵਾਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਮਾਨ ਸਰਕਾਰ ਦਾ ਧੰਨਵਾਦ ਕੀਤਾ। ਡਾ ਇਸ਼ਾਂਕ ਨੇ ਹਰ ਪਹੁੰਚੇ ਹੋਏ ਵਿਅਕਤੀ ਦਾ ਧੰਨਵਾਦ ਕੀਤਾ ਅਤੇ ਡਾ ਰਾਜ ਕੁਮਾਰ ਲੋਕ ਸਭਾ ਮੈਂਬਰ ਅਤੇ ਡਾ ਜਤਿੰਦਰ ਦਾ ਵੀ ਖਾਸ ਧੰਨਵਾਦ ਕੀਤਾ ।




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
+447458381111 +447976210161 +919729091243